



# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ






PRGI (RNI) Regd. No. 42354 Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 17 Chief Editor : Chowdhary Prabhjit Singh, Editor : Chhatarpal Singh 98145-32807, Saturday 27 June 2026 Price : 2 Rs. Page : 6

## ਸੂਬੇ ਵਿਚ ਨਸ਼ੇ ਦੀ ਰੋਕਥਾਮ ਲਈ ਪੇਂਡੂਆਂ ਤੇ ਸ਼ਹਿਰਾਂ ਖੇਤਰਾਂ ਵਿਚ ਸਾਂਝੀ ਟਾਸਕ ਫੋਰਸ ਬਣਾਈ ਜਾਵੇਗੀ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, 26 ਜੂਨ**
**-ਮਨੋਜ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਵਿਚ ਨਸ਼ੇ ਦੀ ਰੋਕਥਾਮ ਲਈ ਪੇਂਡੂਆਂ ਤੇ ਸ਼ਹਿਰਾਂ ਖੇਤਰਾਂ ਵਿਚ ਸਾਂਝੀ ਟਾਸਕ ਫੋਰਸ ਬਣਾਈ ਜਾਵੇਗੀ ਜੋ ਨਸ਼ੇ ਦੀ ਵਿਕਰੀ ਨੂੰ ਰੋਕਣ ਅਤ ਇਸ ਦੇ ਕਾਰੋਬਾਰ ਵਿਚ ਲਗੇ ਵਿਅਕਤੀਆਂ ਨੂੰ ਫੜਣ ਲਈ ਵਿਸ਼ੇਸ਼ ਮੁਹਿੰਮ ਚਲਾਏਗੀ। ਇਸ ਟਾਸਕ ਫੋਰਸ ਨੂੰ ਇੰਨ੍ਹਾਂ ਮਜ਼ਬੂਤ ਬਣਾਇਆ ਜਾਵੇਗਾ ਕਿ ਨਸ਼ੇ ਦੇ ਵਪਾਰੀਆਂ ਦੇ ਦਿਲ ਵਿਚ ਇਸ ਨੂੰ ਲੈਕੇ ਇੰਨ੍ਹਾਂ ਡਰ ਪੈਦਾ ਹੋਵੇਗਾ ਕਿ ਉਹ ਇਸ ਕੰਮ ਨੂੰ ਤੋਬਾ ਕਰ ਲੈਣ।



ਮੁੱਖ ਮੰਤਰੀ ਨੇ ਇਹ ਗੱਲ ਅੱਜ ਹਰਿਆਣਾ ਸਿਵਲ ਸਕੱਤਰੇਤ ਵਿਚ ਹਰਿਆਣਾ ਵਿਜਨ-2047 ਦੇ ਤਹਿਤ ਸਮਾਜਿਕ ਨਿਆਂ ਤੇ ਅਧਿਕਾਰਤਾ, ਅਨੁਸੂਚਿਤ ਜਾਤੀਆਂ ਤੇ ਪਿਛੜਾ ਵਰਗ ਭਲਾਈ ਅਤੇ ਅੰਤਯੋਦਯ (ਸੇਵਾ) ਵਿਭਾਗ ਦੇ ਅਗਲੇ 6 ਸਾਲ ਦੇ ਰੋਡਮੈਪ ਤੇ ਕਾਰਜ ਯੋਜਨਾ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਦਿੱਤੀ। ਉਨ੍ਹਾਂ ਨੇ ਵਿਭਾਗ ਤੋਂ ਸਬੰਧਤ ਮੁੱਖ ਮੰਤਰੀ ਐਲਾਨਾਂ, ਬਜਟ ਐਲਾਨਾਂ ਅਤੇ ਸੰਕਲਪ ਪੱਤਰ ਦੇ ਕੰਮਾਂ ਦੀ ਸਮੀਖਿਆ ਦੀ ਵੀ ਸਮਿਖਿਆ ਕੀਤੀ ਅਤੇ ਇਸ ਸਬੰਧੀ ਅਧਿਕਾਰੀਆਂ ਨੂੰ ਲੋੜੀਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਨੇ ਹਾਜਿਰ ਅਧਿਕਾਰੀਆਂ ਨੂੰ ਨਸ਼ੇ ਦੀ ਰੋਕਥਾਮ ਵਿਚ ਸਹਿਯੋਗ ਦੇਣ ਅਤੇ ਪਰਿਵਾਰ, ਸਮਾਜ ਤ ਦੇਸ਼ ਨੂੰ ਨਸ਼ਾਮੁਕਤ ਕਰਨ ਵਿਚ ਸਹਿਯੋਗ ਦੇਣ ਦੀ ਸੁੰਹ ਵੀ ਦਿਵਾਈ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਵਿਚ ਨਸ਼ੇ 'ਤੇ ਪੂਰੀ ਰੋਕ ਲਗਾਉਣ ਲਈ ਇਸ ਦੀ ਵਿਕਰੀ ਦੇ ਨੈਟਵਰਕ ਨੂੰ ਤੋੜਣ ਦੀ ਲੋੜ ਹੈ। ਇਸ ਲਈ ਉਨ੍ਹਾਂ ਨੇ ਸੇਵਾ ਵਿਭਾਗ ਦੀ ਅਗਵਾਈ ਹੇਠ ਪੇਂਡੂ ਪੱਧਰ 'ਤੇ ਸਰਪੰਚ, ਵਾਰਡ ਮੈਂਬਰ, ਬੀਡੀਪੀਓ, ਐਸਐਚਓ ਤੇ ਖੇਤਰ ਵਿਚ ਕੰਮ ਕਰਦੇ ਐਨਜੀਓ ਨੂੰ ਸ਼ਾਮਿਲ ਕਰਦੇ ਹੋਏ ਅਤੇ ਸ਼ਹਿਰੀ ਖੇਤਰ ਵਿਚ ਨਗਰ ਨਿਗਮ ਦੇ ਸਕੱਤਰ, ਵਾਰਡ ਮੈਂਬਰ, ਐਚਐਚਓ ਅਤੇ ਐਨਜੀਓ ਨੂੰ ਸ਼ਾਮਿਲ ਕਰਦੇ ਹੋਏ ਸਾਂਝੀ ਟਾਸਕ ਫੋਰਸ ਬਣਾਉਣ ਦੇ ਨਿਦੇਸ਼ ਦਿੱਤੇ। ਇਹ ਟਾਸਕ ਫੋਰਸ ਅਜਿਹੀ ਥਾਂਵਾਂ ਦੀ ਚੋਣ ਕਰੇਗੀ, ਜਿੱਥੇ ਨਸ਼ੇ ਦੀ ਵਿਕਰੀ ਹੁੰਦੀ ਹੈ ਅਤੇ ਸਖਤੀ ਨਾਲ ਨਸ਼ੇ ਦੀ ਵਪਾਰੀਆਂ ਖਿਲਾਫ ਸਖਤ ਕਰਵਾਈ ਕਰੇਗੀ। ਨਸ਼ੇ ਦੇ ਕਾਰੋਬਰ ਵਿਚ ਲਗੇ ਲੋਕਾਂ ਵਿਚ ਇਸ ਟਾਸਕ ਫੋਰਸ ਦਾ ਡਰ ਹੋਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਾ ਪੀੜਿਤਾਂ ਲਈ ਸੂਬੇ ਵਿਚ ਹੋਰ ਵੱਧ ਨਸ਼ਾ ਮੁਕਤੀ ਕੇਂਦਰ ਤੇ ਰਿਹੈਬਲਿਟੇਸ਼ਨ ਸੈਂਟਰ ਖੋਲ੍ਹੇ ਜਾਣਗੇ। ਨਸ਼ਾ ਮੁਕਤੀ ਕੇਂਦਰ ਵਿਚ ਜੋ ਵਿਅਕਤੀ ਇਲਾਜ ਕਰਵਾਕੇ ਬਾਹਰ ਨਿਕਲਦੇ ਹਨ, ਉਨ੍ਹਾਂ ਦੀ 3 ਮਹੀਨੇ ਤਕ ਖਾਸ ਦੇਖ-ਭਾਲ ਕੀਤੀ ਜਾਵੇ ਅਤੇ ਇਸ ਲਈ ਕੌਸ਼ਲ ਸਿਖਲਾਈ ਅਤੇ ਰੁਜ਼ਗਾਰ ਦੇਣ ਦੀ ਵੀ ਕਾਰਜ ਯੋਜਨਾ ਤਿਆਰ ਕੀਤੀ ਜਾਵੇ। ਨਸ਼ਾ ਪੀੜਿਤਾਂ ਨਾਲ ਦੋਸਤਾਨਾਂ ਸਬੰਧ ਬਣਾ ਕੇ ਇੰਨ੍ਹਾਂ ਨੂੰ ਫਿਰ ਤੋਂ ਸਮਾਜ ਦੀ ਮੁੱਖ ਧਾਰਾ ਵਿਚ ਸ਼ਾਮਿਲ ਕਰਕੇ ਹੀ ਅਸੀਂ ਆਦਰਸ਼ ਸਮਾਜ ਬਣਾ ਸਕਦੇ ਹਾਂ।

ਸੇਵਾ ਵਿਭਾਗ ਦੀ ਵਧੀਕ ਮੁੱਖ ਸਕੱਤਰ ਸ੍ਰੀਮਤੀ ਜੀ.ਅਨੁਪਮਾ ਨੇ ਦਸਿਆ ਕਿ ਸੂਬੇ ਵਿਚ 119 ਨਸ਼ਾ ਮੁਕਤੀ ਕੇਂਦਰ, 29 ਰਿਹੈਬਲੀਟੇਸ਼ਨ ਸੈਂਟਰ ਅਤੇ 2 ਮਨੋਰੋਗ ਹਸਪਤਾਲ ਚਲ ਰਹੇ ਹਨ। ਕੁਰੂਕਸ਼ੇਤਰ ਵਿਚ ਪੀਪੀਪੀ ਮੋਡ 'ਤੇ ਇਕ ਰਿਹੈਬਲੀਟੇਸ਼ਨ ਸੈਂਟਰ ਸ਼ੁਰੂ ਕੀਤਾ ਜਾਵੇਗਾ। ਨਸ਼ਾ ਮੁਕਤੀ ਲਈ ਵਿਭਾਗ ਨੇ ਡ੍ਰਗ ਐਡਿਕਸ ਨਿਗਰਾਨੀ ਸਿਸਟਮ ਵੀ ਬਣਾਇਆ ਗਿਆ ਹੈ ਤਾਂ ਜੋ ਨਸ਼ਾ ਮੁਕਤੀ ਤੋਂ ਬਾਅਦ ਵਿਕਅਤੀ ਦੀ ਪੂਰੀ ਨਿਗਰਾਨੀ ਕੀਤੀ ਜਾ ਸਕੇ ਅਤੇ ਇਹ ਯਕੀਨੀ ਕੀਤਾ ਜਾ ਸਕੇ ਕਿ ਉਹ ਫਿਰ ਤੋਂ ਨਸ਼ੇ ਦਾ ਅਦਾ ਨਾ ਹੋਵੇ। ਉਨ੍ਹਾਂ ਦਸਿਆ ਕਿ ਸੇਵਾ ਵਿਭਾਗ ਸੂਬੇ ਵਿਚ 35 ਤਰ੍ਹਾਂ ਦੀਆਂ ਯੋਜਨਾਵਾਂ ਰਾਹੀਂ ਪਾਤਰ ਵਿਅਕਤੀਆਂ ਤੇ ਪਰਿਵਾਰਾਂ ਨੂੰ ਪੈਨਸ਼ਨ ਸਮੇਤ ਹੋਰ ਮਾਲੀ ਮਦਦ ਦੇ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੈਨਸ਼ਨ ਤੇ ਹੋਰ ਯੋਜਨਾਵਾਂ ਦੇ ਪਾਤਰਾਂ ਲਈ ਆਪਣੇ ਨਿੱਜੀ ਤੇ ਪਰਿਵਾਰਕ ਵੇਰਵੇ ਵਿਚ ਸੋਧ ਦਾ ਪ੍ਰਵਧਾਨ ਕੀਤਾ ਜਾਵੇ ਤਾਂ ਜੋ ਕੋਈ ਪਾਤਰ ਵਿਅਕਤੀ ਯੋਜਨਾਵਾਂ ਦੇ ਲਾਭ ਤੋਂ ਵਾਂਝਾ ਨਾ ਰਹੇ। ਅਜਿਹੇ ਮਾਡਯੂਲ ਬਣਾਏ ਜਾਣ ਜਿੰਨ੍ਹਾਂ ਰਾਹੀਂ ਕੋਈ ਵਿਅਕਤੀ ਆਪਣੇ ਵੇਰਵੇ ਨੂੰ ਸਹੀ ਕਰਵਾਉਣ ਲਈ ਬਿਨੈ ਕਰ ਸਕੇ। ਇਸ ਦੀ ਤਸਦੀਕ ਲਈ ਹਰੇਕ ਜਿਲਾ ਵਿਚ ਵਧੀਕ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਵੇਰਵੇ ਨੂੰ ਸਹੀ ਕਰਵਾਉਣ ਦਾ ਮੌਕਾ ਦਿੱਤਾ ਜਾਵੇ। ਉਨ੍ਹਾਂ ਨੇ ਪਿਛਲੇ 3 ਮਹੀਨੇ ਵਿਚ 63,000 ਵਾਧੂ ਲਾਭਕਾਰੀਆਂ ਨੂੰ ਪੈਨਸ਼ਨ ਨਾਲ ਜੋੜਣ 'ਤੇ ਖੁਸ਼ੀ ਪ੍ਰਗਟਾਈ।

ਦਿਵਯਾਂਗ ਬੱਚਿਆਂ ਨੂੰ ਦਿੱਤੀ ਜਾ ਰਹੀ ਸਹੂਲਤਾਂ ਦੀ ਸਮੀਖਿਆ ਦੌਰਾਨ ਮੁੱਖ ਮੰਤਰੀ ਨੇ ਦਸਿਆ ਕਿ ਸੂਬੇ ਵਿਚ ਦਿਵਯਾਂਗ ਬੱਚਿਆਂ ਲਈ ਕੰਮ ਕਰ ਹੀ ਸੰਸਥਾਵਾਂ ਦਾ ਰਜਿਸਟਰੇਸ਼ਨ ਹੋਣਾ ਚਾਹੀਦਾ ਹੈ, ਇਸ ਲਈ ਇਕ ਨੀਤੀ ਤਿਆਰ ਕੀਤੀ ਜਾਵੇ ਤਾਂ ਜੋ ਚੰਗਾ ਕੰਮ ਕਰਨ ਵਾਲੀ ਸੰਸਥਾਵਾਂ ਨੂੰ ਗ੍ਰਾਂਟ ਦਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸਾਰੇ ਦਿਵਯਾਂਗਜਨਾਂ ਨੂੰ ਸਰਕਾਰੀ ਵਿਭਾਗਾਂ ਦੀ ਨੌਕਰੀਆਂ ਵਿਚ ਨਿਰਧਾਰਿਤ ਰਾਂਖਵੇਂ ਦਾ ਲਾਭ ਦਿੱਤਾ ਜਾਵੇਗਾ। ਸ੍ਰੀ ਸੈਣੀ ਨੇ ਸੀਨੀਅਰ ਨਾਗਕਿਰਾਂ ਦੇ ਜੀਵਨ ਨੂੰ ਆਸਾਨ ਬਣਾਉਣ ਲਈ ਹਰੇਕ ਜਿਲੇ ਵਿਚ ਇਕ ਸੀਨੀਅਰ ਸਿਟੀਜਨ ਕਲਬ ਬਣਾਉਣ ਦੇ ਆਦੇਸ਼ ਦਿੱਤੇ, ਜਿਥੇ ਬਜੁਰਗਾਂ ਲਈ ਬੈਠਣ, ਆਰਾਮ ਕਰਨ ਤੇ ਖੇਡ ਸਮੇਤ ਸਾਇਕੋਲੋਜਿਸਟ ਤੇ ਫਿਜੀਓਥੈਰੇਪਿਸਟ ਦੀ ਵੀ ਸਹੂਲਤ ਹੋਵੇ। ਬਜੁਰਗਾਂ ਦੇ ਦੇਖਭਾਲ ਲਈ ਕੇਅਰ ਗਿਵਰਸ ਤਿਆਰ ਕਰਨ ਦੇ ਆਦੇਸ਼ ਵੀ ਦਿੱਤੇ। ਮੁੱਖ ਮੰਤਰੀ ਨੇ ਅਨੁਸੂਚਿਤ ਜਾਤੀ, ਪਿਛੜਾ ਵਰਗ ਅਤੇ ਈਡਬਲਯੂਐਸ ਸ਼੍ਰੇਣੀ ਦੇ ਬੱਚਿਆਂ ਨੂੰ ਦਿੱਤੇ ਜਾਣ ਵਾਲੇ ਵਜੀਫੇ ਦੇ ਵੰਡ ਦੀ ਸਮੀਖਿਆ ਕਰਦੇ ਹੋਏ ਕਿਹਾ ਕਿ ਹੁਣ ਪਾਤਰ ਵਿਦਿਆਰਥੀਆਂ ਲਈ ਬਿਨੈ ਤੇ ਇਸ ਦੀ ਤਸਦੀਕ ਦਾ ਕੰਮ ਆਨਲਾਇਨ ਕਰ ਦਿੱਤਾ ਗਿਆ ਹੈ, ਜਿਸ ਦੇ ਚਲਦੇ ਹੁਣ ਵਿਦਿਆਰਥੀਆਂ ਨੂੰ ਤੁਰੰਤ ਵਜੀਫਾ ਮਿਲਣ ਲਗ ਪਿਆ ਹੈ। ਉਨ੍ਹਾਂ ਕਿਹਾ ਕਿ ਸਾਰੇ ਜਿਲ੍ਹਿਆਂ ਵਿਚ ਵਿਦਿਆਰਥੀਆਂ ਲਈ ਹੋਸਟਲ ਸ਼ੁਰੂ ਕਰਵਾਏ ਜਾਣ ਤਾਂ ਜੋ ਸ਼ਹਿਰ ਵਿਚ ਆਕੇ ਪੜ੍ਹ ਵਾਲੇ ਦੂਰਦਰਾਡੇ ਦੇ ਵਿਦਿਆਰਥੀਆਂ ਨੂੰ ਰਹਿਣ ਤੇ ਖਾਣ ਦੀ ਸਮੱਸਿਆਵਾਂ ਦਾ ਸਾਹਮਣਾ ਨਾ ਕਰਨਾ ਪਏ ਅਤੇ ਉਨ੍ਹਾਂ ਦੀ ਪੜ੍ਹਾਈ ਵਿਚ ਕੋਈ ਮੁਸ਼ਕਲ ਨਾ ਆਵੇ।

ਮੁੱਖ ਮੰਤਰੀ ਨੇ ਲਾਡੋ ਲਛਮੀ ਯੋਜਨਾ ਦੀ ਸਮਿਖਿਆ ਕਰਦੇ ਹੋਏ ਕਿਹਾ ਕਿ ਇਸ ਯੋਜਨਾ ਦਾ ਫਾਇਦਾ ਲੈਣ ਵਾਲੀ ਮਹਿਲਾਵਾਂ ਨੂੰ ਮਿਲ ਰਹੀ ਪੈਨਸ਼ਨ ਆਦਿ ਹੋਰ ਕਿਸੇ ਸਹੂਲਤ 'ਤੇ ਕੋਈ ਫਰਕ ਨਹੀਂ ਪਏਗਾ। ਪਿਛਲੇ ਸਾਲ ਇਸ ਯੋਜਨਾਂ ਦਾ ਬਜਟ 5000 ਕਰੋੜ ਸੀ, ਜਿਸ ਨੂੰ ਵੱਧਾ ਕੇ 6500 ਕਰੋੜ ਕਰ ਦਿੱਤਾ ਗਿਆ ਹੈ। ਸ੍ਰੀ ਨਾਇਬ ਸਿੰਘ ਸੈਣੀ ਨੇ ਮੁੱਖ ਮੰਤਰੀ ਐਲਾਨਾਂ ਅਨੁਸਾਰ ਸਿਰਸਾ ਵਿਚ ਸੰਤ ਸਰਸਾਈ ਨਾਥ ਮੈਡੀਕਲ ਕਾਲਜ ਵਿਚ ਵੱਖ ਤੋਂ 100 ਬਿਸਤਰਿਆਂ ਦੇ ਨਸ਼ਾ ਮੁਕਤੀ ਕੇਂਦਰ ਦੀ ਸਥਾਪਨਾ ਕਰਨ, ਡਬਵਾਲੀ ਦੇ ਨਸ਼ਾ ਮੁਕਤੀ ਕੇਂਦਰ ਦੇ ਬਿਸਤਰਿਆਂ ਦੀ ਗਿਣਤੀ 10 ਤੋਂ ਵੱਧਾ ਕੇ 30 ਕਰਨ, ਏਲਨਾਬਾਦ ਵਿਚ 20 ਬੈਡ ਦਾ ਨਸ਼ਾ ਮੁਕਤੀ ਕੇਂਦਰ ਸਥਾਪਿਤ ਕਰਨ ਅਤੇ ਸਮਸਪੁਰ ਵਿਚ ਸਮਰਿਧ ਸੇਵਾ ਆਸ਼ਰਮ ਦੇ ਨਿਰਮਾਣ ਸਬੰਧੀ ਕੰਮਾਂ ਦੀ ਸਮੀਖਿਆ ਕੀਤੀ।

ਮੁੱਖ ਮੰਤਰੀ ਨੇ ਲਾਡੋ ਲਕਸ਼ਮੀ ਯੋਜਨਾ ਤੋਂ ਇਲਾਵਾ, ਪੈਨਸ਼ਨ ਨੂੰ ਮਹਿੰਗਾਈ ਅਨੁਸਾਰ ਵੱਧਾਉਣ, ਪਿਛਲੀ ਜਾਤੀਆਂ ਲਈ ਭਲਾਈ ਬੋਰਡ ਦੇ ਗਠਨ, ਪਿਛੜੇ ਵਰਗ ਦੇ ਉਦਮਿਆਂ ਨੂੰ ਕਰਜ਼ੇ 'ਤੇ ਗਰੰਟੀ ਦੇਣ, ਮੁੱਖ ਮੰਤਰੀ ਵਿਆਹ ਸ਼ਗੁਨ ਯੋਜਨਾ, ਵਜੀਫਾ ਯੋਜਨਾਵਾਂ ਵਿਚ ਪਰਿਵਾਰ ਦੀ ਆਮਦਨ ਸੀਮਾ ਨੂੰ ਵੱਧਾਉਣ ਸਮੇਤ ਹੋਰ ਸੰਕਲਪਾਂ ਦੀ ਹੋਰ ਇੰਨ੍ਹਾਂ ਦੇ ਲਾਗੂਕਰਨ ਸਬੰਧ ਵਿਚ ਲੋੜੀਦੇ ਆਦੇਸ਼ ਦਿੱਤੇ।

ਇਸ ਮੌਕੇ 'ਤੇ ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਰੁਣ ਕੁਮਾਰ ਗੁਪਤਾ, ਸੇਵਾ ਵਿਭਾਗ ਦੀ ਵਧੀਕ ਮੁੱਖ ਸਕੱਤਰ ਸ੍ਰੀਮਤੀ ਜੀ.ਅਨੁਪਾ ਤੋਂ ਇਲਾਵਾ ਸੀਨੀਅਰ ਅਧਿਕਾਰੀ ਹਾਜਿਰ ਸਨ।

## ਬਿਜਲੀ ਸਪਲਾਈ ਸਨਮਾਨ ਨਾਲ ਜਿਊਣ ਦੇ ਅਧਿਕਾਰ ਦਾ ਅਨਿੱਖੜਵਾਂ ਅੰਗ; ਕੋਈ ਵੀ ਨਾਗਰਿਕ ਬਿਜਲੀ ਤੋਂ ਬਿਨਾਂ ਨਹੀਂ ਰਹਿ ਸਕਦਾ: ਹਾਈ ਕੋਰਟ

### ਬਿਨਾਂ ਨੋਟਿਸ ਜਾਂ ਸੁਣਵਾਈ ਦਾ ਮੌਕਾ ਦਿੱਤੇ ਬਿਜਲੀ ਕੱਟਣਾ ਕੁਦਰਤੀ ਨਿਆਂ ਦੇ ਸਿਧਾਂਤਾਂ ਦੇ ਖ਼ਿਲਾਫ਼; ਲੁਧਿਆਣਾ ਦੇ ਜਗਰਾਉਂ 'ਚ 15 ਕਨੈਕਸ਼ਨ ਤੁਰੰਤ ਬਹਾਲ ਕਰਨ ਦੇ ਹੁਕਮ

**ਚੰਡੀਗੜ੍ਹ, 26 ਜੂਨ**
**- ਸ਼.ਅ.ਬਿਓਰੋ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਇੱਕ ਇਤਿਹਾਸਕ ਫੈਸਲਾ ਸੁਣਾਉਂਦਿਆਂ ਸਾਫ਼ ਕਰ ਦਿੱਤਾ ਹੈ ਕਿ ਦੇਸ਼ ਦੇ ਕਿਸੇ ਵੀ ਨਾਗਰਿਕ ਤੋਂ ਬਿਜਲੀ ਜਾਂ ਪਾਣੀ ਵਰਗੀਆਂ ਬੁਨਿਆਦੀ ਲੋੜਾਂ ਤੋਂ ਬਿਨਾਂ ਜਿਊਣ ਦੀ ਉਮੀਦ ਨਹੀਂ ਕੀਤੀ ਜਾ ਸਕਦੀ, ਕਿਉਂਕਿ ਇਹ ਦੋਵੇਂ ਮਨੁੱਖੀ ਹੋਂਦ ਲਈ ਬੇਹੱਦ ਲਾਜ਼ਮੀ ਹਨ। ਅਦਾਲਤ ਨੇ ਨਿਰਦੇਸ਼ ਦਿੱਤੇ ਹਨ ਕਿ ਬੁਨਿਆਦੀ ਸਹੂਲਤਾਂ ਦਾ ਸੁਖ ਮਾਣਨ ਅਤੇ ਸਨਮਾਨਜਨਕ ਜੀਵਨ ਬਤੀਤ ਕਰਨ ਲਈ ਬਿਜਲੀ ਦਾ ਕਨੈਕਸ਼ਨ ਹੋਣਾ ਕਾਨੂੰਨੀ ਤੌਰ 'ਤੇ ਬੇਹੱਦ ਜ਼ਰੂਰੀ ਹੈ।




ਜਸਟਿਸ ਵਿਕਾਸ ਬਹਿਲ ਦੇ ਸਿੰਗਲ ਬੈਂਚ ਨੇ ਇਹ ਵੀ ਸਪੱਸ਼ਟ ਕੀਤਾ ਕਿ ਬਿਜਲੀ ਦੀ ਸਪਲਾਈ ਨੂੰ ਕੁਦਰਤੀ ਨਿਆਂ ਦੇ ਸਿਧਾਂਤਾਂ ਦੀ ਪਾਲਣਾ ਕੀਤੇ ਬਿਨਾਂ ਅਚਾਨਕ ਬੰਦ ਨਹੀਂ ਕੀਤਾ ਜਾ ਸਕਦਾ। ਹਾਈ ਕੋਰਟ ਨੇ ਇਹ ਸਖ਼ਤ ਟਿੱਪਣੀ ਲੁਧਿਆਣਾ ਜ਼ਿਲ੍ਹੇ ਦੇ ਜਗਰਾਉਂ ਵਿਖੇ ਸਥਿਤ ਇੱਕ ਕਮਰਸ਼ੀਅਲ ਕੰਪਲੈਕਸ ਦੇ ਕੱਟੇ ਗਏ 15 ਬਿਜਲੀ ਕਨੈਕਸ਼ਨਾਂ ਨੂੰ ਤੁਰੰਤ ਬਹਾਲ ਕਰਨ ਦੇ ਹੁਕਮ ਜਾਰੀ ਕਰਦਿਆਂ ਕੀਤੀ।

ਅਦਾਲਤ ਨੇ ਪਾਵਰ ਕਾਰਪੋਰੇਸ਼ਨ ਦੇ ਅਧਿਕਾਰੀਆਂ ਦੀ ਕਾਰਵਾਈ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਬਿਨਾਂ ਕੋਈ ਕਾਰਨ ਦੱਸੋ (ਸ਼ੋਅ-ਕਾਜ਼) ਨੋਟਿਸ ਜਾਰੀ ਕੀਤੇ ਜਾਂ ਪੀੜਤ ਪੱਖ ਨੂੰ ਸੁਣਵਾਈ ਦਾ ਮੌਕਾ ਦਿੱਤੇ ਬਿਨਾਂ ਬਿਜਲੀ ਕੱਟਣਾ, ਪਹਿਲੀ ਨਜ਼ਰੇ ਕਾਨੂੰਨ ਦੇ ਨਿਯਮਾਂ ਦੇ ਉਲਟ ਅਤੇ ਕੁਦਰਤੀ ਨਿਆਂ ਦੇ ਸਿਧਾਂਤਾਂ ਦੀ ਸਿੱਧੀ ਉਲੰਘਣਾ ਹੈ। ਅਦਾਲਤ ਨੇ ਕਿਹਾ ਕਿ ਸਿਰਫ਼ ਇਸੇ ਇੱਕ ਨੁਕਤੇ ਦੇ ਅਧਾਰ 'ਤੇ ਅਧਿਕਾਰੀਆਂ ਦੀ ਇਸ ਕਾਰਵਾਈ ਨੂੰ ਗ਼ੈਰ-ਕਾਨੂੰਨੀ ਮੰਨਿਆ ਜਾਂਦਾ ਹੈ।

ਇਹ ਮਾਮਲਾ ਜਗਰਾਉਂ ਵਿੱਚ ਇੱਕ ਕਾਰੋਬਾਰੀ ਕੰਪਲੈਕਸ ਚਲਾਉਣ ਵਾਲੇ ਮੋਹਿਤ ਮਲਹੋਤਰਾ ਅਤੇ ਹੋਰਾਂ ਵੱਲੋਂ ਪੰਜਾਬ ਸਰਕਾਰ ਤੇ ਪਾਵਰ ਕਾਰਪੋਰੇਸ਼ਨ ਖ਼ਿਲਾਫ਼ ਦਾਇਰ ਪਟੀਸ਼ਨ 'ਤੇ ਸਾਹਮਣੇ ਆਇਆ ਹੈ। ਪਟੀਸ਼ਨਰਾਂ ਨੇ ਅਦਾਲਤ ਨੂੰ ਦੱਸਿਆ ਕਿ ਉਨ੍ਹਾਂ ਨੇ ਨਵੰਬਰ 2025 ਵਿੱਚ ਆਪਣੇ ਕੰਪਲੈਕਸ ਦੀਆਂ ਦੁਕਾਨਾਂ ਲਈ 15 ਵੱਖ-ਵੱਖ ਵਪਾਰਕ ਬਿਜਲੀ ਕਨੈਕਸ਼ਨਾਂ ਲਈ ਅਪਲਾਈ ਕੀਤਾ ਸੀ। ਨਿਰਧਾਰਤ ਸਰਕਾਰੀ ਪ੍ਰਕਿਰਿਆ ਪੂਰੀ ਹੋਣ, ਸੁਰੱਖਿਆ ਫੀਸ ਜਮ੍ਹਾਂ ਕਰਵਾਉਣ ਅਤੇ ਮੀਟਰ ਲੱਗਣ ਤੋਂ ਬਾਅਦ ਬਿਜਲੀ ਸਪਲਾਈ ਚਾਲੂ ਕਰ ਦਿੱਤੀ ਗਈ ਸੀ।

ਪਟੀਸ਼ਨਰਾਂ ਮੁਤਾਬਕ ਇਹ ਕਨੈਕਸ਼ਨ ਕਰੀਬ ਛੇ ਮਹੀਨਿਆਂ ਤੱਕ ਸਹੀ ਤਰੀਕੇ ਨਾਲ ਚੱਲਦੇ ਰਹੇ ਅਤੇ ਉਹ ਨਿਯਮਿਤ ਤੌਰ 'ਤੇ ਆਪਣੇ ਬਿਜਲੀ ਬਿੱਲਾਂ ਦਾ ਭੁਗਤਾਨ ਕਰ ਰਹੇ ਸਨ। ਪਾਵਰ ਕਾਰਪੋਰੇਸ਼ਨ ਵੀ ਬਿਨਾਂ ਕਿਸੇ ਇਤਰਾਜ਼ ਦੇ ਬਿੱਲ ਜਾਰੀ ਕਰ ਰਹੀ ਸੀ। ਪਰ ਬੀਤੇ ਦਿਨੀਂ ਅਧਿਕਾਰੀਆਂ ਨੇ ਅਚਾਨਕ ਦੌਰੇ ਦੌਰਾਨ, ਬਿਨਾਂ ਕੋਈ ਲਿਖਤੀ ਨੋਟਿਸ ਦਿੱਤੇ ਜਾਂ ਕੋਈ ਕਾਰਨ ਦੱਸੇ, ਸਾਰੇ 15 ਕਨੈਕਸ਼ਨ ਕੱਟ ਦਿੱਤੇ। ਸੁਣਵਾਈ ਦੌਰਾਨ ਸਰਕਾਰੀ ਪੱਖ ਵੀ ਅਦਾਲਤ ਅੱਗੇ ਇਹ ਸਾਬਤ ਨਹੀਂ ਕਰ ਸਕਿਆ ਕਿ ਬਿਜਲੀ ਕੱਟਣ ਤੋਂ ਪਹਿਲਾਂ ਕੋਈ ਨੋਟਿਸ ਦਿੱਤਾ ਗਿਆ ਸੀ।

ਜਸਟਿਸ ਬਹਿਲ ਨੇ ਦਿੱਲੀ ਹਾਈ ਕੋਰਟ ਦੇ ਇੱਕ ਡਿਵੀਜ਼ਨ ਬੈਂਚ ਦੇ ਪੁਰਾਣੇ ਫੈਸਲੇ ਦਾ ਹਵਾਲਾ ਦਿੱਤਾ, ਜਿਸ ਵਿੱਚ ਕਿਹਾ ਗਿਆ ਸੀ ਕਿ ਪਾਣੀ ਅਤੇ ਬਿਜਲੀ ਦੇ ਅਧਿਕਾਰ ਨੂੰ ਖ਼ਤਮ ਨਹੀਂ ਕੀਤਾ ਜਾ ਸਕਦਾ ਅਤੇ ਕੋਈ ਵੀ ਮਨੁੱਖ ਬੁਨਿਆਦੀ ਸਹੂਲਤਾਂ ਤੋਂ ਬਿਨਾਂ ਸਨਮਾਨਜਨਕ ਜੀਵਨ ਨਹੀਂ ਜੀ ਸਕਦਾ। ਇਨ੍ਹਾਂ ਸਿਧਾਂਤਾਂ ਨੂੰ ਮੌਜੂਦਾ ਕੇਸ 'ਤੇ ਪੂਰੀ ਤਰ੍ਹਾਂ ਲਾਗੂ ਕਰਦਿਆਂ ਹਾਈ ਕੋਰਟ ਨੇ ਪਟੀਸ਼ਨਰਾਂ ਨੂੰ ਅੰਤਰਿਮ ਰਾਹਤ ਦਿੱਤੀ ਹੈ। ਅਦਾਲਤ ਨੇ ਅਧਿਕਾਰੀਆਂ ਨੂੰ ਤਿੰਨ ਦਿਨਾਂ ਦੇ ਅੰਦਰ-ਅੰਦਰ ਬਿਜਲੀ ਸਪਲਾਈ ਬਹਾਲ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ ਹਨ ਅਤੇ ਪਟੀਸ਼ਨਰਾਂ ਨੂੰ ਭਵਿੱਖ ਦੇ ਬਿੱਲ ਨਿਯਮਿਤ ਤੌਰ 'ਤੇ ਜਮ੍ਹਾਂ ਕਰਵਾਉਣ ਲਈ ਕਿਹਾ ਹੈ।

## ਮੁੱਖ ਮੰਤਰੀ ਵੀਡੀਓ ਵਿਵਾਦ 'ਚ ਨਵਾਂ ਮੋੜ: ਜਗਮਨ ਸਮਰਾ ਦਾ ਦਾਅਵਾ- ਰਾਜਸਭਾ ਮੈਂਬਰ ਸਵਾਤੀ ਮਾਲੀਵਾਲ ਨੇ ਭੇਜੀ ਸੀ ਵੀਡੀਓ

### ਪੰਜਾਬ ਦੀਆਂ ਵਿਰੋਧੀ ਸਿਆਸੀ ਧਿਰਾਂ ਦੇ ਆਗੂਆਂ ਵੱਲੋਂ ਜਗਮਨ ਸਮਰਾ ਦੀ ਵੀਡੀਓ ਨੂੰ ਸੋਸ਼ਲ ਮੰਚਾਂ 'ਤੇ ਸਾਂਝਾ ਕੀਤਾ

**ਚੰਡੀਗੜ੍ਹ, 26 ਜੂਨ**
**- ਸ਼.ਅ.ਬਿਓਰੋ-**

ਮੁੱਖ ਮੰਤਰੀ ਭਗਵੰਤ ਮਾਨ ਦੀ ਵਿਵਾਦਿਤ ਵੀਡੀਓ ਦੇ ਮਾਮਲੇ 'ਚ ਹੁਣ ਰਾਜ ਸਭਾ ਮੈਂਬਰ ਸਵਾਤੀ ਮਾਲੀਵਾਲ ਦੀ ਗੂੰਜ ਪਈ ਹੈ। ਕੈਨੇਡਾ 'ਚ ਬੈਠੇ ਜਗਮਨ ਸਮਰਾ ਨੇ ਸੋਸ਼ਲ ਮੀਡੀਆ 'ਤੇ 4.57 ਮਿੰਟ ਦੀ ਇੱਕ ਵੀਡੀਓ ਸਾਂਝੀ ਕੀਤੀ ਹੈ ਜਿਸ 'ਚ ਉਸ ਨੇ 'ਆਪ' ਚੋਂ ਭਾਜਪਾ 'ਚ ਸ਼ਾਮਲ ਹੋਈ ਰਾਜ ਸਭਾ ਮੈਂਬਰ ਸਵਾਤੀ ਮਾਲੀਵਾਲ ਦਾ ਜ਼ਿਕਰ ਕੀਤਾ ਹੈ। ਮਈ 2024 'ਚ ਸਵਾਤੀ ਮਾਲੀਵਾਲ ਨੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਦੇ ਪੀ ਏ 'ਤੇ ਕੁੱਟਮਾਰ ਦੇ ਇਲਜ਼ਾਮ ਲਗਾਏ ਸਨ ਅਤੇ ਪੁਲੀਸ ਕੋਲ ਸ਼ਿਕਾਇਤ ਦਰਜ ਕਰਾਈ ਸੀ।



ਪਰਵਾਸੀ ਭਾਰਤੀ ਜਗਮਨ ਸਮਰਾ ਨੇ ਅੱਜ ਸਾਂਝੀ ਕੀਤੀ ਵੀਡੀਓ 'ਚ ਕਿਹਾ ਕਿ ਸਵਾਤੀ ਮਾਲੀਵਾਲ ਨੇ ਅਰਵਿੰਦ ਕੇਜਰੀਵਾਲ ਦੇ ਘਰ ਹੋਈ ਕੁੱਟਮਾਰ ਅਤੇ ਅਪਮਾਨ ਤੋਂ ਰੋਹ 'ਚ ਆ ਕੇ ਵੀਡੀਓਜ਼ ਲੀਕ ਕੀਤੀਆਂ ਹੈ। ਸਮਰਾ ਨੇ ਇੱਕ ਤਰੀਕੇ ਨਾਲ ਵਾਇਰਲ ਵੀਡੀਓ ਦੇ ਲੀਕ ਹੋਣ 'ਚ ਮਾਲੀਵਾਲ ਦੀ ਭੂਮਿਕਾ ਦੱਸੀ ਹੈ। ਸਮਰਾ ਨੇ ਇਹ ਵੀ ਕਿਹਾ ਕਿ ਸਵਾਤੀ ਮਾਲੀਵਾਲ ਵੱਲੋਂ ਹੋਰ ਵੀਡੀਓਜ ਵੀ ਭੇਜੀਆਂ ਗਈਆਂ ਹਨ। ਚੇਤੇ ਰਹੇ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਲੰਘੇ ਕੱਲ੍ਹ ਵਿਵਾਦਿਤ ਵੀਡੀਓ ਮਾਮਲੇ 'ਚ ਜਗਮਨ ਸਮਰਾ ਨੂੰ ਘੇਰਿਆ ਸੀ।

**ਜਗਮਨ ਸਮਰਾ ਨੇ ਨਕਾਰੀ ਨਕਲੀ ਮਾਸਕ ਵਾਲੀ ਗੱਲ**

ਮੁੱਖ ਮੰਤਰੀ ਨੇ ਜਗਮਨ ਸਮਰਾ ਦੀ ਨਕਲੀ ਮਾਸਕ ਨਾਲ ਇੱਕ ਵੀਡੀਓ ਵੀ ਸਾਂਝੀ ਕੀਤੀ ਸੀ ਅਤੇ ਵਿਵਾਦਿਤ ਵੀਡੀਓ ਨੂੰ ਨਕਲੀ ਮਾਸਕ ਪਾ ਕੇ ਤਿਆਰ ਕੀਤੇ ਜਾਣ ਦੀ ਗੱਲ ਸੀ। ਅੱਜ ਜਗਮਨ ਸਮਰਾ ਨੇ ਨਕਲੀ ਮਾਸਕ ਵਾਲੀ ਗੱਲ ਨੂੰ ਨਕਾਰ ਦਿੱਤਾ ਹੈ। ਅੱਜ ਦੀ ਵੀਡੀਓ 'ਚ ਸਮਰਾ ਨੇ ਮੁੱਖ ਮੰਤਰੀ ਨਾਲ ਪੁਰਾਣੀ ਸਾਂਝ ਹੋਣ ਦਾ ਜ਼ਿਕਰ ਵੀ ਕੀਤਾ ਹੈ। ਸਮਰਾ ਨੇ ਆਉਂਦੇ ਦਿਨਾਂ 'ਚ ਹੋਰ ਵੀਡੀਓਜ ਵੀ ਨਸ਼ਰ ਹੋਣ ਦਾ ਦਾਅਵਾ ਕੀਤਾ ਹੈ।

**ਵਿਰੋਧੀਆਂ ਵੱਲੋਂ ਸਮਰਾ ਦੀ ਵੀਡੀਓ ਕੀਤੀ ਜਾ ਰਹੀ ਸਾਂਝੀ**

ਹੁਣ ਜਦੋਂ ਸਵਾਤੀ ਮਾਲੀਵਾਲ ਦਾ ਨਾਮ ਵਾਇਰਲ ਵੀਡੀਓ ਨਾਲ ਜਗਮਨ ਸਮਰਾ ਨੇ ਜੋੜ ਦਿੱਤਾ ਹੈ ਤਾਂ ਇਸ ਦੇ ਸਿਆਸੀ ਰੰਗ ਵੀ ਆਉਂਦੇ ਦਿਨਾਂ 'ਚ ਉੱਘੜਨਗੇ। ਪੰਜਾਬ ਦੀਆਂ ਵਿਰੋਧੀ ਸਿਆਸੀ ਧਿਰਾਂ ਦੇ ਆਗੂਆਂ ਵੱਲੋਂ ਅੱਜ ਜਗਮਨ ਸਮਰਾ ਦੀ ਵੀਡੀਓ ਨੂੰ ਸੋਸ਼ਲ ਮੰਚਾਂ 'ਤੇ ਸਾਂਝਾ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਰਾਜ ਸਭਾ ਮੈਂਬਰ ਰਾਘਵ ਚੱਢਾ ਨੇ ਵੀ ਵਿਵਾਦਿਤ ਵੀਡੀਓ ਨੂੰ ਲੈ ਕੇ ਕਾਰਵਾਈ ਦੀ ਮੰਗ ਕੀਤੀ ਸੀ। ਸਮਰਾ ਵੱਲੋਂ ਸਵਾਤੀ ਮਾਲੀਵਾਲ ਦਾ ਹਵਾਲਾ ਦਿੱਤੇ ਜਾਣ ਤੋਂ ਹੁਣ ਇਹ ਮਾਮਲਾ ਨਵਾਂ ਮੋੜਾ ਲੈਣ ਲੱਗਿਆ ਹੈ।

ਹਾਲਾਂਕਿ ਸਮਰਾ ਦੇ ਦਾਅਵੇ 'ਤੇ ਸਵਾਤੀ ਮਾਲੀਵਾਲ ਨੇ ਹਾਲੇ ਤੱਕ ਆਪਣਾ ਕੋਈ ਪੱਖ ਨਹੀਂ ਰੱਖਿਆ ਹੈ ਪ੍ਰੰਤੂ ਵਿਵਾਦਿਤ ਵੀਡੀਓ ਨੂੰ ਲੈ ਕੇ ਕੋਈ ਸਿਆਸੀ ਖਿਚੜੀ ਰਿੱਝਣ ਵੱਲ ਜ਼ਰੂਰ ਇਸ਼ਾਰਾ ਜਾਪਦਾ ਹੈ। ਚੇਤੇ ਰਹੇ ਕਿ ਜਗਮਨ ਸਮਰਾ 'ਤੇ 28 ਨਵੰਬਰ 2020 ਨੂੰ ਫ਼ਿਰੋਜ਼ਪੁਰ 'ਚ 65 ਲੱਖ ਦੀ ਧੋਖਾਧੜੀ ਦਾ ਮਾਮਲਾ ਦਰਜ ਹੋਇਆ ਸੀ ਅਤੇ ਉਹ ਇਸ ਸਬੰਧ 'ਚ ਫ਼ਰੀਦਕੋਟ ਜੇਲ੍ਹ 'ਚ ਬੰਦ ਸੀ। ਉਸ ਵਕਤ ਜੇਲ੍ਹ ਸਟਾਫ਼ ਨੂੰ ਚਕਮਾ ਦੇ ਕੇ ਸਮਰਾ ਫ਼ਰਾਰ ਹੋ ਗਿਆ ਸੀ।

## ਰਾਮ ਮੰਦਰ ਚੜ੍ਹਾਵਾ ਵਿਵਾਦ: ਚੰਪਤ ਰਾਏ ਤੇ ਅਨਿਲ ਮਿਸ਼ਰਾ ਵੱਲੋਂ ਅਸਤੀਫ਼ੇ ਦੀ ਪੇਸ਼ਕਸ਼; ਟਰੱਸਟ ਲਵੇਗਾ ਅੰਤਿਮ ਫੈਸਲਾ

**ਨਵੀਂ ਦਿੱਲੀ, 26 ਜੂਨ**
**-ਚੌਧਰੀ ਪ੍ਰਭਜੀਤ ਸਿੰਘ-**

ਅਯੁੱਧਿਆ ਦੇ ਰਾਮ ਮੰਦਰ ਵਿੱਚ ਸ਼ਰਧਾਲੂਆਂ ਵੱਲੋਂ ਚੜ੍ਹਾਏ ਗਏ ਚੜ੍ਹਾਵੇ ਵਿੱਚ ਕਥਿਤ ਹੇਰਾਫ਼ੇਰੀ ਦੇ ਮਾਮਲੇ ਨੇ ਅੱਜ ਉਸ ਵੇਲੇ ਵੱਡਾ ਮੋੜ ਲੈ ਲਿਆ, ਜਦੋਂ ਸ਼੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੇ ਜਨਰਲ ਸਕੱਤਰ ਚੰਪਤ ਰਾਏ ਨੇ ਆਪਣੇ ਅਹੁਦੇ ਤੋਂ ਅਸਤੀਫ਼ੇ ਦੀ ਪੇਸ਼ਕਸ਼ ਕਰ ਦਿੱਤੀ। ਭਰੋਸੇਯੋਗ ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ, ਚੰਪਤ ਰਾਏ ਦੇ ਬੇਹੱਦ ਨਜ਼ਦੀਕੀ ਮੰਨੇ ਜਾਂਦੇ ਟਰੱਸਟ ਦੇ ਮੈਂਬਰ ਅਨਿਲ ਮਿਸ਼ਰਾ ਨੇ ਵੀ ਆਪਣਾ ਅਸਤੀਫ਼ਾ ਟਰੱਸਟ ਨੂੰ ਭੇਜ ਦਿੱਤਾ ਹੈ। ਹਾਲਾਂਕਿ, ਟਰੱਸਟ ਵੱਲੋਂ ਅਜੇ ਤੱਕ ਇਨ੍ਹਾਂ ਅਸਤੀਫ਼ਿਆਂ ਬਾਰੇ ਕੋਈ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ ਹੈ ਅਤੇ ਇਸ 'ਤੇ ਅੰਤਿਮ ਫੈਸਲਾ ਟਰੱਸਟ ਵੱਲੋਂ ਹੀ ਲਿਆ ਜਾਵੇਗਾ।

ਇਹ ਵੱਡਾ ਕਦਮ ਉੱਤਰ ਪ੍ਰਦੇਸ਼ ਸਰਕਾਰ ਵੱਲੋਂ ਗਠਿਤ ਕੀਤੀ ਗਈ ਵਿਸ਼ੇਸ਼ ਜਾਂਚ ਟੀਮ ਦੀਆਂ ਸਿਫ਼ਾਰਸ਼ਾਂ ਅਤੇ ਬੀਤੀ ਰਾਤ ਅੱਠ ਲੋਕਾਂ ਖ਼ਿਲਾਫ਼ ਮੁਕੱਦਮਾ ਦਰਜ ਹੋਣ ਤੋਂ ਬਾਅਦ ਚੁੱਕਿਆ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਐਸਆਈਟੀ ਦੀ ਜਾਂਚ ਦੀ ਤਲਵਾਰ ਲਟਕਣ ਤੋਂ ਬਾਅਦ ਟਰੱਸਟ ਦੇ ਸੀਨੀਅਰ ਅਹੁਦੇਦਾਰਾਂ 'ਤੇ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਅਹੁਦਾ ਛੱਡਣ ਦਾ ਭਾਰੀ ਦਬਾਅ ਬਣ ਗਿਆ ਸੀ।

ਦੂਜੇ ਪਾਸੇ, ਕਈ ਸੱਜੇ-ਪੱਖੀ ਜਥੇਬੰਦੀਆਂ ਨੇ ਇਸ ਗੱਲ 'ਤੇ ਤਿੱਖੇ ਸਵਾਲ ਚੁੱਕੇ ਸਨ ਕਿ ਜੇਕਰ ਚੰਪਤ ਰਾਏ ਮੰਦਰ ਦੇ ਸਾਰੇ ਪ੍ਰਬੰਧਾਂ ਅਤੇ ਵਿੱਤੀ ਮਾਮਲਿਆਂ ਦੀ ਅਗਵਾਈ ਕਰ ਰਹੇ ਸਨ, ਤਾਂ ਪੁਲੀਸ ਵੱਲੋਂ ਦਰਜ ਕੀਤੀ ਗਈ ਐਫਆਈਆਰ ਵਿੱਚ ਉਨ੍ਹਾਂ ਦਾ ਨਾਮ ਸ਼ਾਮਲ ਕਿਉਂ ਨਹੀਂ ਕੀਤਾ ਗਿਆ ? ਇਸ ਵਿਵਾਦ ਦੇ ਲਗਾਤਾਰ ਤੂਲ ਫੜਨ ਅਤੇ ਕੌਮੀ ਸਵੈਮ ਸੇਵਕ ਸੰਘ ਤੇ ਭਾਜਪਾ ਦੇ ਅੰਦਰੂਨੀ ਹਲਕਿਆਂ ਵਿੱਚੋਂ ਵਧ ਰਹੇ ਸਿਆਸੀ ਦਬਾਅ ਕਾਰਨ, ਸੰਘ ਦੇ ਸੀਨੀਅਰ ਆਗੂ ਚੰਪਤ ਰਾਏ ਨੇ ਆਖਰਕਾਰ ਆਪਣਾ ਅਸਤੀਫ਼ਾ ਸੌਂਪਣਾ ਹੀ ਮੁਨਾਸਿਬ ਸਮਝਿਆ।






## ਫ਼ਰੀਦਕੋਟ ਗੁਰਦੁਆਰਾ ਸਾਹਿਬ ਵਿਖੇ ਮੁੱਖ ਮੰਤਰੀ ਖ਼ਿਲਾਫ਼ ਲੱਗਾ ਅਕਾਲ ਤਖ਼ਤ ਸਾਹਿਬ ਦਾ 'ਹੁਕਮਨਾਮਾ ਬੋਰਡ' ਪਾੜਿਆ; 'ਆਪ' ਸਮਰਥਕਾਂ 'ਤੇ ਵਾਰਦਾਤ ਦੇ ਦੋਸ਼

**ਫ਼ਰੀਦਕੋਟ, 26 ਜੂਨ**
**-ਸ਼.ਅ.ਬਿਓਰੋ-**

ਫ਼ਰੀਦਕੋਟ ਜ਼ਿਲ੍ਹੇ ਦੇ ਪਿੰਡ ਢਿੱਲਵਾਂ ਕਲਾਂ ਸਥਿਤ ਗੁਰਦੁਆਰਾ ਗੋਦਾਵਰੀ ਸਰ ਵਿਖੇ ਆਮ ਆਦਮੀ ਪਾਰਟੀ (ਆਪ) ਦੇ ਕਾਰਕੁਨਾਂ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਖ਼ਿਲਾਫ਼ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਕੀਤੇ ਗਏ ਹੁਕਮਨਾਮੇ ਵਾਲੇ ਬੋਰਡ ਨੂੰ ਕਥਿਤ ਤੌਰ 'ਤੇ ਪਾੜ ਕੇ ਜ਼ਮੀਨ 'ਤੇ ਸੁੱਟਣ ਦਾ ਮਾਮਲਾ ਸਾਹਮਣੇ ਆਇਆ ਹੈ। ਧਾਰਮਿਕ ਅਸਥਾਨ ਦੇ ਅੰਦਰ ਵਾਪਰੀ ਇਹ ਸਾਰੀ ਘਟਨਾ ਉੱਥੇ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ, ਜਿਸ ਤੋਂ ਬਾਅਦ ਇਲਾਕੇ ਵਿੱਚ ਸਿਆਸੀ ਤੇ ਧਾਰਮਿਕ ਮਾਹੌਲ ਗਰਮਾ ਗਿਆ ਹੈ।

ਜਾਣਕਾਰੀ ਅਨੁਸਾਰ ਇਹ ਬੋਰਡ ਪੰਜ ਸਿੰਘ ਸਾਹਿਬਾਨ ਵੱਲੋਂ ਜਾਰੀ ਕੀਤੇ ਗਏ ਦਿਸ਼ਾ-ਨਿਰਦੇਸ਼ਾਂ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਆਉਂਦੇ ਸਾਰੇ ਗੁਰਦੁਆਰਾ ਸਾਹਿਬਾਨ ਦੇ ਮੁੱਖ ਦੁਆਰਾਂ 'ਤੇ ਲਗਾਇਆ ਗਿਆ ਸੀ। ਇੱਕ ਕਥਿਤ ਵਾਇਰਲ ਵੀਡੀਓ ਦੇ ਸਬੰਧ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਇਸ ਹੁਕਮਨਾਮੇ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੂੰ 'ਪੰਥ ਦੋਖੀ' ਅਤੇ ਸਿੱਖ ਵਿਰੋਧੀ ਘੋਸ਼ਿਤ ਕਰਦਿਆਂ ਸਿੱਖ ਸੰਗਤ ਨੂੰ ਉਨ੍ਹਾਂ ਨਾਲ ਕੋਈ ਵੀ ਸਾਂਝ ਨਾ ਰੱਖਣ ਦਾ ਸੱਦਾ ਦਿੱਤਾ ਗਿਆ ਸੀ।

ਅੱਜ ਕਥਿਤ ਮੁਲਜ਼ਮਾਂ ਨੇ ਗੁਰਦੁਆਰਾ ਸਾਹਿਬ ਦੀ ਹਦੂਦ ਅੰਦਰ ਦਾਖ਼ਲ ਹੋ ਕੇ ਪੰਜ ਸਿੰਘ ਸਾਹਿਬਾਨ ਦੇ ਪਵਿੱਤਰ ਦਸਤਖ਼ਤਾਂ ਵਾਲੇ ਇਸ ਪੋਸਟਰ ਨੂੰ ਪਾੜ ਦਿੱਤਾ ਅਤੇ ਇਸ ਨੂੰ ਜ਼ਮੀਨ 'ਤੇ ਸੁੱਟ ਕੇ ਮਰਿਆਦਾ ਦੀ ਕਥਿਤ ਉਲੰਘਣਾ ਕੀਤੀ।

ਗੁਰਦੁਆਰਾ ਸਾਹਿਬ ਦੇ ਮੈਨੇਜਰ ਨੇ ਦੱਸਿਆ ਕਿ ਇਹ ਪੋਸਟਰ ਮੁੱਖ ਗੇਟ ਦੀ ਕੰਧ 'ਤੇ ਇੱਕ ਵੱਡੇ ਬੋਰਡ ਦੇ ਰੂਪ ਵਿੱਚ ਪ੍ਰਦਰਸ਼ਿਤ ਕੀਤਾ ਗਿਆ ਸੀ, ਜਿਸ ਨੂੰ ਪਿੰਡ ਦੇ ਹੀ ਕੁਝ 'ਆਪ' ਨਾਲ ਸਬੰਧਤ ਵਿਅਕਤੀਆਂ ਵੱਲੋਂ ਪਾੜਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮੰਦਭਾਗੀ ਘਟਨਾ ਬਾਰੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਸਮੇਤ ਫ਼ਰੀਦਕੋਟ ਪੁਲੀਸ ਨੂੰ ਐਮਰਜੈਂਸੀ ਹੈਲਪਲਾਈਨ 112 ਰਾਹੀਂ ਤੁਰੰਤ ਸੂਚਿਤ ਕਰ ਦਿੱਤਾ ਗਿਆ ਹੈ। ਮੈਨੇਜਰ ਮੁਤਾਬਕ ਪ੍ਰਬੰਧਕਾਂ ਵੱਲੋਂ ਹੁਕਮਨਾਮੇ ਵਾਲਾ ਬੋਰਡ ਦੁਬਾਰਾ ਉੱਥੇ ਲਗਾ ਦਿੱਤਾ ਗਿਆ ਹੈ ਅਤੇ ਉਨ੍ਹਾਂ ਨੇ ਪੁਲੀਸ ਪ੍ਰਸ਼ਾਸਨ ਤੋਂ ਦੋਸ਼ੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।




## ਸੰਪਾਦਕੀ

# ਬੰਧੂਆ ਮਜ਼ਦੂਰੀ ਅੱਜ ਵੀ ਇੱਕ ਕੋੜੀ ਸੱਚਾਈ ਬਣੀ ਹੋਈ ਹ

ਮੈਸੂਰ ਦੇ ਇੱਕ ਇੱਟਾਂ ਦੇ ਭੱਠੇ ਤੋਂ ਬੱਚਿਆਂ ਸਮੇਤ 28 ਸੋਲੀਗਾ ਆਦਿਵਾਸੀਆਂ ਨੂੰ ਮੁਕਤ ਕਰਵਾਏ ਜਾਣ ਦੀ ਘਟਨਾ ਇਸ ਗੱਲ ਦਾ ਪੱਥਰ ’ਤੇ ਲੀਕ ਵਰਗਾ ਸਬੂਤ ਹੈ ਕਿ ਦੇਸ਼ ਵਿੱਚ ਲਗਪਗ ਪੰਜ ਦਹਾਕੇ ਪਹਿਲਾਂ ਗ਼ੈਰ-ਕਾਨੂੰਨੀ ਐਲਾਨੇ ਜਾਣ ਦੇ ਬਾਵਜੂਦ ਵੀ ਬੰਧੂਆ ਮਜ਼ਦੂਰੀ ਅੱਜ ਵੀ ਇੱਕ ਕੋੜੀ ਸੱਚਾਈ ਬਣੀ ਹੋਈ ਹੈ। ਇਹ ਪਰਿਵਾਰ ਮਾਮੂਲੀ ਪੇਸ਼ਗੀ, ਵਰ੍ਹਿਆਂ ਦੀ ਦਿਹਾੜੀ ਅਤੇ ਕਰਜ਼ੇ ਦੇ ਅਜਿਹੇ ਮੱਕੜਜਾਲ ਵਿੱਚ ਫਸੇ ਹੋਏ ਸਨ ਜਿਸ ਨੇ ਉਨ੍ਹਾਂ ਦੀ ਆਜ਼ਾਦੀ ਹੀ ਖੋਹ ਲਈ ਸੀ। ਇਸ ਪੂਰੇ ਘਟਨਾਕ੍ਰਮ ਵਿੱਚ ਸਭ ਤੋਂ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਇਸ ਦਾ ਸ਼ਿਕਾਰ ਇੱਕ ਬੇਹੱਦ ਪਛੜਿਆ ਆਦਿਵਾਸੀ ਭਾਈਚਾਰਾ ਹੋਇਆ ਹੈ। ਗ਼ਰੀਬੀ, ਅਨਪੜ੍ਹਤਾ, ਜ਼ਮੀਨ-ਵਿਹੂਣੇ ਹੋਣਾ ਅਤੇ ਬੈਂਕਾਂ ਵਰਗੀਆਂ ਸਰਕਾਰੀ ਸੰਸਥਾਵਾਂ ਤੋਂ ਕਰਜ਼ਾ ਨਾ ਮਿਲਣਾ ਅਕਸਰ ਅਜਿਹੇ ਲੋਕਾਂ ਨੂੰ ਲੇਬਰ ਠੇਕੇਦਾਰਾਂ ਦੇ ਰਹਿਮੋ-ਕਰਮ ’ਤੇ ਛੱਡ ਦਿੰਦਾ ਹੈ। ਮੁਸ਼ਕਲ ਘੜੀ ਵਿੱਚ ਗੁਜ਼ਾਰਾ ਕਰਨ ਲਈ ਲਿਆ ਗਿਆ ਇੱਕ ਛੋਟਾ ਜਿਹਾ ਕਰਜ਼ਾ ਬਹੁਤ ਜਲਦੀ ਉਨ੍ਹਾਂ ਨੂੰ ਜ਼ਬਰਦਸਤੀ ਗ਼ੁਲਾਮ ਬਣਾਉਣ ਦਾ ਹਥਿਆਰ ਬਣ ਜਾਂਦਾ ਹੈ। ਮੈਸੂਰ ਦਾ ਇਹ ਮਾਮਲਾ ਕੋਈ ਇਕੱਲੀ ਘਟਨਾ ਨਹੀਂ ਹੈ। ਪਿਛਲੇ ਕੁਝ ਮਹੀਨਿਆਂ ਵਿੱਚ ਉੱਤਰ ਪ੍ਰਦੇਸ਼, ਤਾਮਿਲਨਾਡੂ ਤੇ ਹੋਰਨਾਂ ਸੂਬਿਆਂ ਤੋਂ ਵੀ ਅਜਿਹੇ ਹੀ ਲੋਕਾਂ ਨੂੰ ਮੁਕਤ ਕਰਵਾਏ ਜਾਣ ਦੀਆਂ ਖ਼ਬਰਾਂ ਸਾਹਮਣੇ ਆਈਆਂ ਹਨ। ਇੱਟਾਂ ਦੇ ਭੱਠੇ, ਉਸਾਰੀ ਅਧੀਨ ਇਮਾਰਤਾਂ ਅਤੇ ਛੋਟੀਆਂ ਫੈਕਟਰੀਆਂ ਅਕਸਰ ਗੈਰ-ਕਾਨੂੰਨੀ ਲੇਬਰ ਪ੍ਰਬੰਧਾਂ ਦੇ ਸਿਰ ’ਤੇ ਚੱਲਦੀਆਂ ਹਨ ਕਿਉਂਕਿ ਇਹ ਕਾਨੂੰਨ ਤੇ ਜਾਂਚ ਦੀ ਹੱਦ ਤੋਂ ਬਾਹਰ ਰਹਿ ਜਾਂਦੀਆਂ ਹਨ। ਅਜਿਹੀਆਂ ਭੈੜੀਆਂ ਰੀਤਾਂ ਦਾ ਲਗਾਤਾਰ ਜਾਰੀ ਰਹਿਣਾ ਇਹ ਸਾਫ਼ ਕਰਦਾ ਹੈ ਕਿ ਕਾਗਜ਼ੀ ਕਾਨੂੰਨਾਂ ਅਤੇ ਜ਼ਮੀਨੀ ਹਕੀਕਤ ਵਿਚਕਾਰ ਇੱਕ ਬਹੁਤ ਵੱਡਾ ਪਾੜਾ ਹੈ। ਭਾਰਤ ਕੋਲ ਬੰਧੂਆ ਮਜ਼ਦੂਰੀ ਦੇ ਖ਼ਾਤਮੇ ਲਈ ਇੱਕ ਮਜ਼ਬੂਤ ਕਾਨੂੰਨੀ ਢਾਂਚਾ ਮੌਜੂਦ ਹੈ। ਪੀੜਤਾਂ ਨੂੰ ਛੁਡਾਉਣ ਲਈ ਚਲਾਈਆਂ ਜਾਣ ਵਾਲੀਆਂ ਮੁਹਿੰਮਾਂ ਬੇਹੱਦ ਜ਼ਰੂਰੀ ਹਨ। ਪਰ ਅਸਲੀ ਅਤੇ ਵੱਡੀ ਚੁਣੌਤੀ ਇਹ ਯਕੀਨੀ ਬਣਾਉਣਾ ਹੈ ਕਿ ਮੁਕਤ ਕਰਵਾਏ ਗਏ ਲੋਕਾਂ ਦਾ ਸਹੀ ਤਰੀਕੇ ਨਾਲ ਮੁੜ-ਵਸੇਬਾ ਹੋਵੇ, ਉਨ੍ਹਾਂ ਨੂੰ ਰੁਜ਼ਗਾਰ ਮਿਲੇ ਅਤੇ ਸਮਾਜਿਕ ਸੁਰੱਖਿਆ ਸਕੀਮਾਂ ਦਾ ਲਾਭ ਮਿਲੇ ਤਾਂ ਜੋ ਅਜਿਹੇ ਪਰਿਵਾਰ ਦੁਬਾਰਾ ਉਸੇ ਨਰਕ ਵਰਗੇ ਹਾਲਾਤ ਵਿੱਚ ਫਸਣ ਲਈ ਮਜਬੂਰ ਨਾ ਹੋਣ। ਇਸ ਦੇ ਨਾਲ ਹੀ ਉਨ੍ਹਾਂ ਧੰਦਿਆਂ ’ਤੇ ਤਿੱਖੀ ਨਜ਼ਰ ਰੱਖਣੀ ਬੇਹੱਦ ਲਾਜ਼ਮੀ ਹੈ ਜਿੱਥੇ ਅਜਿਹਾ ਹੋਣ ਦਾ ਖ਼ਤਰਾ ਸਭ ਤੋਂ ਵੱਧ ਹੁੰਦਾ ਹੈ ਅਤੇ ਕਾਨੂੰਨ ਤੋੜਨ ਵਾਲਿਆਂ ਨੂੰ ਤੁਰੰਤ ਸਖ਼ਤ ਸਜ਼ਾਵਾਂ ਮਿਲਣੀਆਂ ਚਾਹੀਦੀਆਂ ਹਨ। ਜਦੋਂ ਤੱਕ ਬੰਧੂਆ ਮਜ਼ਦੂਰੀ ਕਰਵਾਉਣ ਵਾਲੇ ਮਾਲਕਾਂ ਨੂੰ ਮਿਸਾਲੀ ਸਜ਼ਾਵਾਂ ਨਹੀਂ ਮਿਲਦੀਆਂ, ਉਦੋਂ ਤੱਕ ਇਹ ਭੈੜਾ ਰਿਵਾਜ ਨਵੇਂ ਰੂਪ ’ਚ ਸਾਹਮਣੇ ਆਉਂਦਾ ਰਹੇਗਾ। ਮੁਕਤ ਕਰਵਾਏ ਮਜ਼ਦੂਰਾਂ ਦੀ ਆਜ਼ਾਦੀ ਸਿਰਫ਼ ਰਿਹਾਈ ਤੱਕ ਸੀਮਤ ਨਹੀਂ ਹੋਣੀ ਚਾਹੀਦੀ। ਸਬਕਾ ਸਾਥ, ਸਬਕਾ ਵਿਕਾਸ ਤੇ ਵਿਕਸਿਤ ਭਾਰਤ ਦਾ ਸੁਪਨਾ ਦੇਖਣ ਵਾਲੇ ਮੁਲਕ ਵਿੱਚ ਅੱਜ ਵੀ ਬੰਧੂਆ ਮਜ਼ਦੂਰੀ ਦਾ ਹੋਣਾ ਵਿਰੋਧਾਭਾਸ ਵਰਗਾ ਹੈ। ਦੇਸ਼ ਦੇ ਵਿਕਾਸ ਦਾ ਅਸਲੀ ਅੰਦਾਜ਼ਾ ਇਸ ਗੱਲ ਤੋਂ ਲੱਗਣਾ ਚਾਹੀਦਾ ਹੈ ਕਿ ਅਸੀਂ ਆਪਣੇ ਸਭ ਤੋਂ ਕਮਜ਼ੋਰ ਨਾਗਰਿਕਾਂ ਨੂੰ ਲੁੱਟ-ਖਸੁੱਟ ਤੋਂ ਕਿੰਨਾ ਕੁ ਬਚਾਉਂਦੇ ਹਾਂ।

-ਛੱਤਰਪਾਲ ਸਿੰਘ




Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਗ੍ਰੇਟ ਨਿਕੋਬਾਰ ਪ੍ਰੋਜੈਕਟ: ਇਹ ਹੈ ਵਿਕਾਸ ਦੀ ਕੀਮਤ

**ਹਰਵਿੰਦਰ ਸਿੰਘ**

ਭਾਰਤ ਅੱਜ ਵਿਕਾਸ ਦੇ ਇੱਕ ਅਜਿਹੇ ਨਾਜ਼ੁਕ ਮੋੜ ’ਤੇ ਖੜ੍ਹਾ ਹੈ ਜਿੱਥੇ ਇੱਕ ਪਾਸੇ ਨਵੀਆਂ ਸੜਕਾਂ, ਹਵਾਈ ਅੱਡੇ ਅਤੇ ਬੰਦਰਗਾਹਾਂ ਦੇ ਤੇਜ਼ੀ ਨਾਲ ਨਿਰਮਾਣ ਦੀ ਇੱਛਾ ਹੈ ਤਾਂ ਦੂਜੇ ਪਾਸੇ ਵਾਤਾਵਰਣ ਦੀ ਸੰਭਾਲ ਦੀ ਬਹੁਤ ਵੱਡੀ ਚੁਣੌਤੀ ਹੈ। ਇਸ ਸਮੇਂ ਪੂਰੇ ਦੇਸ਼ ਵਿੱਚ ‘ਗ੍ਰੇਟ ਨਿਕੋਬਾਰ ਪ੍ਰੋਜੈਕਟ’ ਬਾਰੇ ਚਰਚਾ ਗਰਮ ਹੈ, ਜੋ ਲਗਪਗ 81,000 ਕਰੋੜ ਰੁਪਏ ਦੀ ਲਾਗਤ ਵਾਲਾ ਇੱਕ ਬਹੁਤ ਵੱਡਾ ਪ੍ਰੋਜੈਕਟ ਹੈ। ਸਰਕਾਰ ਦਾ ਦਾਅਵਾ ਹੈ ਕਿ ਇਹ ਪ੍ਰੋਜੈਕਟ ਦੇਸ਼ ਦੀ ਤਰੱਕੀ ਅਤੇ ਸੁਰੱਖਿਆ ਲਈ ਬੇਹੱਦ ਜ਼ਰੂਰੀ ਹੈ। ਪਰ ਦੂਜੇ ਪਾਸੇ ਵਾਤਾਵਰਣ ਮਾਹਿਰਾਂ, ਕਬਾਇਲੀ ਅਧਿਕਾਰਾਂ ਦੇ ਕਾਰਕੁਨਾਂ ਅਤੇ ਕਾਨੂੰਨੀ ਮਾਹਿਰਾਂ ਦਾ ਮੰਨਣਾ ਹੈ ਕਿ ਸਰਕਾਰੀ ਦਾਅਵੇ ਜ਼ਮੀਨੀ ਸਚਾਈ ਤੋਂ ਬਿਲਕੁਲ ਉਲਟ ਹਨ।

ਸਾਲ 2021 ਵਿੱਚ ਸ਼ੁਰੂ ਕੀਤਾ ਗਿਆ ਗ੍ਰੇਟ ਨਿਕੋਬਾਰ ਪ੍ਰੋਜੈਕਟ ਚਾਰ ਮੁੱਖ ਥੰਮ੍ਹਾਂ ’ਤੇ ਟਿਕਿਆ ਹੋਇਆ ਹੈ: ਇੱਕ ਅੰਤਰਰਾਸ਼ਟਰੀ ਕੰਟੇਨਰ ਟਰਾਂਸਸ਼ਿਪਮੈਂਟ ਟਰਮੀਨਲ, ਇੱਕ ਦੋਹਰੀ ਵਰਤੋਂ ਵਾਲਾ ਗ੍ਰੀਨਫੀਲਡ ਹਵਾਈ ਅੱਡਾ, ਇੱਕ ਏਕੀਕ੍ਰਿਤ ਟਾਊਨਸ਼ਿਪ ਅਤੇ ਇੱਕ 450 ਮੈਗਾਵਾਟ ਦਾ ਪਾਵਰ ਪਲਾਂਟ। ਸਰਕਾਰ ਦਾ ਤਰਕ ਹੈ ਕਿ ਇਹ ਬੁਨਿਆਦੀ ਢਾਂਚਾ ਭਾਰਤ ਨੂੰ ਵਿਸ਼ਵਵਿਆਪੀ ਲੌਜਿਸਟਿਕਸ (ਰਸਦ ਪ੍ਰਬੰਧਨ) ਦੇ ਖੇਤਰ ਵਿੱਚ ਇੱਕ ਪ੍ਰਮੁੱਖ ਕੇਂਦਰ ਵਜੋਂ ਸਥਾਪਿਤ ਕਰੇਗਾ। ਹਾਲਾਂਕਿ ਇਸ ਪ੍ਰੋਜੈਕਟ ਨੂੰ ਜਾਇਜ਼ ਠਹਿਰਾਉਣ ਲਈ ਵਰਤੀ ਜਾ ਰਹੀ ‘ਰਾਸ਼ਟਰੀ ਸੁਰੱਖਿਆ’ ਦੀ ਦਲੀਲ ਦੀ ਤਿੱਖੀ ਆਲੋਚਨਾ ਹੋ ਰਹੀ ਹੈ। ਆਲੋਚਕਾਂ ਮੁਤਾਬਿਕ ਇਸ ਰਣਨੀਤਕ ਤਰਕ ਨੂੰ ਜਨਤਕ ਜਵਾਬਦੇਹੀ ਤੋਂ ਬਚਣ ਲਈ ਇੱਕ ਢਾਲ ਵਜੋਂ ਵਰਤਿਆ ਜਾ ਰਿਹਾ ਹੈ। ਕੁੱਲ 166 ਵਰਗ ਕਿਲੋਮੀਟਰ ਖੇਤਰ ਵਿੱਚੋਂ 144 ਵਰਗ ਕਿਲੋਮੀਟਰ ਜ਼ਮੀਨ ਵਪਾਰਕ ਟਾਊਨਸ਼ਿਪ ਲਈ ਰਾਖਵੀਂ ਰੱਖੀ ਗਈ ਹੈ, ਜਿਸ ਵਿੱਚ ਲਗਜ਼ਰੀ ਰਿਹਾਇਸ਼ਾਂ ਅਤੇ ਨਿੱਜੀ ਕਲੱਬ ਸ਼ਾਮਲ ਹਨ। ਇਹ ਤੱਥ ਸਾਬਤ ਕਰਦਾ ਹੈ ਕਿ ਇਹ ਪ੍ਰੋਜੈਕਟ ਅਸਲ ਵਿੱਚ ਰੀਅਲ ਅਸਟੇਟ ਦੇ ਵਿਕਾਸ ਵੱਲ ਜ਼ਿਆਦਾ ਝੁਕਿਆ ਹੋਇਆ ਹੈ। ਇਸ ਤੋਂ ਇਲਾਵਾ ਮੌਜੂਦਾ ਨੇਵਲ ਬੇਸ ਪਹਿਲਾਂ ਹੀ ਇਸ ਖੇਤਰ ’ਚ ਲੋੜੀਂਦੀ ਰਣਨੀਤਕ ਸੁਰੱਖਿਆ ਪ੍ਰਦਾਨ ਕਰ ਰਿਹਾ ਹੈ ਜਿਸ ਕਾਰਨ ਇਹ ਨਵਾਂ ਪ੍ਰੋਜੈਕਟ ਇੱਕ ਜ਼ਰੂਰਤ ਨਹੀਂ ਸਗੋਂ ਫਾਲਤੂ ਨਜ਼ਰ ਆਉਂਦਾ ਹੈ।

ਇਸ ਪ੍ਰੋਜੈਕਟ ਕਾਰਨ ਵਾਤਾਵਰਣ ਨੂੰ ਬਹੁਤ ਗੰਭੀਰ ਨੁਕਸਾਨ ਝੱਲਣਾ ਪਵੇਗਾ। ਸਰਕਾਰ ਦਾ ਕਹਿਣਾ ਹੈ ਕਿ ਉਹ ਸਿਰਫ਼ 130.75 ਵਰਗ ਕਿਲੋਮੀਟਰ ਜੰਗਲੀ ਖੇਤਰ ਦੀ ਵਰਤੋਂ ਕਰ ਰਹੀ ਹੈ ਜੋ ਕਿ ਪੂਰੇ ਨਿਕੋਬਾਰ ਟਾਪੂ-ਸਮੂਹ ਦੇ ਜੰਗਲਾਂ ਦਾ 2 ਫ਼ੀਸਦ ਤੋਂ ਵੀ ਘੱਟ ਹਿੱਸਾ ਹੈ। ਪਰ ਜੇਕਰ ਅਸੀਂ ਸਿਰਫ਼ ਉਸ ਵਿਸ਼ੇਸ਼ ਟਾਪੂ ਦੀ ਗੱਲ ਕਰੀਏ ਜਿੱਥੇ ਇਹ ਪ੍ਰੋਜੈਕਟ ਬਣ ਰਿਹਾ ਹੈ ਤਾਂ ਇਹ ਉਸ ਦੇ ਕੁੱਲ ਰਕਬੇ ਦਾ 15 ਫ਼ੀਸਦ ਬਣਦਾ ਹੈ, ਜੋ ਕਿ ਇੱਕ ਬਹੁਤ ਵੱਡਾ ਹਿੱਸਾ ਹੈ।

ਇਹ ਪ੍ਰੋਜੈਕਟ ‘ਸੁੰਦਰਲੈਂਡ ਬਾਇਓਡਾਇਵਰਸਿਟੀ ਹੌਟਸਪੌਟ’ ਵਰਗੇ ਅਜਿਹੇ ਸੰਵੇਦਨਸ਼ੀਲ ਇਲਾਕੇ ਲਈ ਵੱਡਾ ਖ਼ਤਰਾ ਬਣ ਗਿਆ ਹੈ ਜਿੱਥੇ ਮੌਜੂਦ ਸਦੀਆਂ ਪੁਰਾਣੇ ਜੰਗਲ ਕਾਰਬਨ ਨੂੰ ਸੋਖ ਕੇ ਹਵਾ ਨੂੰ ਸਾਫ਼ ਰੱਖਣ ਵਿੱਚ ਮਦਦ ਕਰਦੇ ਹਨ। ਇਹ ਖੇਤਰ ‘ਗ੍ਰੇਟ ਲੈਦਰਬੈਕ’ ਸਮੁੰਦਰੀ ਕੱਛੂਆਂ ਵਰਗੀਆਂ ਅਤਿ-ਦੁਰਲੱਭ ਪ੍ਰਜਾਤੀਆਂ ਦਾ ਕੁਦਰਤੀ ਘਰ ਹੈ। ਗਲਾਥੀਆ ਬੇਅ ਵਿੱਚ ਬਣਾਏ ਜਾਣ ਵਾਲੇ ਸਮੁੰਦਰੀ ਢਾਂਚੇ ਦੀ ਯੋਜਨਾ ਇਨ੍ਹਾਂ ਜੀਵਾਂ ਦੇ ਰੈਣ-ਬਸੇਰੇ ਨੂੰ ਪੂਰੀ ਤਰ੍ਹਾਂ ਤਬਾਹ ਕਰ ਦੇਵੇਗੀ। ਇਹ ਪ੍ਰਾਚੀਨ ਜੰਗਲ ਕੁਦਰਤੀ ਏਅਰ-ਕੰਡੀਸ਼ਨਰ ਵਜੋਂ ਕੰਮ ਕਰਦੇ ਹੋਏ ਇਲਾਕੇ ਦੇ ਤਾਪਮਾਨ ਨੂੰ ਲਗਪਗ 2.4 ਡਿਗਰੀ ਸੈਂਟੀਗ੍ਰੇਡ ਤੱਕ ਘੱਟ ਰੱਖਦੇ ਹਨ। ਜੇਕਰ ਇਹ ਜੰਗਲ ਕੱਟ ਦਿੱਤੇ ਗਏ ਤਾਂ ਇੱਥੇ ਗਰਮੀ ਬਹੁਤ ਜ਼ਿਆਦਾ ਵਧ ਜਾਵੇਗੀ ਅਤੇ ਸਥਾਨਕ ਵਾਤਾਵਰਣ ਦਾ ਸੰਤੁਲਨ ਪੂਰੀ ਤਰ੍ਹਾਂ ਵਿਗੜ ਜਾਵੇਗਾ। ਇਸ ਤੋਂ ਇਲਾਵਾ, ਸਰਕਾਰ ਵੱਲੋਂ




16,000 ਕੋਰਲ ਰੀਫ (ਮੂੰਗੇ ਦੀਆਂ ਚੱਟਾਨਾਂ) ਨੂੰ ਪੁੱਟ ਕੇ ਕਿਸੇ ਹੋਰ ਥਾਂ ਲਗਾਉਣ ਦੀ ਯੋਜਨਾ ਨੂੰ ਮਾਹਿਰ ਇੱਕ ‘ਵਿਗਿਆਨਕ ਗ਼ਲਤੀ’ ਕਰਾਰ ਦੇ ਰਹੇ ਹਨ ਕਿਉਂਕਿ ਦੁਨੀਆ ਭਰ ਵਿੱਚ ਅਜਿਹੇ ਪ੍ਰਯੋਗ ਪਹਿਲਾਂ ਵੀ ਬੁਰੀ ਤਰ੍ਹਾਂ ਅਸਫਲ ਸਾਬਤ ਹੋ ਚੁੱਕੇ ਹਨ।

ਇਸ ਪ੍ਰੋਜੈਕਟ ਕਾਰਨ ਸਭ ਤੋਂ ਵੱਡਾ ਹੋਂਦ ਦਾ ਖ਼ਤਰਾ ‘ਸ਼ੋਮਪੇਨ’ ਕਬੀਲੇ ਦੇ ਲੋਕਾਂ ਨੂੰ ਹੈ, ਜਿਨ੍ਹਾਂ ਦੀ ਕੁੱਲ ਆਬਾਦੀ ਸਿਰਫ਼ 229 ਰਹਿ ਗਈ ਹੈ। ਜੇਕਰ ਇਸ ਪ੍ਰੋਜੈਕਟ ਦੇ ਕਾਰਨ ਬਾਹਰੋਂ 3 ਤੋਂ 7 ਲੱਖ ਲੋਕ ਇਸ ਟਾਪੂ ’ਤੇ ਆਉਂਦੇ ਹਨ ਤਾਂ ਉਹ ਆਪਣੇ ਨਾਲ ਅਜਿਹੀਆਂ ਨਵੀਆਂ ਬਿਮਾਰੀਆਂ ਅਤੇ ਇਨਫੈਕਸ਼ਨ ਲਿਆ ਸਕਦੇ ਹਨ ਜਿਨ੍ਹਾਂ ਵਿਰੁੱਧ ਲੜਨ ਦੀ ਰੋਗ ਪ੍ਰਤੀਰੋਧਕ ਸਮਰੱਥਾ ਇਨ੍ਹਾਂ ਆਦਿਵਾਸੀ ਲੋਕਾਂ ਵਿੱਚ ਨਹੀਂ ਹੈ। ਨਤੀਜੇ ਵਜੋਂ ਇਸ ਲੋਪ ਹੋ ਰਹੇ ਛੋਟੇ ਜਿਹੇ ਕਬੀਲੇ ਦੀ ਸਿਹਤ ਅਤੇ ਹੋਂਦ ਲਈ ਇੱਕ ਘਾਤਕ ਸੰਕਟ ਪੈਦਾ ਹੋ ਸਕਦਾ ਹੈ। ਇਸ ਤੋਂ ਇਲਾਵਾ ਪ੍ਰੋਜੈਕਟ ਦੀ ਪ੍ਰਵਾਨਗੀ ਦੀ ਪ੍ਰਕਿਰਿਆ ’ਤੇ ਵੀ ਗੰਭੀਰ ਸਵਾਲ ਉੱਠ ਰਹੇ ਹਨ। ਜਿਨ੍ਹਾਂ ਲੋਕਾਂ ਤੋਂ ਇਸ ਪ੍ਰੋਜੈਕਟ ਲਈ ਸਹਿਮਤੀ ਲਈ ਗਈ ਸੀ ਉਹ ਅਸਲ ਵਿੱਚ ਉਸ ਪ੍ਰਭਾਵਿਤ ਖੇਤਰ ਦੇ ਸਥਾਨਕ ਵਸਨੀਕ ਹੀ ਨਹੀਂ ਸਨ ਅਤੇ ਉਸ ਗ੍ਰਾਮ ਸਭਾ ਵਿੱਚ ਕੋਈ ਵੀ ਕਬਾਇਲੀ ਮੈਂਬਰ ਸ਼ਾਮਲ ਨਹੀਂ ਸੀ। ਕਲਕੱਤਾ ਹਾਈ ਕੋਰਟ ਵਿੱਚ ਚੱਲ ਰਹੀ ਕਾਨੂੰਨੀ ਸੁਣਵਾਈ ਅਨੁਸਾਰ ਇਹ ਸਾਰੀ ਪ੍ਰਕਿਰਿਆ ਜੰਗਲਾਤ ਅਧਿਕਾਰ ਐਕਟ 2006 ਦੇ ਨਿਯਮਾਂ ਦੀ ਸਿੱਧੀ ਉਲੰਘਣਾ ਹੈ ਜੋ ਇਹ ਲਾਜ਼ਮੀ ਕਰਦਾ ਹੈ ਕਿ ਅਜਿਹੇ ਕਿਸੇ ਵੀ ਪ੍ਰੋਜੈਕਟ ਲਈ ਸਥਾਨਕ ਕਬਾਇਲੀ ਲੋਕਾਂ ਦੀ ਸੁਤੰਤਰ ਸਹਿਮਤੀ ਹੋਣੀ ਜ਼ਰੂਰੀ ਹੈ। ਵਾਤਾਵਰਣ ਦੇ ਇਨ੍ਹਾਂ ਵੱਡੇ ਖ਼ਤਰਿਆਂ ਪ੍ਰਤੀ ਸਰਕਾਰੀ ਸੰਸਥਾਵਾਂ ਦੀ ਅਣਦੇਖੀ ਨੇ ਇਸ ਵਿਵਾਦ ਨੂੰ ਹੋਰ ਹਵਾ ਦਿੱਤੀ ਹੈ। ਇਸ ਨਾਲ ਇੱਕ ਸਥਾਨਕ ਵਾਤਾਵਰਣਕ ਮੁੱਦਾ ਹੁਣ ਅਦਾਲਤੀ ਮਨਜ਼ੂਰੀਆਂ ਅਤੇ ਸੰਸਾਰ ਪੱਧਰੀ ਨਿਯਮਾਂ ਦੇ ਗੁੰਝਲਦਾਰ ਤਾਣੇ-ਬਾਣੇ ਵਿੱਚ ਉਲਝ ਕੇ ਰਹਿ ਗਿਆ ਹੈ। ਵਾਤਾਵਰਣ ਦੀ ਰਾਖੀ ਲਈ ਬਣੀ ਦੇਸ਼ ਦੀ ਵਿਸ਼ੇਸ਼ ਅਦਾਲਤ, ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐੱਨ ਜੀ ਟੀ) ਨੇ ਇਸ ਪ੍ਰੋਜੈਕਟ ਨੂੰ ਮਿਲੀ ਵਾਤਾਵਰਣਕ ਮਨਜ਼ੂਰੀ ਵਿੱਚ ਦਖ਼ਲ ਦੇਣ ਤੋਂ ਸਾਫ਼ ਇਨਕਾਰ ਕਰ ਦਿੱਤਾ ਹੈ। ਅਦਾਲਤ ਨੇ ਸਰਕਾਰ ਦੇ ਉਸ ‘ਟੌਪ-ਡਾਊਨ’ ਤਰੀਕੇ ’ਤੇ ਪੱਕੀ ਮੋਹਰ ਲਗਾ ਦਿੱਤੀ ਜਿੱਥੇ ਆਮ ਲੋਕਾਂ ਦੀ ਰਾਏ ਨੂੰ ਹਾਸ਼ੀਏ ’ਤੇ ਧੱਕ ਦਿੱਤਾ ਜਾਂਦਾ ਹੈ। ਇਹ ਇਤਿਹਾਸਕ ਫੈਸਲਾ ਪੂਰੀ ਤਰ੍ਹਾਂ ਇੱਕ ਉੱਚ-ਪੱਧਰੀ ਕਮੇਟੀ ਦੀ ਗੁਪਤ ਰਿਪੋਰਟ ’ਤੇ ਆਧਾਰਿਤ ਸੀ ਜਿਸ ਨੂੰ ਸਰਕਾਰ ਨੇ ਰਾਸ਼ਟਰੀ ਸੁਰੱਖਿਆ ਅਤੇ ਸਮੁੰਦਰੀ ਰਣਨੀਤੀ ਦਾ ਹਵਾਲਾ ਦੇ ਕੇ ਜਨਤਕ ਹੋਣ ਤੋਂ ਰੋਕੀ ਰੱਖਿਆ। ਹਾਲਾਂਕਿ ਟ੍ਰਿਬਿਊਨਲ ਨੇ ਸਰਕਾਰ ਦੇ ਉਨ੍ਹਾਂ ਦਾਅਵਿਆਂ ਨੂੰ ਸੱਚ ਮੰਨ ਲਿਆ ਕਿ ਇਹ ਨਿਰਮਾਣ ਕਾਰਜ ਸਮੁੰਦਰ ਦੇ ਉੱਚ-ਪਾਬੰਦੀਸ਼ੁਦਾ ਵਾਤਾਵਰਣਕ ਜ਼ੋਨਾਂ ਨੂੰ ਨੁਕਸਾਨ ਨਹੀਂ ਪਹੁੰਚਾਏਗਾ ਅਤੇ ਮੂੰਗੇ ਦੀਆਂ ਚੱਟਾਨਾਂ ਨੂੰ ਉਖਾੜ ਕੇ ਦੂਜੀ ਜਗ੍ਹਾ ਲਗਾਉਣ ਦੀ ਵਿਵਾਦਿਤ ਯੋਜਨਾ ਨੂੰ ਵੀ ਸਹੀ ਠਹਿਰਾਇਆ। ਪਰ ਦੂਜੇ ਪਾਸੇ ਆਲੋਚਕਾਂ ਦਾ ਕਹਿਣਾ ਹੈ ਕਿ ਅਦਾਲਤ ਨੇ ਵਾਤਾਵਰਣ ਦੀ ਅਸਲ ਪਰਖ ਕਰਨ ਦੀ ਬਜਾਏ ਸਮੁੰਦਰੀ ਰੂਟ ’ਤੇ ਭੂ-ਰਾਜਨੀਤਿਕ ਦਬਦਬਾ ਬਣਾਉਣ ਅਤੇ ਰਣਨੀਤਕ ਹਿੱਤਾਂ ਨੂੰ ਜ਼ਿਆਦਾ ਅਹਿਮੀਅਤ ਦਿੱਤੀ ਹੈ।

ਇੱਥੋਂ ਤੱਕ ਕਿ ਸਾਲ 2013 ਤੋਂ ਯੂਨੈਸਕੋ ਵੱਲੋਂ ਇਸ ਟਾਪੂ ਨੂੰ ਮਿਲੀ ‘ਬਾਇਓਸਫੀਅਰ ਰਿਜ਼ਰਵ’ ਦੀ ਮਾਨਤਾ ਵੀ ਇਸ ਪ੍ਰੋਜੈਕਟ ਨੂੰ ਰੋਕਣ ਵਿੱਚ ਨਾਕਾਮ ਰਹੀ ਹੈ। ਅਜਿਹਾ ਇਸ ਲਈ ਹੋਇਆ ਕਿਉਂਕਿ ਯੂਨੈਸਕੋ ਕੋਲ ਕਿਸੇ ਵੀ ਪ੍ਰਭੂਸੱਤਾ ਸੰਪੰਨ ਦੇਸ਼ ਦੇ ਅੰਦਰੂਨੀ ਵਿਕਾਸ ਕਾਰਜਾਂ ਨੂੰ ਕਾਨੂੰਨੀ ਤੌਰ ’ਤੇ ਰੋਕਣ ਜਾਂ ਆਪਣੇ ਹੁਕਮ ਲਾਗੂ ਕਰਨ ਦੀ ਕੋਈ ਅਧਿਕਾਰਤ ਸ਼ਕਤੀ ਨਹੀਂ ਹੈ। ਨਤੀਜੇ ਵਜੋਂ ਕੁਦਰਤ ਦੀ ਸੰਭਾਲ ਲਈ ਬਣੇ ਅੰਤਰਰਾਸ਼ਟਰੀ ਨਿਯਮ ਭਾਰਤ ਦੇ ਆਪਣੇ ਰਣਨੀਤਕ ਅਤੇ ਵਪਾਰਕ ਫੈਸਲਿਆਂ ਅੱਗੇ ਬਿਲਕੁਲ ਬੇਅਸਰ ਸਾਬਤ ਹੋਏ। ਦੇਸ਼ ਦੀਆਂ ਅਦਾਲਤਾਂ ਅਤੇ ਬਾਹਰਲੀਆਂ ਸਲਾਹਕਾਰ ਸੰਸਥਾਵਾਂ ਦੋਵੇਂ ਹੀ ਵਾਤਾਵਰਣ ਪ੍ਰਤੀ ਸਖ਼ਤ ਜਵਾਬਦੇਹੀ ਤੈਅ ਕਰਨ ਵਿੱਚ ਨਾਕਾਮ ਰਹੀਆਂ, ਜਿਸ ਨੇ ਉਲਟਾ ਜ਼ਮੀਨੀ ਪੱਧਰ ’ਤੇ ਪ੍ਰੋਜੈਕਟ ਦੇ ਕੰਮ ਨੂੰ ਹੋਰ ਤੇਜ਼ ਕਰਨ ਦਾ ਰਸਤਾ ਸਾਫ਼ ਕਰ ਦਿੱਤਾ ਹੈ। ਗ੍ਰੇਟ ਨਿਕੋਬਾਰ ਪ੍ਰੋਜੈਕਟ ਨੂੰ ਲੈ ਕੇ ਚੱਲ ਰਿਹਾ ਵਿਵਾਦ ਵਿਕਾਸ ਦੇ ਵਿਰੋਧ ਵਿੱਚ ਨਹੀਂ ਸਗੋਂ ਉਸ ਪਹੁੰਚ ਦੇ ਖ਼ਿਲਾਫ਼ ਹੈ ਜਿਸ ਵਿੱਚ ਸਥਾਨਕ ਲੋਕਾਂ ਅਤੇ ਵਾਤਾਵਰਣ ਦੀ ਅਣਦੇਖੀ ਕੀਤੀ ਗਈ ਹੈ। ਜੇਕਰ ਅਸੀਂ ਆਰਥਿਕ ਤਰੱਕੀ ਅਤੇ ਸੰਵਿਧਾਨਕ ਜ਼ਿੰਮੇਵਾਰੀਆਂ ਨੂੰ ਨਾਲ ਲੈ ਕੇ ਚੱਲਣਾ ਚਾਹੁੰਦੇ ਹਾਂ ਤਾਂ ਸਾਨੂੰ ਆਪਣੀ ਸੋਚ ਅਤੇ ਨੀਤੀ-ਨਿਰਮਾਣ ਵਿੱਚ ਵੱਡਾ ਬਦਲਾਅ ਲਿਆਉਣਾ ਪਵੇਗਾ। ਸਭ ਤੋਂ ਪਹਿਲਾਂ ਸਰਕਾਰ ਨੂੰ ਫੈਸਲਿਆਂ ਵਿੱਚ ਪੂਰੀ ਪਾਰਦਰਸ਼ਤਾ ਰੱਖਣੀ ਚਾਹੀਦੀ ਹੈ। ‘ਸ਼ੋਮਪੇਨ’ ਕਬੀਲੇ ਦੀ ਪੱਕੀ ਸਹਿਮਤੀ ਲਏ ਬਿਨਾਂ ਕੋਈ ਵੀ ਕਦਮ ਚੁੱਕਣਾ ਕਾਨੂੰਨੀ ਅਤੇ ਨੈਤਿਕ ਤੌਰ ’ਤੇ ਗ਼ਲਤ ਹੈ; ਇਸ ਸੰਵੇਦਨਸ਼ੀਲ ਮੁੱਦੇ ’ਤੇ ਕੋਈ ਸ਼ਾਰਟਕੱਟ ਨਹੀਂ ਹੋਣਾ ਚਾਹੀਦਾ। ਦੂਜਾ, ਵਾਤਾਵਰਣ ਪੱਖੋਂ ਅਤਿ-ਸੰਵੇਦਨਸ਼ੀਲ ਖੇਤਰਾਂ ਵਿੱਚ ਵੱਡੇ ਨਿਰਮਾਣ ਕਾਰਜਾਂ ਨੂੰ ਸੀਮਿਤ ਕਰਕੇ ਅਜਿਹਾ ਮਾਡਲ ਅਪਣਾਉਣਾ ਚਾਹੀਦਾ ਹੈ, ਜਿਸ ਨਾਲ ਕੁਦਰਤ ਨੂੰ ਘੱਟ ਤੋਂ ਘੱਟ ਨੁਕਸਾਨ ਪਹੁੰਚੇ।

ਅੰਤ ਵਿੱਚ ਹੁਣ ਸਮਾਂ ਆ ਗਿਆ ਹੈ ਕਿ ਭਾਰਤ ‘ਕੁਦਰਤ ਦੇ ਅਧਿਕਾਰਾਂ’ ਨੂੰ ਕਾਨੂੰਨੀ ਮਾਨਤਾ ਦੇਣ ਬਾਰੇ ਵਿਚਾਰ ਕਰੇ ਤਾਂ ਜੋ ਗ੍ਰੇਟ ਨਿਕੋਬਾਰ ਵਰਗੇ ਵਿਲੱਖਣ ਖੇਤਰਾਂ ਨੂੰ ਆਪਣੇ ਅਸਲ ਰੂਪ ਵਿੱਚ ਜਿਊਂਦੇ ਰਹਿਣ ਦਾ ਹੱਕ ਮਿਲੇ। ਜੇਕਰ ਸਥਾਨਕ ਕਬਾਇਲੀ ਲੋਕਾਂ, ਵਾਤਾਵਰਣ ਵਿਗਿਆਨੀਆਂ ਅਤੇ ਕਾਨੂੰਨੀ ਮਾਹਿਰਾਂ ਦੀ ਇੱਕ ਸੁਤੰਤਰ ਕਮੇਟੀ ਬਣਾਈ ਜਾਵੇ ਤਾਂ ਕਿ ਇੱਕ ਬਿਹਤਰ ਵਿਕਾਸ ਮਾਡਲ ਲਾਗੂ ਕੀਤਾ ਜਾ ਸਕਦਾ ਹੈ। ਅਜਿਹਾ ਸੰਤੁਲਿਤ ਰਾਹ ਅਪਣਾ ਕੇ ਭਾਰਤ ਆਪਣੇ ‘ਨੈੱਟ-ਜ਼ੀਰੋ 2070’ ਦੇ ਵਾਤਾਵਰਣਕ ਟੀਚਿਆਂ ਨੂੰ ਵੀ ਪੂਰਾ ਕਰ ਸਕੇਗਾ ਅਤੇ ਟਾਪੂ ਦੀ ਅਨਮੋਲ ਕੁਦਰਤੀ ਸੁੰਦਰਤਾ ਨੂੰ ਵੀ ਸੁਰੱਖਿਅਤ ਰੱਖ ਸਕੇਗਾ। 21ਵੀਂ ਸਦੀ ਵਿੱਚ ਸੱਚੀ ਤਰੱਕੀ ਦਾ ਮਤਲਬ ਸਿਰਫ਼ ਕੰਕਰੀਟ ਦੀਆਂ ਵੱਡੀਆਂ ਇਮਾਰਤਾਂ ਖੜ੍ਹੀਆਂ ਕਰਨਾ ਨਹੀਂ ਹੈ; ਅਸਲ ਪ੍ਰਗਤੀ ਉਹੀ ਹੈ ਜਿੱਥੇ ਆਰਥਿਕ ਵਿਕਾਸ ਦੇ ਨਾਲ-ਨਾਲ ਕੁਦਰਤ ਦੀ ਸੰਭਾਲ ਹੋਵੇ ਅਤੇ ਸਮਾਜ ਦੇ ਸਭ ਤੋਂ ਕਮਜ਼ੋਰ ਲੋਕਾਂ ਦੇ ਅਧਿਕਾਰਾਂ ਦੀ ਰਾਖੀ ਕੀਤੀ ਜਾਵੇ।

# ਮਨੀਮਾਜਰਾ ਵਿੱਚ ਇੰਟੈਂਸਿਫਾਇਡ ਇੰਟੀਗ੍ਰੇਟਡ ਹੈਲਥ ਕੈਂਪ ਦੇ ਜ਼ਰੀਏ ਸ਼ੁਰੂਆਤੀ ਰੋਗ ਪਹਿਚਾਣ ਅਤੇ ਟੀਬੀ ਖ਼ਾਤਮਾ ਮੁਹਿੰਮ ਨੂੰ ਗਤੀ ਮਿਲੀ

**ਚੰਡੀਗੜ੍ਹ, 26 ਜੂਨ**
**-ਸ਼.ਅ.ਬਿਓਰੋ-**

ਸਿਹਤ ਵਿਭਾਗ, ਯੂਟੀ ਚੰਡੀਗੜ੍ਹ ਨੇ ਅੱਜ ਕਮਿਊਨਿਟੀ ਸੈਂਟਰ, ਮਨੀਮਾਜਰਾ ਵਿਖੇ ਇੰਟੈਂਸਿਫਾਇਡ ਇੰਟੀਗ੍ਰੇਟਡ ਹੈਲਥ ਕੈਂਪ ਦਾ ਆਯੋਜਨ ਜਾਰੀ ਰੱਖਿਆ। ਇਹ ਮੁਹਿੰਮ ਸੰਵੇਦਨਸ਼ੀਲ ਅਤੇ ਉੱਚ-ਜੋਖਮ ਵਾਲੇ ਭਾਈਚਾਰਿਆਂ ਵਿੱਚ ਸ਼ੁਰੂਆਤੀ ਰੋਗ ਪਹਿਚਾਣ, ਨਿਵਾਰਕ ਸਿਹਤ ਸੇਵਾਵਾਂ ਅਤੇ ਸਮੁਦਾਇਕ ਪਹੁੰਚ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਿਲ ਹੈ।

ਇਹ ਮੁਹਿੰਮ ਦੀ ਸ਼ੁਰੂਆਤ ਕੱਲ੍ਹ ਡਾ. ਸਦਭਾਵਨਾ ਪੰਡਿਤ, ਕਾਰਜਕਾਰੀ ਡਾਇਰੈਕਟਰ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਅਤੇ ਮਿਸ਼ਨ ਡਾਇਰੈਕਟਰ, ਨੈਸ਼ਨਲ ਹੈਲਥ ਮਿਸ਼ਨ (ਐੱਨਐੱਚਐੱਮ/©8$), ਯੂਟੀ ਚੰਡੀਗੜ੍ਹ ਦੁਆਰਾ ਕੀਤੀ ਗਈ ਸੀ। ਇਹ ਆਪਣੀ ਤਰ੍ਹਾਂ ਦੀ ਪਹਿਲੀ ਪਹਿਲ ਹੈ ਜਿਸ ਵਿੱਚ ਵਿਭਿੰਨ ਨੈਸ਼ਨਲ ਹੈਲਥ ਪ੍ਰੋਗਰਾਮਾਂ ਨੂੰ ਇੱਕ ਹੀ ਮੰਚ ’ਤੇ ਲਿਆ ਕੇ ਵਿਆਪਕ ਸਕ੍ਰੀਨਿੰਗ, ਨਿਦਾਨ, ਸਲਾਹ, ਰੈਫਰਲ ਅਤੇ ਇਲਾਜ ਸੇਵਾਵਾਂ ਸਮੁਦਾਇ ਤੱਕ ਪਹੁੰਚਾਈਆਂ ਜਾ ਰਹੀਆਂ ਹਨ।

ਕੈਂਪ ਵਿੱਚ ਤਪਦਿਕ ਰੋਗ (ਟੀਬੀ), ਐੱਚਆਈਵੀ/ਏਡਸ, ਹੈਪੇਟਾਇਟਿਸ-ਬੀ ਅਤੇ ਸੀ, ਸ਼ੂਗਰ, ਹਾਇਪਰਟੈਨਸ਼ਨ ਅਤੇ ਸਿਫਿਲਿਸ ਸਹਿਤ ਵਿਭਿੰਨ ਸਿਹਤ ਸਮੱਸਿਆਵਾਂ ਦੀ ਮੁਫ਼ਤ ਸਕ੍ਰੀਨਿੰਗ ਕੀਤੀ ਗਈ। ਮੌਕੇ ’ਤੇ ਸਕ੍ਰੀਨਿੰਗ, ਜਾਗਰੂਕਤਾ, ਸਲਾਹ ਅਤੇ ਡਾਇਗਨੌਸਟਿਕ ਸੇਵਾਵਾਂ ਉਪਲਬਧ ਕਰਵਾਉਣ ਲਈ ਰਾਸ਼ਟਰੀ ਤਪਦਿਕ ਰੋਗ ਖ਼ਾਤਮਾ ਪ੍ਰੋਗਰਾਮ (ਐੱਨਟੀਈਪੀ) ਦੀ ਮੋਬਾਈਲ ਡਾਇਗਨੌਸਟਿਕ ਵੈਨ ਵੀ ਤੈਨਾਤ ਕੀਤੀ ਗਈ।

ਏਰੀਆ ਕੌਂਸਲਰ ਨੇ ਵੀ ਕੈਂਪ ਵਿੱਚ ਹਿੱਸਾ ਲਿਆ ਅਤੇ ਲੋਕਾਂ ਨੂੰ ਮੁਫ਼ਤ ਸਿਹਤ ਸੇਵਾਵਾਂ ਦਾ ਲਾਭ ਉਠਾਉਣ ਅਤੇ ਅਧਿਕ ਜਾਗਰੂਕਤਾ, ਸਮੇਂ ’ਤੇ ਟੈਸਟਿੰਗ ਅਤੇ ਜਨਭਾਗੀਦਾਰੀ ਦੇ ਜ਼ਰੀਏ ਚੰਡੀਗੜ੍ਹ ਨੂੰ ਟੀਬੀ ਮੁਕਤ ਬਣਾਉਣ ਦੀ ਮੁਹਿੰਮ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ।

ਮੁਹਿੰਮ ਦਾ ਪ੍ਰਮੁੱਖ ਉਦੇਸ਼ ਆਧੁਨਿਕ ਤਕਨੀਕਾਂ ਦੇ ਜ਼ਰੀਏ ਟੀਬੀ ਰੋਗੀਆਂ ਦੀ ਸਰਗਰਮ ਪਹਿਚਾਣ ਕਰਨਾ ਰਿਹਾ। ਪੋਰਟੇਬਲ ਡਿਜੀਟਲ ਚੈਸਟ ਐਕਸ-ਰੇ ਦੇ ਜ਼ਰੀਏ ਸੰਭਾਵਿਤ ਟੀਬੀ ਰੋਗੀਆਂ ਦੀ ਤੀਬਰ ਜਾਂਚ ਕੀਤੀ ਗਈ, ਜਦਕਿ ਜ਼ਰੂਰਤ ਅਨੁਸਾਰ ਪੁਸ਼ਟੀ ਲਈ ਕਾਰਟ੍ਰਿਜ-ਅਧਾਰਿਤ ਨਿਊਕਲਿਕ ਐਸਿਡ ਐਂਪਲੀਫਿਕੇਸ਼ਨ ਟੈਸਟ (ਸੀਬੀਐੱਨਏਏਟੀ/32©11“) ਕੀਤਾ ਗਿਆ। ਟੀਬੀ ਤੋਂ ਪੀੜਤ ਪਾਏ ਗਏ ਵਿਅਕਤੀਆਂ ਨੂੰ ਰਾਸ਼ਟਰੀ ਤਪਦਿਕ ਰੋਗ ਖ਼ਾਤਮਾ ਪ੍ਰੋਗਰਾਮ ਦੇ ਤਹਿਤ ਮੁਫ਼ਤ ਇਲਾਜ ਅਤੇ ਸਹਾਇਤਾ ਸੇਵਾਵਾਂ ਨਾਲ ਤਤਕਾਲ ਜੋੜਿਆ ਗਿਆ।

ਸਕ੍ਰੀਨਿੰਗ ਦੇ ਨਾਲ-ਨਾਲ ਸਿਹਤ ਟੀਮਾਂ ਨੇ ਸੰਕ੍ਰਾਮਕ ਅਤੇ ਗ਼ੈਰ-ਸੰਕ੍ਰਾਮਕ ਰੋਗਾਂ ਬਾਰੇ ਜਾਗਰੂਕਤਾ ਅਤੇ ਸਲਾਹ ਵੀ ਪ੍ਰਦਾਨ ਕੀਤੀ। ਲਾਭਾਰਥੀਆਂ ਨੂੰ ਸਮੇਂ ’ਤੇ ਸਕ੍ਰੀਨਿੰਗ, ਇਲਾਜ ਦਾ ਨਿਯਮਿਤ ਪਾਲਨ, ਸੰਤੁਲਿਤ ਪੋਸ਼ਣ, ਤੰਦਰੁਸਤ ਜੀਵਨਸ਼ੈਲੀ ਅਤੇ ਨਿਯਮਿਤ ਸਿਹਤ ਜਾਂਚ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ। ਨਾਲ ਹੀ ਵਿਭਿੰਨ ਸਰਕਾਰੀ ਸਿਹਤ ਯੋਜਨਾਵਾਂ ਅਤੇ ਉਪਲਬਧ ਸੁਵਿਧਾਵਾਂ ਦੀ ਵੀ ਜਾਣਕਾਰੀ ਸਾਂਝੀ ਕੀਤੀ ਗਈ।

* ਕੁੱਲ ਚੈਸਟ ਐਕਸ-ਰੇ: 75
* ਕੁੱਲ ਸੀਬੀਐੱਨਏਏਟੀ (CBNAAT) ਟੈਸਟ: 4
* ਬਲੱਡ ਸ਼ੂਗਰ ਟੈਸਟ: 70
* ਭਾਰ ਟੈਸਟ: 70
* ਬਲੱਡ ਪ੍ਰੈਸ਼ਰ ਟੈਸਟ: 68
* ਐੱਚਆਈਵੀ(89੭), ਵੀਡੀਆਰਐੱਲ, ਐੱਚਬੀਐੱਸਏਜੀ, ਅਤੇ ਐੱਚਸੀਵੀ ਟੈਸਟ: 54

ਤੀਬਰ ਮੁਹਿੰਮ ਦੇ ਤਹਿਤ ਸਿਹਤ ਵਿਭਾਗ ਨੇ ਆਗਾਮੀ ਕੈਂਪਾਂ ਦੀ ਸਮਾਂ-ਸਾਰਣੀ ਵੀ ਜਾਰੀ ਕੀਤੀ ਹੈ:

ਸੀਰੀਅਲ ਨੰਬਰ ਮਿਤੀ ਸਥਾਨ
1) 24.06.2026 ਮੰਦਿਰ ਠਾਕੁਰ ਦੁਆਰਾ, ਮਨੀਮਾਜਰਾ
2) 25.06.2026 ਕਮਿਊਨਿਟੀ ਸੈਂਟਰ, ਰਿਮਟ ਸਕੂਲ ਦੇ ਨੇੜੇ, ਮਨੀਮਾਜਰਾ
3) 26.06.2026 ਮੌਲੀ ਪਿੰਡ
4) 27.06.2026 ਵਾਲਮੀਕਿ ਮੰਦਿਰ ਦੇ ਮੁੱਖ ਗੇਟ ਦੇ ਸਾਹਮਣੇ, ਸੈਕਟਰ-25
5) 29.06.2026 ਸਾਈਂ ਬਾਬਾ ਮੰਦਿਰ ਦੇ ਨੇੜੇ, ਸੈਕਟਰ-29
6) 30.06.2026 ਮੰਦਿਰ ਖੇਤਰ, ਸੈਕਟਰ-50
7) 01.07.2026 ਢਿੱਲੋਂ ਕੰਪਲੈਕਸ, ਮਨੀਮਾਜਰਾ
8) 02.07.2026 ਮੋਟਰ ਮਾਰਕਿਟ, ਮਨੀਮਾਜਰਾ

ਨਿਰਧਾਰਿਤ ਪ੍ਰੋਗਰਾਮ ਅਨੁਸਾਰ ਸਿਹਤ ਟੀਮਾਂ ਇਨ੍ਹਾਂ ਖੇਤਰਾਂ ਵਿੱਚ ਸਕ੍ਰੀਨਿੰਗ, ਕਾਊਂਸਲਿੰਗ, ਜਾਗਰੂਕਤਾ, ਰੈਫਰਲ ਸੇਵਾਵਾਂ ਅਤੇ ਸਰਗਰਮ ਰੋਗੀ ਖੋਜ ਮੁਹਿੰਮ ਜਾਰੀ ਰੱਖਣਗੀਆਂ। ਵਿਸ਼ੇਸ਼ ਤੌਰ ’ਤੇ ਸ਼ਨਾਖ਼ਤ ਕੀਤੇ ਸੰਵੇਦਨਸ਼ੀਲ ਖੇਤਰਾਂ ਦੇ ਨਿਵਾਸੀਆਂ ਨੂੰ ਇਨ੍ਹਾਂ ਕੈਂਪਾਂ ਵਿੱਚ ਹਿੱਸਾ ਲੈ ਕੇ ਮੁਫ਼ਤ ਸਿਹਤ ਅਤੇ ਜਾਂਚ ਸੇਵਾਵਾਂ ਦਾ ਲਾਭ ਉਠਾਉਣ ਦੀ ਅਪੀਲ ਕੀਤੀ ਗਈ ਹੈ।

ਕੈਂਪ ਵਿੱਚ ਸਥਾਨਕ ਲੋਕਾਂ ਦੀ ਉਤਸ਼ਾਹਪੂਰਨ ਭਾਗੀਦਾਰੀ ਦੇਖਣ ਨੂੰ ਮਿਲੀ, ਜੋ ਨਿਵਾਰਕ ਸਿਹਤ ਸੇਵਾਵਾਂ ਪ੍ਰਤੀ ਵਧਦੀ ਜਾਗਰੂਕਤਾ ਅਤੇ ਸਮੁਦਾਇਕ ਸਿਹਤ ਪਹਿਲਾਂ ’ਤੇ ਲੋਕਾਂ ਦੇ ਵਧਦੇ ਵਿਸ਼ਵਾਸ ਨੂੰ ਦਰਸਾਉਂਦੀ ਹੈ। ਇਹ ਮੁਹਿੰਮ ਸਰਗਰਮ ਰੋਗੀ ਖੋਜ, ਮੁਫ਼ਤ ਟੈਸਟਿੰਗ ਅਤੇ ਇਲਾਜ ਦੀ ਯੂਨੀਵਰਸਲ ਉਪਲਬਧਤਾ, ਏਕੀਕ੍ਰਿਤ ਸਿਹਤ ਸੇਵਾਵਾਂ ਅਤੇ ਜਨਭਾਗੀਦਾਰੀ ਦੇ ਜ਼ਰੀਏ ਚੰਡੀਗੜ੍ਹ ਨੂੰ ਟੀਬੀ-ਮੁਕਤ ਬਣਾਉਣ ਦੇ ਪ੍ਰਯਾਸਾਂ ਨੂੰ ਗਤੀ ਪ੍ਰਦਾਨ ਕਰ ਰਹੀ ਹੈ। ਇੱਕ ਹੀ ਮੰਚ ’ਤੇ ਅਨੇਕ ਸਿਹਤ ਸੇਵਾਵਾਂ ਉਪਲਬਧ ਕਰਵਾਕੇ ਇਹ ਪਹਿਲ ਬਿਹਤਰ ਸਿਹਤ ਪਰਿਣਾਮ, ਸਮੇਂ ’ਤੇ ਰੋਗ ਪਹਿਚਾਣ ਅਤੇ ਸਮੁਦਾਇ ਦੀ ਭਾਗੀਦਾਰੀ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ।


ਸਿਹਤ ਵਿਭਾਗ, ਯੂਟੀ ਚੰਡੀਗੜ੍ਹ ਸਾਰੇ ਨਾਗਰਿਕਾਂ ਤੱਕ ਸੁਲਭ, ਸਮਾਨ ਅਤੇ ਲੋਕ-ਕੇਂਦ੍ਰਿਤ ਸਿਹਤ ਸੇਵਾਵਾਂ ਪਹੁੰਚਾਉਣ ਲਈ ਅਜਿਹੀਆਂ ਜਨਹਿਤਕਾਰੀ ਮੁਹਿੰਮਾਂ ਨੂੰ ਨਿਰੰਤਰ ਜਾਰੀ ਰੱਖਣ ਲਈ ਪ੍ਰਤੀਬੱਧ ਹੈ, ਤਾਕਿ ਤੰਦਰੁਸਤ ਚੰਡੀਗੜ੍ਹ ਦੀ ਦਿਸ਼ਾ ਵਿੱਚ ਕੋਈ ਵੀ ਵਿਅਕਤੀ ਪਿੱਛੇ ਨਾ ਰਹਿ ਜਾਵੇ।

# ਨੂਰ ਮੁਹੰਮਦ ਮੌਲਵੀ ਜੀ ਦੇ ਸਲਾਨਾ ਮੇਲੇ ’ਚ ਵਿਕਰਮ ਸਿੰਘ ਬਾਜਵਾ ਨੇ ਭਰੀ ਹਾਜ਼ਰੀ

**ਲੁਧਿਆਣਾ, 26 ਜੂਨ**
**-ਲਛਮਣ ਜੀਤ ਸਿੰਘ ਪੁਰਬਾ-**

ਵਿਧਾਨ ਸਭਾ ਹਲਕਾ ਸਾਹਨੇਵਾਲ ਅਧੀਨ ਪਿੰਡ ਮਾਂਗਟਾਂ ਵਿਖੇ ਨੂਰ ਮੁਹੰਮਦ ਮੌਲਵੀ ਜੀ ਦੇ ਸਲਾਨਾ ਮੇਲੇ ਵਿੱਚ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਵਿਕਰਮ ਸਿੰਘ ਬਾਜਵਾ ਨੇ ਆਪਣੇ ਸਾਥੀਆਂ ਸਮੇਤ ਸ਼ਿਰਕਤ ਕੀਤੀ। ਇਸ ਮੌਕੇ ਵਿਕਰਮ ਸਿੰਘ ਬਾਜਵਾ ਨੇ ਸਮੂਹ ਸੰਗਤ ਨੂੰ ਮੇਲੇ ਦੀ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ ਅਤੇ ਫਕੀਰਾਂ ਦੀ ਪਵਿੱਤਰ ਧਰਤੀ ਹੈ, ਜਿੱਥੇ ਆਪਸੀ ਭਾਈਚਾਰਾ ਅਤੇ ਸਾਂਝ ਹਮੇਸ਼ਾ ਮਜ਼ਬੂਤ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮੇਲੇ ਸਮਾਜ ਵਿੱਚ ਏਕਤਾ, ਭਾਈਚਾਰੇ ਅਤੇ ਮਿਲ-ਜੁਲ ਕੇ ਰਹਿਣ ਦਾ ਸੰਦੇਸ਼ ਦਿੰਦੇ ਹਨ। ਮੇਲੇ ਦੇ ਪ੍ਰਬੰਧਕਾਂ ਵੱਲੋਂ ਵਿਕਰਮ ਸਿੰਘ ਬਾਜਵਾ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਮੁੱਖ ਪ੍ਰਬੰਧਕ ਮਨਜੀਤ ਸਿੰਘ ਗਿੱਲ, ਅਵਤਾਰ ਸਿੰਘ ਤਾਰੀ, ਸਾਬਕਾ ਸਰਪੰਚ ਸੁਖਦੇਵ ਸਿੰਘ, ਪਲਵਿੰਦਰ ਸਿੰਘ ਗਿੱਲ, ਹਰਚੰਦ ਸਿੰਘ ਮਾਂਗਟ, ਮਾਸਟਰ ਕੇਵਲ ਸਿੰਘ, ਜਸਵੀਰ ਸਿੰਘ (ਮੈਂਬਰ ਪੰਚਾਇਤ), ਰਜੇਸ਼ ਕੁਮਾਰ ਖੰਨਾ ਆਦਿ ਹਾਜ਼ਰ ਸਨ।





# ਧਰਮ/ਪੋਲੀਟਿਕਸ



## ਚੌਥਾ ਦਰਜਾ ਮੁਲਾਜਮਾਂ ਵੱਲੋਂ ਰੋਹ ਭਰਪੂਰ ਰੈਲੀ ਕਰਕੇ ਨੂੰ ਦਿੱਤਾ ਮੰਗ ਪੱਤਰ: ਦਰਸ਼ਨ ਲੁਬਾਣਾ

ਪਟਿਆਲਾ, 26 ਜੂਨ
-ਅਮਨਦੀਪ ਸੱਭਰਵਾਲ-



ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਦੇ ਬੈਨਰ ਹੇਠ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੇ ਚੌਥਾ ਦਰਜਾ ਮੁਲਾਜਮਾਂ ਕੱਚਿਆਂ, ਪੱਕਿਆਂ ਤੇ ਮਿਡ—ਡੇ—ਮੀਲ, ਸਿਹਤ ਵਿਭਾਗ ਵਿਚਲੇ ਮੁਲਾਜਮਾਂ ਮੇਲ ਤੇ ਫੀ ਮੇਲ ਵੱਲੋਂ ਪੰਜਾਬ ਸਰਕਾਰ, ਸਿਹਤ ਮੰਤਰੀ ਸਿੱਖਿਆ ਮੰਤਰੀ ਤੇ ਸਥਾਨਕ ਸਰਕਾਰ ਮੰਤਰੀ, ਵਿੱਤ ਮੰਤਰੀ ਦਾ ਇੱਥੇ ਵਿਖੇ ਵਿਸ਼ਾਲ ਧਰਨਾ ਦੇ ਕੇ ਇਨ੍ਹਾਂ ਦਾ ਪਿੱਟ ਸਿਆਪਾ ਕੀਤਾ ਗਿਆ ਅਤੇ ਲੀਲਾ ਭਵਨ ਚੌਂਕ ਤੱਕ ਰੋਸ ਮਾਰਚ ਸੰਖੇਪਕ ਤੌਰ ਤੇ ਕੀਤਾ। ਤਿੰਨ ਮੰਗਾਂ ਦੇ ਮੈਮੋਰੰਡਮ ਯਾਦ ਪੱਤਰ ਦੇ ਰੂਪ ਵਿੱਚ ਦਿੱਤੇ ਗਏ, ਜਿਸ ਵਿੱਚ ਪ੍ਰਮੁੱਖ ਇਸ਼ੂ ਸ਼ਾਮਲ ਸਨ ਕਿ ਕੰਟਰੈਕਟ, ਆਊਟ ਸੋਰਸ, ਪਾਰਟ ਟਾਇਮ ਸਫਾਈ ਸੇਵਕ ਸੀਵਰਮੈਨ ਸਮੇਤ ਵੱਖ—ਵੱਖ ਕੈਟਾਗਰੀਜ਼ ਦੇ ਚੌਥਾ ਦਰਜਾ ਕਰਮੀਆਂ ਨੂੰ ਬਗੈਰ ਕਿਸੇ ਦੇਰੀ ਤੋਂ ਪੱਕਾ ਕੀਤਾ ਜਾਵੇ, ਠੇਕੇਦਾਰੀ ਪ੍ਰਥਾ ਦਾ ਖਾਤਮਾ ਕੀਤਾ ਜਾਵੇ, ਘੱਟੋ—ਘੱਟ ਉਜਰਤਾ ਮਹਿੰਗਾਈ ਅੰਕੜਿਆਂ ਅਨੁਸਾਰ 40000 ਹਜਾਰ ਰੁਪਏ ਪ੍ਰਤੀ ਮਹੀਨਾ ਨਿਸ਼ਚਿਤ ਕੀਤੀ ਜਾਵੇ, ਮਿਡ ਡੇ ਮੀਲ, ਆਸ਼ਾ ਵਰਕਰਾਂ, ਆਂਗਨਵਾੜੀ ਸਮੇਤ ਸਮੁੱਚੇ ਸਕੀਮ ਵਰਕਰਾਂ ਜਿਸ ਵਿੱਚ ਐਂਟੀ ਲਾਵਰਾ (ਬਰਿੰਡ) ਕਰਮੀ ਵੀ ਸ਼ਾਮਲ ਹਨ, ਇਹ ਤਨਖਾਹਾਂ ਇਨਾਂ ਤੇ ਵੀ ਲਾਗੂ ਕੀਤੀ ਜਾਵੇ, ਸੇਵਾਵਾਂ ਨਿਯਮਤ ਕੀਤੀਆਂ ਜਾਣ ਤੇ ਸਾਰੀਆਂ ਸਹੂਲਤਾਂ ਦਿੱਤੀਆਂ ਜਾਣ ਦੀ ਮੰਗ ਕੀਤੀ ਗਈ। ਪੰਜਾਬ ਵਿਚਲੇ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਸਫਾਈ ਸੇਵਕਾਂ, ਚੌਂਕੀਦਾਰਾਂ ਤੇ ਘੱਟੋ—ਘੱਟ ਉਜਰਤਾ ਨਿਯਮ ਲਾਗੂ ਕੀਤੇ ਜਾਣ ਤੇ ਬਨਦੀਆਂ ਸਹੂਲਤਾਂ, ਵਰਦੀਆਂ ਆਦਿ ਦਿੱਤੀਆਂ ਜਾਣ। ਇਸ ਦੌਰਾਨ ਪੰਜਾਬ ਸੁਬਾਰਡੀਨੇਟ ਫੈਡਰੇਸ਼ਨ (1680) ਵੱਲੋਂ ਇੱਕ ਵੱਖਰਾ ਮੈਮੋਰੰਡਮ ਭੇਜ ਕੇ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਸਿਘਰ ਹੀ ਬਹਾਲ ਕੀਤੀ ਜਾਵੇ, ਮਹਿੰਗਾਈ ਭੱਤਾ ਤੇ ਇਸ ਦਾ ਬਕਾਇਆ ਮਾਨਯੋਗ ਉੱਚ ਅਦਾਲਤਾਂ ਦੇ ਫੈਸਲੇ ਅਨੁਸਾਰ 30 ਜੂਨ ਤੱਕ ਨਗਦ ਅਦਾਇਗੀ ਕੀਤੀ ਜਾਵੇ, ਇਸ ਤਰ੍ਹਾਂ ਜੰਗਲਾਤ ਵਿਭਾਗ ਵਿੱਚ ਕਰਮੀਆਂ ਦੀਆਂ ਤਿੰਨ ਤਿੰਨ ਮਹੀਨਿਆਂ ਤੋਂ ਰੁੱਕੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ ਅਤੇ ਇਸ ਮਿਡ—ਡੇ—ਮੀਲ ਵਰਕਰਾਂ ਦੀਆਂ ਚਾਰ ਮਹੀਨਿਆਂ ਤੋਂ ਰੋਕੀਆਂ ਤਨਖਾਹਾਂ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ ਗਈ। ਇਨ੍ਹਾਂ ਸਮੁੱਚੇ ਕਰਮੀਆਂ ਦੀਆਂ ਸੂਚੀਆਂ ਬਦਾਏ ਜਾਣ ਤੇ ਇਨ੍ਹਾਂ ਦੀਆਂ ਸੇਵਾਵਾਂ ਨਿਸ਼ਮਤ ਕਰਨ ਦੀ ਮੰਗ ਵੀ ਲਿਖਤੀ ਰੂਪ ਵਿੱਚ ਸਿਹਤ ਮੰਤਰੀ ਪਾਸੋਂ ਕੀਤੀ ਗਈ। ਇਹ ਵੀ ਐਲਾਨ ਕੀਤਾ ਗਿਆ ਕਿ ਹੁਣ ਸਮੁੱਚਾ ਕੱਚਾ ਕਾਮਾ ਚੌਥਾ ਦਰਜਾ ਕਰਮੀ ਚੁੱਪ ਨਹੀਂ ਬੈਠੇਗਾ। ਸੰਘਰਸ਼ ਸਾਂਝੇ ਸੰਘਰਸ਼ਾਂ ਦੀ ਹਮਾਇਤ ਕਰੇਗਾ। ਮਿਤੀ 10 ਜੁਲਾਈ ਨੂੰ ਡਾਇਰੈਕਟਰ ਪਸ਼ੂ ਪਾਲਣ ਦਫਤਰ ਅੱਗੇ ਮੋਹਾਲੀ ਵਿਖੇ ਧਰਨਾ ਦੇ ਕੇ ਸਰਕਾਰ ਤੇ ਵਿਭਾਗ ਦਾ ਪਿੱਟ ਸਿਆਪਾ ਕੀਤਾ ਜਾਵੇਗਾ। ਅੱਜ ਦੇ ਐਕਸ਼ਨ ਨੂੰ ਜਿਹਨਾਂ ਆਗੂਆਂ ਨੇ ਸੰਬੋਧਨ ਤੇ ਅਗਵਾਈ ਕੀਤੀ ਉਨ੍ਹਾਂ ਵਿੱਚ ਦਰਸ਼ਨ ਸਿੰਘ ਲੁਬਾਣਾ, ਦੀਪ ਚੰਦ ਹੰਸ, ਸੁਨੀਲ ਦੱਤ, ਰਾਜੇਸ਼ ਗੋਲੂ, ਇੰਦਰਪਾਲ ਵਾਲਿਆ, ਗੌਤਮ ਭਾਰਦਵਾਜ, ਲਖਵੀਰ ਸਿੰਘ, ਰਾਮ ਲਾਲ ਰਾਮਾ, ਸ਼ਿਵ ਚਰਨ, ਰਾਮ ਪ੍ਰਸਾਦ ਸਹੋਤਾ, ਚਰਨਜੀਤ ਮਰਦਾਪੁਰ, ਸਤਨਾਮ ਸਿੰਘ, ਧਰਮਿੰਦਰ, ਗੁਰਿੰਦਰ ਗੁਰੀ, ਰਾਜ ਜ਼ੋਧਾ, ਕਰਮਜਤ ਟੀਨਾ, ਕਾਲਾ ਸਿੰਘ, ਤਰਲੋਚਨ ਮੰਡੋਲੀ, ਦਰਸ਼ਨ ਸਿੰਘ ਮਲੇਵਾਲ, ਹਰਭੀਮ ਸਿੰਘ, ਹਰਦੀਪ ਸਿੰਘ, ਮਦਨ ਲਾਲ ਨਾਭਾ, ਅਜੇ ਕੁਮਾਰ ਨਾਭਾ, ਅਜੈ ਕੁਮਾਰ ਸਨੌਰ, ਰਾਜ ਕੁਮਾਰ ਸਨੌਰ, ਸਰਬਜੀਤ ਸਿੰਘ ਆਦਿ ਆਗੂ ਸ਼ਾਮਲ ਹਨ।

## ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਜੀ ਵਿਖੇ ਪਹਿਲੀ ਵਾਰ ਨਿਰਜਲਾ ਇਕਾਦਸ਼ੀ ਬੜੀ ਧੂਮ ਧਾਮ ਨਾਲ ਮਨਾਈ : ਪੰਡਿਤ ਬ੍ਰਿਜ ਮੋਹਨ

ਪਟਿਆਲਾ, 26 ਜੂਨ
-ਸ਼.ਅ.ਬਿਓਰੋ-



ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: ਅਤੇ ਭਗਤਾਂ ਦੇ ਸਹਿਯੋਗ ਨਾਲ ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਜੀ ਦੇ ਪ੍ਰਾਗਣ ਅਤੇ ਵਿਸ਼ਾਲ ਸ਼ਿਵ ਜੀ ਦੀ ਮੂਰਤੀ ਦੇ ਕੋਲ ਬੜੀ ਧੂਮ ਧਾਮ ਦੇ ਨਾਲ ਮਨਾਈ ਗਈ। ਸਵੇਰੇ ਤੋਂ ਲੈ ਕੇ ਰਾਤ ਤੱਕ ਮੰਦਿਰ ਵਿੱਚ ਪ੍ਰਸ਼ਾਦ ਲਗਾ ਕੇ ਵਰਤ ਵਾਲੇ ਲੰਗਰ ਚਲਦੇ ਰਹੇ। ਜਿਵੇਂ ਕਿ ਕੇਸਰ ਵਾਲੀ ਖੀਰ, ਆਲੂ ਚਾਟ, ਛਬੀਲ, ਵਰਤ ਵਾਲੇ ਪਕੌੜੇ, ਕੇਸਰ ਵਾਲੀ ਖੀਰ, ਦੁੱਧ, ਸ਼ਰਬਤ ਦਾ ਅਟੁੱਟ ਲੰਗਰ ਵਰਤਿਆ। ਸ਼ਿਵ ਮੰਡਲੀ ਦੁਆਰਾ ਸ਼ਾਮ ਨੂੰ 6:00 ਵਜੇ ਮਹਿਲਾ ਸਕੀਰਤਨ ਆਰਤੀ ਉਪਰੰਤ ਪ੍ਰਸ਼ਾਦ ਦੇ ਰੂਪ ਵਿੱਚ ਵਰਤ ਵਾਲੇ ਪਕਵਾਨ ਵਰਤੇ ਗਏ। ਸ਼ਿਵ ਮੰਡਲੀ ਵਲੋਂ ਭਗਤਾਂ ਨੂੰ ਭਜਨਾ ਨਾਲ ਮੋਹਿਤ ਕੀਤਾ ਅਤੇ ਸਾਰੇ ਭਗਤ ਝੂਮ ਉੱਠੇ। ਇਸ ਮੌਕੇ ਭਗਤਾਂ ਦਾ ਸਲਾਬ ਦੇਖਣ ਯੋਗ ਸੀ। ਪੰਡਿਤ ਬ੍ਰਿਜ ਮੋਹਨ ਅਤੇ ਯਸ਼ਪਾਲ ਹਾਂਡਾ ਜੀ ਨੇ ਪ੍ਰਸੰਸਾ ਕੀਤੀ। 35 ਸਾਲਾਂ ਵਿੱਚ ਪਹਿਲੀ ਵਾਰ ਸੋਮਤੀ ਅਮੱਸਿਆ ਅਤੇ ਨਿਰਜਲਾ ਇਕਾਦਸ਼ੀ ਬੜੀ ਧੂਮ ਧਾਮ ਨਾਲ ਮਨਾਈ ਗਈ। ਸ਼ਿਵ ਮੰਡਲੀ ਤੋਂ ਸੁੰਮਨ ਭੈਣ ਜੀ ਨੇ ਕਿਹਾ ਕਿ ਮੈਂ 25—30 ਸਾਲ ਤੋਂ ਆ ਰਹੀ ਹਾਂ। ਇਤਨੇ ਲੰਗਰ ਅਤੇ ਭਗਤਾਂ ਦੇ ਇਕੱਠ ਪਹਿਲਾਂ ਕਦੇ ਵੀ ਨਹੀਂ ਦੇਖਿਆ। ਮੰਦਿਰ ਦੀ ਆਸਥਾ ਬਹੁਤ ਹੀ ਵੱਧ ਗਈ ਹੈ, ਮੰਦਿਰ ਵਿਖੇ ਹਰ ਸਮੇਂ ਭਗਤ ਆਉਂਦੇ ਜਾਂਦੇ ਰਹਿੰਦੇ ਹਨ। ਇਸ ਮੌਕੇ ਉਚੇਚੇ ਤੌਰ ਤੇ ਐਮ.ਸੀ. 32 ਨੰਬਰ ਵਾਰਡ ਰਣਜੀਤ ਸਿੰਘ ਚੰਡੋਕ ਅਤੇ ਇਕਬਾਲ ਸਿੰਘ ਐਲ.ਆਈ.ਸੀ. ਸਮਾਜ ਸੇਵਕ ਨੇ ਆ ਕੇ ਭਗਤਾਂ ਵਿੱਚ ਵਰਤਾਉਣ ਦੀ ਸੇਵਾ ਕੀਤੀ। ਮੰਚ ਤੋਂ ਵਾਇਸ ਚੇਅਰਮੈਨ ਹਰੀ ਸਿੰਘ ਚੌਹਾਨ ਨੇ ਦੱਸਿਆ ਕਿ ਸੁਧਾਰ ਸਭਾ ਦੇ ਸਾਰੇ ਮੈਂਬਰ ਹਰ ਤਰ੍ਹਾਂ ਦੀ ਮਿਹਨਤ ਕਰਦੇ ਹਨ ਚਾਹੇ ਉਹ ਵਿਕਾਸ ਦਾ ਕੰਮ ਹੈ ਜਾਂ ਲੰਗਰ ਬਣਾਉਣ ਅਤੇ ਵਰਤਾਉਣ ਦੀ ਸੇਵਾ ਕਰਦੇ ਹਨ। ਇਨ੍ਹਾਂ ਦੱਸਿਆ ਹਰ ਮਹੀਨੇ ਤਿਰੋਸਦੀ (ਮਾਸਿਕ ਸ਼ਿਵਰਾਤਰੀ) ਮਨਾਈ ਜਾਂਦੀ ਹੈ ਅਤੇ ਸ਼ਾਮ ਨੂੰ 5:30 ਵਜੇ ਮਹਿਲਾ ਕੀਰਤਨ ਵਲੋਂ ਆਰਤੀ ਉਪਰੰਤ ਅਟੁੱਟ ਲੰਗਰ ਵਰਤਾਇਆ ਜਾਦਾ ਹੈ। ਹਰ ਮਹੀਨੇ ਪੂਰਨਮਾਸ਼ੀ ਵਾਲੇ ਦਿਨ ਸਵੇਰੇ 11:30 ਵਜੇ ਪ੍ਰਸ਼ਾਦ ਲਗਾ ਕੇ ਮੰਦਿਰ ਦੇ ਬਾਹਰ ਲੰਗਰ ਵਰਤਾਇਆ ਜਾਂਦਾ ਹੈ ਅਤੇ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਵੀ ਭੇਜਿਆ ਜਾਂਦਾ ਹੈ। ਹਿੰਦੂ ਅਤੇ ਸਿੱਖਾਂ ਦੇ ਦਿਨ ਤਿਉਹਾਰ ਵੀ ਬੜੇ ਧੂਮ ਧਾਮ ਨਾਨ ਮਨਾਏ ਜਾਂਦੇ ਹਨ ਅਤੇ ਹਿੰਦੂ ਅਤੇ ਸਿੱਖਾਂ ਦੇ ਦਿਨ ਤਿਉਹਾਰ ਤੇ ਲੰਗਰ ਬਣਾਇਆ ਜਾਦਾ ਹੈ। ਮਾਨਵਤਾ ਦੇ ਜੀਵਨ ਨੂੰ ਸਫਲ ਬਨਾਉਣ ਦੇ ਲਈ ਕ੍ਰਿਪਾ ਦਾਨ ਕਰਕੇ ਆਪਣਾ ਜੀਵਨ ਸਫਲ ਕਰੋ ਅਤੇ ਨਗਦ ਦੇ ਕੇ ਰਸੀਦ ਨਾਲ ਹੀ ਪ੍ਰਾਪਤ ਕਰੋ ਜਾਂ ਸਕੈਨਰ ਰਾਹੀਂ ਸੇਵਾ ਕਰੋ।

## ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਜ਼ਿਲ੍ਹਾ ਸੰਗਰੂਰ ਦੇ ਸਰਕਾਰੀ ਰਾਸ਼ਨ ਡਿਪੂਆਂ ਦਾ ਅਚਨਚੇਤ ਨਿਰੀਖਣ

ਸੰਗਰੂਰ, 26 ਜੂਨ
-ਜਗਦੇਵ ਰੰਚਨਾਂ-
-ਸ਼.ਅ.ਬਿਓਰੋ-



ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਨੈਸ਼ਨਲ ਫੂਡ ਸਕਿਉਰਿਟੀ ਐਕਟ, 2013 ਦੇ ਪ੍ਰਭਾਵਸ਼ਾਲੀ ਅਮਲ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਸੰਗਰੂਰ ਦੇ ਪਿੰਡ ਬੁਰਜ ਸੇਢਾ ਅਤੇ ਜੱਖਲਾ ਵਿਖੇ ਸਥਿਤ ਸਰਕਾਰੀ ਰਾਸ਼ਨ ਡਿਪੂਆਂ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਨਿਰੀਖਣ ਦੌਰਾਨ ਡਿਪੂਆਂ ਵਿੱਚ ਪ੍ਰਾਪਤ ਅਨਾਜ ਦੀ ਗੁਣਵੱਤਾ, ਭਾਰ, ਨਮੀ ਦੀ ਮਾਤਰਾ ਅਤੇ ਰਾਸ਼ਨ ਵੰਡ ਪ੍ਰਣਾਲੀ ਨਾਲ ਸਬੰਧਤ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ ਗਿਆ। ਇਸ ਮੌਕੇ ਅਨਾਜ ਦੀਆਂ ਵੱਖ-ਵੱਖ ਬੋਰੀਆਂ ਨੂੰ ਕੰਡੇ 'ਤੇ ਤੋਲਣ ਦੇ ਨਾਲ-ਨਾਲ ਨਮੀ ਮਾਪਣ ਵਾਲੇ ਮੀਟਰ ਰਾਹੀਂ ਤਕਨੀਕੀ ਜਾਂਚ ਵੀ ਕੀਤੀ ਗਈ। ਜਾਂਚ ਦੌਰਾਨ ਅਨਾਜ ਦੀ ਗੁਣਵੱਤਾ ਅਤੇ ਨਮੀ ਨਾਲ ਸਬੰਧਤ ਕੁਝ ਤਕਨੀਕੀ ਪਹਿਲੂ ਸਾਹਮਣੇ ਆਏ, ਜਿਨ੍ਹਾਂ ਦੇ ਮੱਦੇਨਜ਼ਰ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਲੋੜੀਂਦੀ ਸੁਧਾਰਾਤਮਕ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ। ਇਸ ਤੋਂ ਇਲਾਵਾ ਜਿਨ੍ਹਾਂ ਡਿਪੂਆਂ ਵਿੱਚ ਪੰਜਾਬ ਰਾਜ ਖੁਰਾਕ ਕਮਿਸ਼ਨ ਦਾ ਹੈਲਪਲਾਈਨ ਨੰਬਰ ਅਤੇ ਹੋਰ ਲੋੜੀਂਦੀ ਜਾਣਕਾਰੀ ਪ੍ਰਦਰਸ਼ਿਤ ਨਹੀਂ ਕੀਤੀ ਗਈ ਸੀ, ਉੱਥੇ ਸੂਚਨਾ ਬੋਰਡ ਤੁਰੰਤ ਲਗਾਉਣ ਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ ਗਈਆਂ। ਮੈਂਬਰ ਜਸਵੀਰ ਸਿੰਘ ਸੇਖੋਂ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਰਾਸ਼ਨ ਡਿਪੂਆਂ ਨੂੰ ਸਪਲਾਈ ਕੀਤਾ ਜਾਣ ਵਾਲਾ ਅਨਾਜ ਨਿਰਧਾਰਿਤ ਗੁਣਵੱਤਾ ਮਾਪਦੰਡਾਂ ਅਨੁਸਾਰ ਹੀ ਹੋਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਅਨਾਜ ਦੀ ਗੁਣਵੱਤਾ, ਭਾਰ ਅਤੇ ਨਮੀ ਦੀ ਨਿਯਮਿਤ ਜਾਂਚ ਕੀਤੀ ਜਾਵੇ ਅਤੇ ਰਾਸ਼ਨ ਵੰਡ ਪ੍ਰਕਿਰਿਆ ਵਿੱਚ ਪੂਰੀ ਪਾਰਦਰਸ਼ਤਾ ਅਤੇ ਜਵਾਬਦੇਹੀ ਬਰਕਰਾਰ ਰੱਖੀ ਜਾਵੇ, ਤਾਂ ਜੋ ਹਰ ਯੋਗ ਲਾਭਪਾਤਰੀ ਨੂੰ ਨਿਰਧਾਰਿਤ ਮਾਤਰਾ ਅਨੁਸਾਰ ਸਮੇਂ ਸਿਰ ਮਿਆਰੀ ਰਾਸ਼ਨ ਮਿਲ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਖੁਰਾਕ ਕਮਿਸ਼ਨ ਨੈਸ਼ਨਲ ਫੂਡ ਸਕਿਉਰਿਟੀ ਐਕਟ, 2013 ਦੀ ਪ੍ਰਭਾਵਸ਼ਾਲੀ ਲਾਗੂਅਮਲੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਲਾਭਪਾਤਰੀਆਂ ਦੇ ਹਿੱਤਾਂ ਦੀ ਸੁਰੱਖਿਆ ਅਤੇ ਜਨਤਕ ਵੰਡ ਪ੍ਰਣਾਲੀ ਵਿੱਚ ਪਾਰਦਰਸ਼ਤਾ ਤੇ ਜਵਾਬਦੇਹੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੰਜਾਬ ਰਾਜ ਖੁਰਾਕ ਕਮਿਸ਼ਨ ਵੱਲੋਂ ਸਮੇਂ-ਸਮੇਂ 'ਤੇ ਅਜਿਹੇ ਅਚਨਚੇਤ ਨਿਰੀਖਣ ਜਾਰੀ ਰੱਖੇ ਜਾਣਗੇ।

ਸੁਨਾਮ ਊਧਮ ਸਿੰਘ ਵਾਲਾ ਵਿਖੇ ਕਾਰਜਕਾਰੀ ਪ੍ਰਧਾਨ ਵਜੋਂ ਅਹੁਦਾ ਸੰਭਾਲਿਆ ਯਾਦਵਿੰਦਰ ਸਿੰਘ ਨਿਰਮਾਣ ਨੇ ਅਹੁਦਾ ਸੰਭਾਲਣ ਤੋਂ ਬਾਅਦ ਅੱਜ ਸ਼ਹਿਰ ਦੇ ਅਗਰਸੈਨ ਚੌਂਕ ਵਿੱਚ ਮੱਥਾ ਟੇਕਿਆ ਅਤੇ ਸਫਾਈ ਅਭਿਆਨ ਸ਼ੁਰੂ ਕੀਤਾ ਇਸ ਉਪਰਾਲੇ ਦਾ ਸ਼ਹਿਰ ਵਾਸੀਆਂ ਵੱਲੋਂ ਭਰਮਾਂ ਸਵਾਗਤ ਕੀਤਾ ਗਿਆ ਅਤੇ ਯਾਦਵਿੰਦਰ ਨਿਰਮਾਣ ਦੇ ਕੰਮਾਂ ਦੀ ਪ੍ਰਸੰਸਾ ਕੀਤੀ ਅਤੇ ਕਾਰਜਕਾਰੀ ਪ੍ਰਧਾਨ ਨੇ ਲੋਕਾਂ ਨੂੰ ਭਰੋਸਾ ਦਵਾਇਆ ਕਿ ਸਾਰੇ ਕੰਮ ਇਸੇ ਤਰ੍ਹਾਂ ਹੀ ਹੁੰਦੇ ਰਹਿਣਗੇ ਕਿਸੇ ਵੀ ਸ਼ਹਿਰ ਵਾਸੀ ਨੂੰ ਕੋਈ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ ਆਉਣ ਵਾਲੇ ਸਮੇਂ ਵਿੱਚ ਬਰਸਾਤਾਂ ਦੇ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਵੀ ਠੀਕ ਕੀਤਾ ਜਾਵੇਗਾ। ਤਾਂ ਜੋ ਸ਼ਹਿਰ ਨੂੰ ਸਾਫ ਅਤੇ ਸੁੰਦਰ ਬਣਾਇਆ ਜਾਵੇ ਅਤੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਆਪਣੀ ਜਿੰਮੇਵਾਰੀ ਸਮਝਦੇ ਹੋਏ ਆਪਣੇ ਸ਼ਹਿਰ ਨੂੰ ਸਾਫ ਸੁਥਰਾ ਰੱਖਿਆ ਜਾਵੇ

## ਐਸ.ਆਈ.ਆਰ.-2026 ਅਧੀਨ ਪੰਜਾਬ ਭਰ 'ਚ ਘਰੋ-ਘਰੀ ਗਣਨਾ ਸ਼ੁਰੂ

ਚੰਡੀਗੜ੍ਹ, 26 ਜੂਨ
-ਸ਼.ਅ.ਬਿਓਰੋ-



ਸੂਬੇ ਭਰ ਵਿੱਚ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ.) 2026 ਅਧੀਨ ਅੱਜ 24,453 ਬੀ.ਐਲ.ਓਜ਼. ਨੇ ਘਰੋ-ਘਰੀ ਦੌਰੇ ਕਰਨੇ ਸ਼ੁਰੂ ਕਰ ਦਿੱਤੇ ਹਨ। ਭਾਰਤੀ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਗਣਨਾ ਪੜਾਅ 25 ਜੂਨ ਤੋਂ 24 ਜੁਲਾਈ, 2026 ਤੱਕ ਜਾਰੀ ਰਹੇਗਾ, ਜਿਸ ਤਹਿਤ ਪੰਜਾਬ ਭਰ ਦੇ 2,14,61,043 ਵੋਟਰਾਂ ਤੱਕ ਪਹੁੰਚ ਕੀਤੀ ਜਾਵੇਗੀ।

ਘਰ-ਘਰ ਗਣਨਾ ਦੇ ਪਹਿਲੇ ਦਿਨ ਸੂਬੇ ਦੇ ਲੋਕਾਂ ਲਈ ਬਾਖ਼ੂਬ ਉਦਾਹਰਣ ਪੇਸ਼ ਕਰਦਿਆਂ ਸ਼੍ਰੀਮਤੀ ਅਨਿੰਦਿਤਾ ਮਿਤਰਾ, ਆਈਏਐਸ, ਮੁੱਖ ਚੋਣ ਅਫ਼ਸਰ, ਪੰਜਾਬ ਨੇ ਆਪਣੇ ਪਰਿਵਾਰ ਸਮੇਤ ਆਪਣਾ ਗਣਨਾ ਫਾਰਮ ਭਰਿਆ ਅਤੇ ਦਰੁਸਤ, ਸਮਾਵੇਸ਼ੀ ਤੇ ਸੋਧੀ ਹੋਈ ਵੋਟਰ ਸੂਚੀ ਤਿਆਰ ਕਰਨ ਵਿੱਚ ਆਪਣਾ ਯੋਗਦਾਨ ਪਾਇਆ। ਉਨ੍ਹਾਂ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਗਣਨਾ ਫਾਰਮ ਵੰਡਣ ਅਤੇ ਭਰਨ ਵਿੱਚ ਸਹਾਇਤਾ ਕਰਨ ਲਈ ਆਪਣੇ ਘਰਾਂ ਦਾ ਦੌਰਾ ਕਰਨ ਵਾਲੇ ਬੀ.ਐਲ.ਓਜ਼. ਨਾਲ ਸਹਿਯੋਗ ਕਰਨ। ਸ਼੍ਰੀਮਤੀ ਮਿਤਰਾ ਨੇ ਦੱਸਿਆ ਕਿ ਪਹਿਲਾ ਦਿਨ ਬਹੁਤ ਉਤਸ਼ਾਹਪੂਰਨ ਤੇ ਸਕਾਰਾਤਮਕ ਰਿਹਾ, ਸੂਬੇ ਵਿੱਚ ਗਣਨਾ ਫਾਰਮ ਪੂਰੇ ਸਫਲਤਾਪੂਰਵਕ ਵੰਡੇ ਗਏ।

ਨਾਗਰਿਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੀ ਇੱਕ ਤਾਜ਼ਾ ਰੰਗਦਾਰ ਫੋਟੋ ਤਿਆਰ ਰੱਖਣ, ਫਾਰਮ ਭਰ ਕੇ, ਇਸ 'ਤੇ ਦਸਤਖਤ ਕਰਨ ਅਤੇ ਬੀਐਲਓਜ਼ ਨੂੰ ਸੌਂਪਣ ਅਤੇ ਵਿਸ਼ੇਸ਼ ਗਹਿਰੀ ਸੁਧਾਈ (ਐਸਆਈਆਰ) ਪ੍ਰਕਿਰਿਆ ਪੂਰੀ ਹੋਣ ਤੱਕ ਦੂਜੀ ਕਾਪੀ ਨੂੰ ਆਪਣੇ ਕੋਲ ਸੰਭਾਲ ਕੇ ਰੱਖਿਆ ਜਾਵੇ। ਸੀ.ਈ.ਓ. ਨੇ ਵੋਟਰਾਂ ਨੂੰ ਭਰੋਸਾ ਦਿਵਾਉਂਦਿਆਂ ਕਿਹਾ ਕਿ ਕਿਸੇ ਵੀ ਸਥਿਤੀ ਵਿੱਚ ਘਬਰਾਉਣ ਦੀ ਲੋੜ ਨਹੀਂ ਹੈ। ਜੇਕਰ ਕੋਈ ਘਰ ਬੰਦ ਪਾਇਆ ਜਾਂਦਾ ਹੈ ਤਾਂ ਬੀਐਲਓ ਫਾਰਮ ਨੂੰ ਦਰਵਾਜ਼ੇ ਦੇ ਹੇਠੋਂ ਅੰਦਰ ਪਹੁੰਚਾ ਦੇਵੇਗਾ ਅਤੇ ਸਬੰਧਤ ਘਰ ਦੇ ਅਗਲੇ ਦੌਰੇ ਦੀ ਮਿਤੀ ਬਾਰੇ ਕੰਧ 'ਤੇ ਸਟਿੱਕਰ ਚਿਪਕਾ ਦਿੱਤਾ ਜਾਵੇਗਾ। ਬੀਐਲਓ ਫਾਰਮ ਇਕੱਠੇ ਕਰਨ ਲਈ ਤਿੰਨ ਵਾਰ ਘਰੋ-ਘਰੀ ਜਾਣਗੇ। ਜੇਕਰ ਵੋਟਰ ਘਰ ਮੌਜੂਦ ਨਹੀਂ ਹੈ, ਤਾਂ ਪਰਿਵਾਰਕ ਕੋਈ ਵੀ ਬਾਲਗ ਮੈਂਬਰ , ਸਬੰਧਤ ਵਿਅਕਤੀ ਨਾਲ ਆਪਣਾ ਰਿਸ਼ਤਾ ਦੱਸ ਕੇ ਉਸਦੇ ਫਾਰਮ 'ਤੇ ਦਸਤਖਤ ਕਰ ਕਰਕੇ ਫਾਰਮ ਵਾਪਸ ਬੀਐਲਓ ਨੂੰ ਦੇ ਸਕਦਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਸਹਾਇਤਾ ਲਈ ਵੋਟਰ ਈਸੀਆਈਨੈਟ ਮੋਬਾਈਲ ਐਪ ਦੀ ਵਰਤੋਂ ਵੀ ਕਰ ਸਕਦੇ ਹਨ ਅਤੇ ਆਪਣੇ ਬੀਐਲਓ ਨਾਲ ਸਿੱਧੇ ਜੁੜਨ ਲਈ 'ਬੁਕ ਏ ਕਾਲ ਵਿਦ ਬੀਐਲਓ' ਸਹੂਲਤ ਦਾ ਲਾਭ ਉਠਾ ਸਕਦੇ ਹਨ। ਵੋਟਰ ਈਸੀਆਈਨੈਟ ਮੋਬਾਈਲ ਐਪ ਜਾਂ ਵੋਟਰ ਸੇਵਾ ਪੋਰਟਲ ਰਾਹੀਂ ਔਨਲਾਈਨ ਵੀ ਭਰੇ ਹੋਏ ਗਣਨਾ ਫਾਰਮ ਜਮ੍ਹਾਂ ਕਰਵਾ ਸਕਦੇ ਹਨ, ਜਿਸ ਦੀ ਤਸਦੀਕ ਸਬੰਧਤ ਬੀਐਲਓ ਵੱਲੋਂ ਕੀਤੀ ਜਾਂਦੀ ਹੈ। ਪਿਛਲੇ ਐਸਆਈਆਰ ਰਿਕਾਰਡਾਂ ਤੱਕ ਵੀ ਇਹਨਾਂ ਪਲੇਟਫਾਰਮਾਂ ਰਾਹੀਂ ਪਹੁੰਚ ਕੀਤੀ ਜਾ ਸਕਦੀ ਹੈ।

## ਲਈਅਰ ਵੈਲੀ ਦੀ ਖੁਦਾਈ ਤੁਰੰਤ ਰੋਕੀ ਜਾਵੇ, ਹਰਿਆਲੀ ਬਚਾਈ ਜਾਵੇ : ਪਵਨ ਦੀਵਾਨ

ਲੁਧਿਆਣਾ, 26 ਜੂਨ
-ਲਛਮਣ ਜੀਤ ਸਿੰਘ ਪੁਰਬਾ-

ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਦੇ ਸਾਬਕਾ ਪ੍ਰਧਾਨ ਪਵਨ ਦੀਵਾਨ ਨੇ ਸਰਾਭਾ ਨਗਰ ਸਥਿਤ ਲਈਅਰ ਵੈਲੀ ਵਿੱਚ ਨਹਿਰੀ ਪਾਣੀ ਸਪਲਾਈ ਪ੍ਰੋਜੈਕਟ ਤਹਿਤ ਹੋ ਰਹੀ ਖੁਦਾਈ 'ਤੇ ਚਿੰਤਾ ਜ਼ਾਹਿਰ ਕਰਦਿਆਂ ਨਗਰ ਨਿਗਮ ਨੂੰ ਕੰਮ ਤੁਰੰਤ ਰੋਕਣ ਦੀ ਅਪੀਲ ਕੀਤੀ ਹੈ। ਦੀਵਾਨ ਨੇ ਕਿਹਾ ਕਿ ਸ਼ਹਿਰ ਦੇ ਪ੍ਰਮੁੱਖ ਹਰਿਆਲੀ ਭਰੇ ਖੇਤਰ ਨੂੰ ਬਿਨਾਂ ਸਹੀ ਯੋਜਨਾਬੰਦੀ ਦੇ ਨੁਕਸਾਨ ਪਹੁੰਚਾਇਆ ਜਾ ਰਿਹਾ ਹੈ, ਜਦਕਿ ਪਾਈਪਲਾਈਨ ਸੜਕ ਦੇ ਨਾਲ-ਨਾਲ ਵੀ ਵਿਛਾਈ ਜਾ ਸਕਦੀ ਹੈ। ਉਨ੍ਹਾਂ ਨੇ ਨਗਰ ਨਿਗਮ ਕਮਿਸ਼ਨਰ ਓਜਸਵੀ ਅਲੰਕਾਰ ਨੂੰ ਮੌਕੇ ਦਾ ਦੌਰਾ ਕਰਕੇ ਹਰਿਆਲੀ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਅਪੀਲ ਕੀਤੀ।

ਉਨ੍ਹਾਂ ਨੇ ਇਹ ਵੀ ਕਿਹਾ ਕਿ ਜ਼ੋਨ-ਡੀ ਦਫ਼ਤਰ ਸਾਹਮਣੇ ਸੜਕ ਮਹੀਨਿਆਂ ਤੋਂ ਖਰਾਬ ਪਈ ਹੈ, ਜਦਕਿ ਸਰਕਾਰ ਵਿਕਾਸ ਦੇ ਵੱਡੇ-ਵੱਡੇ ਦਾਅਵੇ ਕਰ ਰਹੀ ਹੈ। ਦੀਵਾਨ ਨੇ ਮੰਗ ਕੀਤੀ ਕਿ ਲਈਅਰ ਵੈਲੀ ਅਤੇ ਆਸ-ਪਾਸ ਦੇ ਪਾਰਕਾਂ ਨੂੰ ਬਿਨਾਂ ਨੁਕਸਾਨ ਪਹੁੰਚਾਏ ਪ੍ਰੋਜੈਕਟ ਨੂੰ ਸਹੀ ਯੋਜਨਾਬੰਦੀ ਨਾਲ ਲਾਗੂ ਕੀਤਾ ਜਾਵੇ।

## ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ 'ਤੇ ਗੁਰਦੁਆਰਾ ਕੰਪਲੈਕਸ ਅੰਦਰ ਲਗਾਏ 'ਗੁਰੂ ਦੋਖੀ ਪੰਥ ਵਿਰੋਧੀ' ਹੋਰਡਿੰਗਜ਼

➢ ਪੰਜ ਸਾਹਿਬਾਨ ਦੇ ਆਦੇਸ਼ਾਂ 'ਤੇ ਸਿੱਖ ਸੰਗਤ ਮੁੱਖ ਮੰਤਰੀ ਨੂੰ ਮੂੰਹ ਨਾ ਲਗਾਵੇ : ਜਥੇਦਾਰ ਗੜ੍ਹੀ ➢ਹੋਰਡਿੰਗਜ਼ ਫਲੈਕਸ ਉਤਰਵਾਏ ਜਾਣ ਦੀ ਜ਼ਿਲ੍ਹਾ ਪ੍ਰਸ਼ਾਸਨ ਹੁਕਮ ਅਦੂਲੀ ਨਾ ਕਰੇ : ਮੈਂਬਰ ਸਾਹਿਬਾਨ

ਪਟਿਆਲਾ, 26 ਜੂਨ
-ਬਲਜੀਤ ਸਰਨਾ-




ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ 'ਤੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਗੁਰਦੁਆਰਾ ਪ੍ਰਬੰਧਕਾਂ ਵੱਲੋਂ 'ਗੁਰੂ ਦੋਖੀ ਪੰਥ ਵਿਰੋਧੀ' ਫਲੈਕਸ ਹੋਰਡਿੰਗਜ਼ ਲਗਾਏ ਗਏ ਹਨ ਕਿਉਂਕਿ ਪੰਜ ਸਿੰਘ ਸਾਹਿਬਾਨ ਦਾ ਆਦੇਸ਼ਾਂ ਨੂੰ ਇਨ ਬਿਨ ਲਾਗੂ ਕੀਤਾ ਜਾ ਸਕੇ। ਇਸ ਦੌਰਾਨ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਆਦੇਸ਼ ਹੋਏ ਹਨ ਕਿ ਗੁਰਦੁਆਰਾ ਸਾਹਿਬਾਨ ਦੇ ਬਾਹਰ ਅਤੇ ਕੰਪਲੈਕਸ ਦੇ ਅੰਦਰ 'ਗੁਰੂ ਦੋਖੀ ਪੰਥ ਵਿਰੋਧੀ' ਹੋਰਡਿੰਗਜ਼ ਲਗਾ ਕਿ ਸੰਗਤ ਨੂੰ ਹੋਏ ਆਦੇਸ਼ਾਂ ਤੋਂ ਜਾਣੂੰ ਕਰਵਾਇਆ ਜਾ ਸਕੇ। ਇਸ ਦੌਰਾਨ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ ਹੋਰਡਿੰਗਜ਼ ਉਤਰਵਾਏ ਜਾਣੂੰ ਲੈ ਕੇ ਜਿ ?ਲ੍ਹਾ ਪ੍ਰਸ਼ਾਸਨ ਦਖਅੰਦਾਜ਼ੀ ਕਰ ਰਿਹਾ ਹੈ ਅਤੇ ਇਸ ਸਬੰਧੀ ਰਿਪੋਰਟ ਸ੍ਰੀ ਅਕਾਲ ਤਖਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸ ਭੇਜ ਦਿੱਤੀ ਗਈ ਹੈ।

ਗੁਰਦੁਆਰਾ ਕੰਪਲੈਕਸ ਅੰਦਰ ਹੋਰਡਿੰਗਜ਼ ਲਗਾਏ ਜਾਣ ਤੋਂ ਬਾਅਦ ਜਿ ?ਲ੍ਹਾ ਪ੍ਰਸ਼ਾਸਨ ਵੱਲੋਂ ਫਲੈਕਸ ਉਤਾਰਵਾਏ ਜਾਣ ਨੂੰ ਲੈ ਕੇ ਕੀਤੀ ਜਾ ਰਹੀ ਦਖਲ ਅੰਦਾਜ਼ੀ ਦਾ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਦਾ ਗੰਭੀਰ ਨੋਟਿਸ ਲਿਆ ਹੈ। ਇਸ ਸਬੰਧ ਵਿਚ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ ਨੇ ਕਿਹਾ ਕਿ ਅਜਿਹਾ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਕਿ ਕੋਈ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਦੀ ਹੁਕਮ ਅਦੂਲੀ ਕਰੇ। ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਦੇ ਆਦੇਸ਼ ਹੋਏ ਹਨ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਕਥਿਤ ਵੀਡੀਓ ਦਾ ਗੰਭੀਰ ਨੋਟਿਸ ਲੈਣ ਤੋਂ ਬਾਅਦ ਆਦੇਸ਼ ਹੋਏ ਹਨ ਕਿ ਸਿੱਖ ਸੰਗਤ ਗੁਰੂ ਦੋਖੀ ਪੰਥ ਵਿਰੋਧੀ ਨੂੰ ਸੰਗਤ ਮੂੰਹ ਨਾ ਲਗਾਵੇ। ਉਨ੍ਹਾਂ ਕਿਹਾ ਕਿ ਆਦੇਸ਼ਾਂ ਦੀ ਇਨ ਬਿਨ ਪਾਲਣਾ ਕੀਤੀ ਜਾਵੇਗੀ ਅਤੇ ਕਿਸੇ ਵੀ ਤਰ੍ਹਾਂ ਸਰਕਾਰ ਅਤੇ ਪ੍ਰਸ਼ਾਸਨ ਦੀ ਦਖਲਅੰਦਾਜ਼ੀ ਨੂੰ ਸ਼੍ਰੋਮਣੀ ਕਮੇਟੀ ਦੇ ਕੰਮ ਵਿਚ ਦਖਲ ਨੂੰ ਬਰਦਾਸ਼ਤ ਨਹੀਂ ਕਰਾਂਗੇ। ਜਥੇਦਾਰ ਗੜ੍ਹੀ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਆਦੇਸ਼ ਹੋਏ ਹਨ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਬੰਧ ਅਧੀਨ ਗੁਰਦੁਆਰਾ ਸਾਹਿਬਾਨ ਦੇ ਬਾਹਰ ਅਤੇ ਹਦੂਦ ਦੇ ਅੰਦਰ ਗੁਰੂ ਦੋਖੀ ਪੰਥੀ ਵਿਰੋਧੀ ਹੋਰਡਿਗਜ਼ ਲਗਾ ਕੇ ਆਦੇਸ਼ਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਮੀਤ ਮੈਨੇਜਰ ਨਵਜਿੰਦਰ ਸਿੰਘ, ਮੀਤ ਮੈਨੇਜਰ ਮਨਜੀਤ ਸਿੰਘ, ਅਕਾਊਟੈਂਟ ਗੁਰਮੀਤ ਸਿੰਘ, ਰਿਕਾਰਡਕੀਪਰ ਪ੍ਰਿਤਪਾਲ ਸਿੰਘ, ਸਰਬਜੀਤ ਸਿੰਘ, ਸੁਖਦੇਵ ਸਿੰਘ ਕਾਹਲਵਾਂ, ਭਾਈ ਹਜ਼ੂਰ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਸਟਾਫ ਮੈਂਬਰ ਆਦਿ ਸ਼ਾਮਲ ਸਨ।

## ਬਾਬਾ ਬੰਦਾ ਸਿੰਘ ਬਹਾਦਰ ਜੀ ਦਾ 310ਵਾਂ ਸ਼ਹੀਦੀ ਦਿਹਾੜਾ ਸ਼ਰਧਾ ਨਾਲ ਮਨਾਇਆ


ਲੁਧਿਆਣਾ, 26 ਜੂਨ
-ਲਛਮਣ ਜੀਤ ਸਿੰਘ ਪੁਰਬਾ-



ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਗੁਰਦੁਆਰਾ ਗੁਰੂ ਨਾਨਕ ਸਿਮਰਨ ਕੇਂਦਰ, ਫਿਰੋਜ਼ਪੁਰ ਰੋਡ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ 310ਵਾਂ ਸ਼ਹੀਦੀ ਦਿਹਾੜਾ ਸੰਤ ਬਾਬਾ ਸੁਖਬੀਰ ਸਿੰਘ ਜੀ ਦੀ ਸਰਪ੍ਰਸਤੀ ਹੇਠ ਪੂਰਨ ਸ਼ਰਧਾ ਨਾਲ ਮਨਾਇਆ ਗਿਆ।

ਸਮਾਗਮ ਦੌਰਾਨ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਪੰਜਾਬ ਕਨਵੀਨਰ ਜਸਵੰਤ ਸਿੰਘ ਛਾਪਾ ਅਤੇ ਹੋਰ ਬੁਲਾਰਿਆਂ ਨੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ, ਸਿੱਖ ਕੌਮ ਅਤੇ ਕਿਸਾਨਾਂ ਲਈ ਉਨ੍ਹਾਂ ਦੇ ਇਤਿਹਾਸਕ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਜੀਵਨ, ਸਿੱਖੀ ਅਤੇ ਹੱਕ-ਸੱਚ ਲਈ ਦਿੱਤੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਉਣਾ ਸਮੇਂ ਦੀ ਲੋੜ ਹੈ।

ਇਸ ਮੌਕੇ ਮਾਤਾ ਵਿਪਨਪ੍ਰੀਤ ਕੌਰ, ਜਥੇਦਾਰ ਤਰਨਜੀਤ ਸਿੰਘ ਨਿਮਾਣਾ, ਮਨਿੰਦਰ ਸਿੰਘ ਅਹੂਜਾ, ਤਜਿੰਦਰਪਾਲ ਸਿੰਘ ਸ਼ੰਟੀ ਸਰਗੋਧਾ, ਚੁਪਹਿਰਾ ਪਰਿਵਾਰ, ਸਿੱਖ ਨੌਜਵਾਨ ਸੁਸਾਇਟੀ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਪਤਵੰਤੇ ਹਾਜ਼ਰ ਸਨ।



# ਪੰਜਾਬ ਕਾਂਗਰਸ ਦੀ ਸਹਿ-ਇੰਚਾਰਜ ਹਿਨਾ ਕਾਵੜੇ ਨਾਲ ਮਹੰਤ ਖਨੌੜਾ ਨੇ ਕੀਤੀ ਮੁਲਾਕਾਤ

## ਸੂਬੇ ਅੰਦਰ ਦੀ ਕਾਂਗਰਸ ਦੀ ਸਰਕਾਰ ਬਣਨਾ ਤੈਅ: ਹਿਨਾ ਕਾਵੜੇ



**ਪਟਿਆਲਾ, 26 ਜੂਨ**
**-ਬਲਜੀਤ ਸਰਨਾ-**

ਸੂਬੇ ਅੰਦਰ ਕਾਂਗਰਸ ਦੀ ਮਜਬੂਤੀ ਲਈ ਕਾਂਗਰਸ ਹਾਈ ਕਮਾਂਡ ਵੱਲੋਂ ਪੰਜਾਬ ਅੰਦਰ ਵੱਖ-ਵੱਖ ਇੰਚਾਰਜ ਨਿਯੁਕਤ ਕੀਤੇ ਗਏ ਹਨ ਤਾਂ ਜੋ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਪਾਰਟੀ ਨੂੰ ਮਜਬੂਤ ਕੀਤਾ ਜਾ ਸਕੇ। ਪੰਜਾਬ ਕਾਂਗਰਸ ਦੀ ਸਹਿ-ਇੰਚਾਰਜ ਹਿਨਾ ਕਾਵੜੇ ਨਾਲ ਪਟਿਆਲਾ ਦਿਹਾਤੀ ਹਲਕੇ ਦੇ ਸੀਨੀਅਰ ਕਾਂਗਰਸੀ ਆਗੂ ਤੇ ਪੰਜਾਬ ਦੇ ਸਾਬਕਾ ਚੇਅਰਮੈਨ ਮਹੰਤ ਹਰਵਿੰਦਰ ਖਨੌੜਾ ਨੇ ਮੁਲਾਕਾਤ ਕੀਤੀ ਜਿਥੇ ਕਾਂਗਰਸ ਪਾਰਟੀ ਦੀ ਮਜਬੂਤੀ ਲਈ ਚਰਚਾ ਕੀਤੀ ਗਈ ਉਥੇ ਹੀ ਹਿਨਾ ਕਾਵੜੇ ਨੇ ਕਿਹਾ ਕਿ ਸੂਬੇ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਲੋਕ ਤਿਆਰ ਬਰ ਤਿਆਰ ਬੈਠੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਲਾਰਿਆਂ ਤੋਂ ਤੰਗ ਆਏ ਪੰਜਾਬ ਦੇ ਲੋਕ ਮੁੱਖ ਮੰਤਰੀ ਨੂੰ ਚੱਲਦਾ ਕਰਨ ਲਈ ਤਿਆਰ ਬੈਠੇ ਹਨ ਅਤੇ ਭਾਜਪਾ ਨੂੰ ਪੰਜਾਬੀ ਮੂਹ ਤੋਂ ਹੀ ਨਕਾਰ ਚੁੱਕੇ ਹਨ। ਕਿਉਂਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਪੰਜਾਬ ਦਾ ਕੁਝ ਵੀ ਨਹੀਂ ਸੰਵਾਰਿਆ। ਦੇਸ਼ ਦੇ ਲੋਕ ਮਹਿੰਗਾਈ ਦੀ ਮਾਰ ਵੀ ਭਾਜਪਾ ਕਰਕੇ ਝੱਲ ਰਹੇ ਹਨ, ਕਾਂਗਰਸ ਦੀ ਸਰਕਾਰ ਵਿਚ ਮਹਿੰਗਾਈ ਦਾ ਪੱਧਰ ਕੰਟਰੋਲ ਵਿਚ ਸੀ ਪਰ ਭਾਜਪਾ ਦੀ ਸਰਕਾਰ ਸਮੇਂ ਤੋਂ ਹੀ ਮਹਿੰਗਾਈ ਲਗਾਤਾਰ ਵਧਦੀ ਜਾ ਰਹੀ ਹੈ ਅਤੇ ਆਮ ਲੋਕਾਂ ਦਾ ਜਿਊਣਾ ਦੁੱਭਰ ਹੋਇਆ ਪਿਆ ਹੈ। ਪੰਜਾਬ ਸੂਬੇ ਅੰਦਰ ਲਾਅ ਐਂਡ ਆਰਡਰ ਦੀ ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਹੈ, ਲੁੱਟਾਂ-ਖੋਹਾਂ ਅਤੇ ਕਤਲਾਂ ਦੀ ਵਾਰਦਾਤਾਂ ਵਿਚ ਵੀ ਵਾਧਾ ਹੋ ਰਿਹਾ ਹੈ। ਸੂਬੇ ਦਾ ਮੁੱਖ ਮੰਤਰੀ ਨਿੱਤ ਨਵੇਂ ਚੁਟਕਲੇ ਸੁਣਾ ਕੇ ਲੋਕਾਂ ਦਾ ਮਨ ਪਰਚਾ ਕੇ ਬੁੱਧੂ ਬਣਾ ਰਿਹਾ ਹੈ।

ਇਸ ਮੌਕੇ ਮਹੰਤ ਹਰਵਿੰਦਰ ਸਿੰਘ ਖਨੌੜਾ ਨੇ ਕਿਹਾ ਕਿ ਜਲਦ ਹੀ ਪੰਜਾਬ ਕਾਂਗਰਸ ਨੂੰ ਨਵਾਂ ਸੂਬਾ ਪ੍ਰਧਾਨ ਮਿਲੇਗਾ, ਜਿਸ ਦੀ ਅਗਵਾਈ ਹੇਠ ਵਿਧਾਨ ਸਭਾ ਚੋਣਾਂ ਲੜ ਕੇ ਸਰਕਾਰ ਬਣਾਈ ਜਾਵੇਗੀ। ਇਸ ਮੌਕੇ ਹਰਪ੍ਰੀਤ ਸਿੰਘ ਢੀਂਡਸਾ ਜਨਰਲ ਸਕੱਤਰ ਕਿਸਾਨ ਸੈੱਲ ਪੰਜਾਬ, ਗੁਰਮੀਤ ਸਿੰਘ ਰਹਿਲ ਵੀ ਹਾਜ਼ਰ ਸਨ।

# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਪਿੰਡਾਂ 'ਚ ਚੱਲ ਰਹੇ ਸੈਨੀਟੇਸ਼ਨ ਤੇ ਕੂੜਾ ਪ੍ਰਬੰਧਨ ਪ੍ਰਾਜੈਕਟਾਂ ਦੀ ਸਮੀਖਿਆ



**ਜਲੰਧਰ, 26 ਜੂਨ**
**-ਸ਼.ਅ.ਬਿਓਰੋ-**

ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਵਿੰਦਰ ਪੀ. ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਜਲ ਅਤੇ ਸੈਨੀਟੇਸ਼ਨ ਮਿਸ਼ਨ (ਡੀ.ਡਬਲਿਊ.ਐਸ.ਐਮ.) ਦੀ ਹੋਈ ਮੀਟਿੰਗ ਦੌਰਾਨ ਜ਼ਿਲ੍ਹੇ ਦੇ ਪਿੰਡਾਂ ਵਿੱਚ ਚੱਲ ਰਹੇ ਸੈਨੀਟੇਸ਼ਨ ਅਤੇ ਕੂੜਾ ਪ੍ਰਬੰਧਨ ਪ੍ਰਾਜੈਕਟਾਂ ਦੀ ਸਮੀਖਿਆ ਕੀਤੀ ਗਈ।

ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗਾਂ ਨੂੰ ਠੋਸ ਕੂੜਾ ਪ੍ਰਬੰਧਨ ਪਹਿਲਕਦਮੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸਰਗਰਮ ਅਤੇ ਤਾਲਮੇਲ ਵਾਲੀ ਪਹੁੰਚ ਅਪਨਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਪਿੰਡਾਂ ਵਿੱਚ ਸਵੱਛਤਾ ਅਤੇ ਟਿਕਾਊ ਕੂੜਾ ਪ੍ਰਬੰਧਨ ਨੂੰ ਹੋਰ ਮਜ਼ਬੂਤ ਕਰਨ ਲਈ ਵਿਭਾਗ ਬਿਹਤਰ ਤਾਲਮੇਲ ਨਾਲ ਕੰਮ ਕਰਨ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਸੈਨੀਟੇਸ਼ਨ ਪ੍ਰਾਜੈਕਟਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਅਤੇ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਹਦਾਇਤ ਕੀਤੀ।

ਮੀਟਿੰਗ ਦੌਰਾਨ ਉਨ੍ਹਾਂ ਵਿਭਾਗਾਂ ਨੂੰ ਮਾਣਯੋਗ ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਠੋਸ ਕੂੜਾ ਪ੍ਰਬੰਧਨ ਨਿਯਮ, 2026 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਬਲਕ ਵਿੱਚ ਕੂੜਾ ਪੈਦਾ ਕਰਨ ਵਾਲੇ ਅਦਾਰਿਆਂ ਦੀ ਪਛਾਣ ਕਰਨ ਦੇ ਨਿਰਦੇਸ਼ ਵੀ ਦਿੱਤੇ।

ਵਧੀਕ ਡਿਪਟੀ ਕਮਿਸ਼ਨਰ ਨੇ ਵਿਗਿਆਨਕ ਢੰਗ ਨਾਲ ਕੂੜਾ ਪ੍ਰਬੰਧਨ, ਸਰੋਤ ਪੱਧਰ 'ਤੇ ਕੂੜੇ ਨੂੰ ਵੱਖ-ਵੱਖ ਕਰਨ, ਕੂੜੇ ਦੀ ਢੁੱਕਵੀਂ ਪ੍ਰੋਸੈਸਿੰਗ ਤੇ ਨਿਪਟਾਰੇ ਤੋਂ ਇਲਾਵਾ ਵਾਤਾਵਰਣ ਸੁਰੱਖਿਆ ਅਤੇ ਜਨਤਕ ਸਿਹਤ ਨੂੰ ਯਕੀਨੀ ਬਣਾਉਣ ਲਈ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਮੀਟਿੰਗ ਦੌਰਾਨ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਅਧੀਨ ਚੱਲ ਰਹੀਆਂ ਸਵੱਛਤਾ ਪਹਿਲਕਦਮੀਆਂ ਦੀ ਪ੍ਰਗਤੀ ਬਾਰੇ ਵੀ ਜਾਣਕਾਰੀ ਹਾਸਲ ਕੀਤੀ। ਇਸੇ ਦੌਰਾਨ ਐਸ. ਐਸ. ਧਾਲੀਵਾਲ, ਕਾਰਜਕਾਰੀ ਇੰਜੀਨੀਅਰ-ਕਮ-ਜ਼ਿਲ੍ਹਾ ਸੈਨੀਟੇਸ਼ਨ ਅਫ਼ਸਰ, ਜਲ ਸਪਲਾਈ ਅਤੇ ਸੈਨੀਟੇਸ਼ਨ ਡਵੀਜ਼ਨ ਨੰਬਰ-1 ਜਲੰਧਰ ਨੇ ਮੀਟਿੰਗ ਦੌਰਾਨ ਠੋਸ ਅਤੇ ਤਰਲ ਸਰੋਤ ਪ੍ਰਬੰਧਨ (ਐਸ.ਐਲ.ਆਰ.ਐਮ.) ਪ੍ਰਾਜੈਕਟਾਂ, ਕਮਿਊਨਿਟੀ ਸੈਨੇਟਰੀ ਕੰਪਲੈਕਸਾਂ (ਸੀ.ਐਸ.ਸੀ.), ਤਰਲ ਕੂੜਾ ਪ੍ਰਬੰਧਨ ਪ੍ਰਾਜੈਕਟਾਂ, ਪਲਾਸਟਿਕ ਕੂੜਾ ਪ੍ਰਬੰਧਨ ਪ੍ਰਾਜੈਕਟਾਂ ਦੀ ਪ੍ਰਗਤੀ ਬਾਰੇ ਜਾਣੂ ਕਰਵਾਇਆ।

# ਨਾਂਦੇੜ ਸਾਹਿਬ ਗੁਰਦੁਆਰਾ ਕਾਨੂੰਨ ਰੱਦ ਕਰਨ ਦਾ ਫ਼ੈਸਲਾ ਵਾਪਸ ਲਵੇ ਮਹਾਰਾਸ਼ਟਰ ਸਰਕਾਰ : ਗਲੋਬਲ ਸਿੱਖ ਕੌਂਸਲ

## ਗੁਰਦੁਆਰਿਆਂ ਦੇ ਪ੍ਰਬੰਧ 'ਚ ਸਿੱਖਾਂ ਦੀ ਖੁਦਮੁਖਤਿਆਰੀ ਨੂੰ ਕਾਇਮ ਰੱਖਿਆ ਜਾਵੇ ਅਤੇ ਇਸ ਦਾ ਸਨਮਾਨ ਕੀਤਾ ਜਾਵੇ : ਕੰਵਲਜੀਤ ਕੌਰ ਤੇ ਐਡਵੋਕੇਟ ਗਰੇਵਾਲ

**ਚੰਡੀਗੜ੍ਹ, 26 ਜੂਨ**
**-ਹਰਮਨਪ੍ਰੀਤ ਕੌਰ-**

ਵੱਖ-ਵੱਖ ਦੇਸ਼ਾਂ ਦੀਆਂ ਕੌਮੀ ਪੱਧਰੀ ਸਿੱਖ ਸੰਸਥਾਵਾਂ ਦੀ ਨੁਮਾਇੰਦਾ ਸੰਸਥਾ, ਗਲੋਬਲ ਸਿੱਖ ਕੌਂਸਲ, ਨੇ ਮਹਾਰਾਸ਼ਟਰ ਸਰਕਾਰ ਵੱਲੋਂ 70 ਸਾਲ ਪੁਰਾਣੇ 'ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਕਾਨੂੰਨ-1956' ਨੂੰ ਰੱਦ ਕਰਨ ਦੇ ਕਾਹਲੀ ਵਿੱਚ ਲਏ ਗਏ ਫ਼ੈਸਲੇ ਦੀ ਪੁਰਜ਼ੋਰ ਨਿੰਦਾ ਕਰਦਿਆਂ ਕਿਹਾ ਹੈ ਕਿ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਅਤੇ ਚਿੰਤਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਸੂਬਾ ਸਰਕਾਰ ਇਹ ਫ਼ੈਸਲਾ ਤੁਰੰਤ ਵਾਪਸ ਲਵੇ ਕਿਉਂਕਿ ਕਿਸੇ ਵੀ ਸਿੱਖ ਸੰਸਥਾ ਨੇ ਇਹ ਮੰਗ ਨਹੀਂ ਕੀਤੀ ਸਗੋਂ ਤਖ਼ਤ ਸ੍ਰੀ ਨਾਂਦੇੜ ਸਾਹਿਬ ਦੇ ਜਥੇਦਾਰ ਸਮੇਤ ਸਮੁੱਚੇ ਪ੍ਰਬੰਧਕਾਂ ਨੇ ਸਰਕਾਰ ਦੇ ਇਸ ਕਦਮ ਦਾ ਖੁੱਲ੍ਹਾ ਵਿਰੋਧ ਕੀਤਾ ਹੈ।

ਇਸ ਮਾਮਲੇ ਵਿੱਚ ਕੌਂਸਲ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਸੂਬੇ ਦੇ ਰਾਜਪਾਲ ਜਿਸ਼ਨੂੰ ਦੇਵ ਵਰਮਾ ਅਤੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੂੰ ਅਪੀਲ ਕੀਤੀ ਹੈ ਕਿ ਉਹ ਸਾਰੇ ਤਖ਼ਤ ਸਾਹਿਬਾਨ ਅਤੇ ਗੁਰਦੁਆਰਿਆਂ ਦੇ ਪ੍ਰਬੰਧਕੀ ਮਾਮਲਿਆਂ ਵਿੱਚ ਸਿੱਖ ਦੀ ਧਾਰਮਿਕ ਖੁਦਮੁਖਤਿਆਰੀ ਦਾ ਸਨਮਾਨ ਕਰਨ ਅਤੇ ਸਿੱਖ ਕੌਮ ਨਾਲ ਸਿੱਧੇ ਟਕਰਾਅ ਦੀ ਨੀਤੀ ਤਿਆਗਣ। ਕੌਂਸਲ ਨੇ ਉਕਤ ਨੇਤਾਵਾਂ ਨੂੰ ਲਿਖੇ ਪੱਤਰਾਂ ਵਿੱਚ ਮੰਗ ਕੀਤੀ ਕਿ ਸਿੱਖ ਸੰਸਥਾਵਾਂ ਅਤੇ ਸਿੱਖ ਮਾਮਲਿਆਂ ਨਾਲ ਜੁੜਿਆ ਕੋਈ ਵੀ ਨਵਾਂ ਕਾਨੂੰਨ ਲਿਆਉਣ ਤੋਂ ਪਹਿਲਾਂ ਸਾਰੀਆਂ ਸਰਕਾਰਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਤਖ਼ਤ ਸਾਹਿਬ ਦੇ ਪ੍ਰਬੰਧਕਾਂ, ਸਥਾਪਤ ਸਿੱਖ ਸੰਸਥਾਵਾਂ, ਸਿੱਖ ਵਿਦਵਾਨਾਂ ਅਤੇ ਸਿੱਖ ਪੰਥ ਦੇ ਨੁਮਾਇੰਦਿਆਂ ਨਾਲ ਖੁੱਲ੍ਹਾ ਮਸ਼ਵਰਾ ਕੀਤਾ ਜਾਵੇ।



ਗਲੋਬਲ ਸਿੱਖ ਕੌਂਸਲ ਦੀ ਪ੍ਰਧਾਨ ਡਾ. ਕੰਵਲਜੀਤ ਕੌਰ ਯੂਕੇ ਅਤੇ ਸਕੱਤਰ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਨੇ ਜਾਰੀ ਬਿਆਨ ਵਿੱਚ ਦੋਸ਼ ਲਾਇਆ ਹੈ ਕਿ ਭਾਜਪਾ ਦੀ ਅਗਵਾਈ ਵਾਲੀ ਮਹਾਯੂਤੀ ਸਰਕਾਰ ਨੇ ਤਖ਼ਤ ਸ੍ਰੀ ਨਾਂਦੇੜ ਸਾਹਿਬ ਦੇ ਸਮੁੱਚੇ ਪ੍ਰਬੰਧਕੀ ਢਾਂਚੇ ਉੱਤੇ ਪੂਰਨ ਕੰਟਰੋਲ ਕਾਇਮ ਕਰਨ ਦੇ ਮਨੋਰਥ ਨਾਲ ਸੱਤਰ ਸਾਲ ਪੁਰਾਣੇ ਕਾਨੂੰਨ ਨੂੰ ਪਿਛਲੇ ਦਿਨੀਂ ਹੋਈ ਕੈਬਨਿਟ ਮੀਟਿੰਗ ਦੌਰਾਨ ਬਿਨਾ ਕਿਸੇ ਸਲਾਹ-ਮਸ਼ਵਰੇ ਤੋਂ ਰੱਦ ਕਰਕੇ ਨਵੇਂ ਬਿੱਲ ਦੇ ਖਰੜੇ ਨੂੰ ਮਨਜ਼ੂਰੀ ਵੀ ਦੇ ਦਿੱਤੀ ਹੈ। ਇਹ ਨਵਾਂ ਪ੍ਰਸਤਾਵਿਤ 'ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਚਲਨਗਰ ਗੁਰਦੁਆਰਾ ਕਾਨੂੰਨ' ਸੂਬੇ ਦੀ ਵਿਧਾਨ ਸਭਾ ਅਗਾਮੀ ਮਾਨਸੂਨ ਇਜਲਾਸ ਵਿੱਚ ਪੇਸ਼ ਕੀਤੇ ਜਾਣ ਦੀ ਤਜਵੀਜ ਹੈ।

ਉਨ੍ਹਾਂ ਕਿਹਾ ਕਿ ਸਿੱਖਾਂ ਦੀ ਸਹਿਮਤੀ ਤੋਂ ਬਿਨਾਂ ਕਿਸੇ ਵੀ ਸਰਕਾਰ ਨੂੰ ਸਿੱਖ ਮਾਮਲਿਆਂ ਅਤੇ ਸਿੱਖ ਸੰਸਥਾਵਾਂ ਵਿੱਚ ਦਖ਼ਲਅੰਦਾਜ਼ੀ ਕਰਨ ਜਾਂ ਫ਼ੈਸਲੇ ਲੈਣ ਦਾ ਕੋਈ ਅਧਿਕਾਰ ਨਹੀਂ। ਕੌਂਸਲ ਨੇ ਦੋਸ਼ ਲਾਇਆ ਕਿ ਭਗਵਾਂ ਪਾਰਟੀ ਆਨੇ-ਬਹਾਨੇ ਸਿੱਖਾਂ ਦੇ ਦਸਵੰਧ, ਇਸ ਪਵਿੱਤਰ ਅਸਥਾਨ ਅਤੇ ਤਖ਼ਤ ਦੀ ਪ੍ਰਬੰਧਕੀ ਕਮੇਟੀ ਉੱਤੇ ਪੂਰਨ ਪ੍ਰਸ਼ਾਸਨਿਕ ਪ੍ਰਭਾਵ ਰੱਖਣਾ ਚਾਹੁੰਦੀ ਹੈ ਜਿਵੇਂ ਕਿ ਪਹਿਲਾਂ ਦਿੱਲੀ ਕਮੇਟੀ, ਪਟਨਾ ਸਾਹਿਬ ਕਮੇਟੀ ਅਤੇ ਹਰਿਆਣਾ ਗੁਰਦੁਆਰਾ ਕਮੇਟੀ ਨਾਲ ਸਬੰਧਤ ਮਾਮਲਿਆਂ ਵਿੱਚ ਕੀਤਾ ਗਿਆ ਹੈ। ਕੌਂਸਲ ਨੇ ਅੱਗੇ ਦੋਸ਼ ਲਾਇਆ ਕਿ ਭਾਜਪਾ ਸਰਕਾਰ ਵੱਲੋਂ ਸਾਲ 2024 ਵਿੱਚ ਵੀ ਅਜਿਹਾ ਹੀ ਇੱਕ ਯਤਨ ਕੀਤਾ ਗਿਆ ਸੀ ਪਰ ਸਿੱਖ ਕੌਮ ਦੇ ਵਿਰੋਧ ਕਾਰਨ ਉਹ ਕਾਮਯਾਬ ਨਹੀਂ ਹੋ ਸਕਿਆ। ਕੌਂਸਲ ਦੇ ਆਗੂਆਂ ਨੇ ਇਹ ਵੀ ਦੋਸ਼ ਲਾਇਆ ਕਿ ਮਹਾਰਾਸ਼ਟਰ ਸਰਕਾਰ ਸਾਲ 2014 ਵਿੱਚ ਜਸਟਿਸ ਜੇ.ਐੱਸ. ਭਾਟੀਆ ਕਮੇਟੀ ਰਾਹੀਂ ਤਿਆਰ ਕਰਵਾਈ ਮਨਚਾਹੀ ਰਿਪੋਰਟ ਦੇ ਆਧਾਰ 'ਤੇ ਨਵਾਂ ਗੁਰਦੁਆਰਾ ਕਾਨੂੰਨ ਲਿਆਉਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਨਵੇਂ ਕਾਨੂੰਨ ਰਾਹੀਂ ਸ਼੍ਰੋਮਣੀ ਕਮੇਟੀ, ਚੀਫ਼ ਖ਼ਾਲਸਾ ਦੀਵਾਨ ਅਤੇ ਸਿੱਖ ਸੰਸਦ ਮੈਂਬਰਾਂ ਦੀ ਨੁਮਾਇੰਦਗੀ ਘਟਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਕੌਂਸਲ ਨੇ ਇਹ ਵੀ ਦਾਅਵਾ ਕੀਤਾ ਕਿ ਸਾਲ 2019 ਵਿੱਚ ਤਖ਼ਤ ਸਾਹਿਬ ਦੇ ਗਠਿਤ ਹੋਏ ਮੌਜੂਦਾ ਪ੍ਰਬੰਧਕੀ ਬੋਰਡ ਦੀ ਮਿਆਦ ਸਾਲ 2022 ਵਿੱਚ ਖ਼ਤਮ ਹੋ ਚੁੱਕੀ ਹੈ ਪਰ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਸਰਕਾਰ ਨੇ ਜਾਣਬੁੱਝ ਕੇ ਬੋਰਡ ਦੀਆਂ ਚੋਣਾਂ ਨਹੀਂ ਕਰਵਾਈਆਂ ਅਤੇ ਹੁਣ ਆਪਣੀ ਮਰਜ਼ੀ ਨਾਲ ਪੁਰਾਣਾ ਕਾਨੂੰਨ ਰੱਦ ਕਰਕੇ ਨਵਾਂ ਕਾਨੂੰਨ ਲਿਆਉਣ ਦਾ ਫ਼ੈਸਲਾ ਕਰ ਲਿਆ।

ਪ੍ਰਧਾਨ ਡਾ. ਕੰਵਲਜੀਤ ਕੌਰ ਅਤੇ ਸਕੱਤਰ ਹਰਜੀਤ ਸਿੰਘ ਗਰੇਵਾਲ ਐਡਵੋਕੇਟ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਸਿੱਖਾਂ ਵੱਲੋਂ ਸਾਂਝੇ ਵਿਰੋਧ ਦੀ ਕਮੀ ਕਾਰਨ ਮਹਾਰਾਸ਼ਟਰ ਸਰਕਾਰ ਸਾਲ 2015 ਵਿੱਚ ਇਸ ਇਤਿਹਾਸਕ ਕਾਨੂੰਨ ਵਿੱਚ ਸੋਧ ਕਰਕੇ ਗੁਰਦੁਆਰਾ ਬੋਰਡ ਦੇ ਪ੍ਰਧਾਨ ਦੀ ਨਿਯੁਕਤੀ ਦਾ ਅਧਿਕਾਰ ਆਪਣੇ ਹੱਥਾਂ ਵਿੱਚ ਲੈ ਚੁੱਕੀ ਹੈ। ਇਸੇ ਸੋਧ ਦੀ ਆੜ ਹੇਠ ਭਾਜਪਾ ਨੇ ਆਪਣੇ ਉਸ ਵੇਲੇ ਦੇ ਵਿਧਾਇਕ ਤਾਰਾ ਸਿੰਘ ਨੂੰ ਤਖ਼ਤ ਸ੍ਰੀ ਹਜ਼ੂਰ ਸਾਹਿਬ ਬੋਰਡ ਦਾ ਪ੍ਰਧਾਨ ਨਿਯੁਕਤ ਕੀਤਾ ਸੀ।

ਕੌਂਸਲ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਭਾਜਪਾ ਸਰਕਾਰ ਸਿੱਖ ਧਰਮ ਉੱਤੇ ਵਿਚਾਰਧਾਰਕ ਪ੍ਰਭਾਵ ਕਾਇਮ ਕਰਨ ਦੀ ਨੀਤੀ ਤਹਿਤ ਇਸ ਪਵਿੱਤਰ ਸਿੱਖ ਅਸਥਾਨ, ਇਸ ਦੀ ਪ੍ਰਬੰਧਕੀ ਕਮੇਟੀ ਅਤੇ ਸਿੱਖਾਂ ਦੇ ਦਸਵੰਧ ਨੂੰ ਸਰਕਾਰੀ ਕੰਟਰੋਲ ਹੇਠ ਲਿਆਉਣ ਤੋਂ ਗੁਰੇਜ਼ ਕਰੇ। ਕੌਂਸਲ ਨੇ ਸਮੂਹ ਸਿੱਖ ਸੰਗਤਾਂ, ਸਿੱਖ ਸੰਸਥਾਵਾਂ ਅਤੇ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਕਦਮ ਦਾ ਸਖ਼ਤ ਵਿਰੋਧ ਕਰਨ, ਸਰਕਾਰ ਨੂੰ ਇਹ ਫ਼ੈਸਲਾ ਵਾਪਸ ਲੈਣ ਲਈ ਮਜਬੂਰ ਕਰਨ ਅਤੇ ਲੋੜ ਪੈਣ 'ਤੇ ਅਦਾਲਤ ਦਾ ਦਰਵਾਜ਼ਾ ਵੀ ਖੜਕਾਇਆ ਜਾਵੇ।

# ਮਾਛੀਵਾੜਾ ਪੁਲਸ ਵਲੋਂ 32 ਗ੍ਰਾਮ ਹੈਰੋਇਨ ਸਮੇਤ ਮਾਂ ਅਤੇ ਪੁੱਤਰ ਕਾਬੂ

**ਮਾਛੀਵਾੜਾ ਸਾਹਿਬ, 26 ਜੂਨ**
**-ਸ਼.ਅ.ਬਿਓਰੋ-**

ਮਾਛੀਵਾੜਾ ਪੁਲਸ ਵਲੋਂ 32 ਗ੍ਰਾਮ ਹੈਰੋਇਨ ਸਮੇਤ ਮਾਂ ਅਤੇ ਪੁੱਤਰ ਨੂੰ ਗ੍ਰਿਫ਼ਤਾਰ ਕਰਨ ਵਿਚ ਸਫ਼ਲਤਾ ਪ੍ਰਾਪਤ ਕੀਤੀ ਹੈ। ਮੁਲਜ਼ਮਾਂ ਦੀ ਪਹਿਚਾਣ ਪ੍ਰਿਤਪਾਲ ਕੌਰ ਅਤੇ ਅਰਸ਼ਦੀਪ ਸਿੰਘ ਉਰਫ਼ ਆਸ਼ੂ ਵਾਸੀ ਮਾਛੀਵਾੜਾ ਵਜੋਂ ਹੋਈ ਹੈ। ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਡੀ.ਐਸ.ਪੀ. ਸਮਰਾਲਾ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਐਸ.ਐਸ.ਪੀ. ਖੰਨਾ ਡਾ. ਦਰਪਣ ਕੌਰ ਆਹਲੂਵਾਲੀਆ ਵਲੋਂ ਜਾਰੀ ਨਿਰਦੇਸ਼ਾਂ ਤਹਿਤ ਨਸ਼ਾ ਤਸਕਰਾਂ ਖਿਲਾਫ਼ ਮੁਹਿੰਮ ਵਿੱਢੀ ਹੋਈ ਹੈ। ਉਨ੍ਹਾਂ ਦੱਸਿਆ ਕਿ ਸਹਾਇਕ ਥਾਣੇਦਾਰ ਹਾਕਮ ਸਿੰਘ ਵਲੋਂ ਕੁਹਾੜਾ ਰੋਡ 'ਤੇ ਸਟੇਡੀਅਮ ਨੇੜੇ ਸ਼ੱਕੀ ਪੁਰਸ਼ਾਂ ਤੇ ਵਹੀਕਲਾਂ ਸਬੰਧੀ ਨਾਕਾਬੰਦੀ ਕੀਤੀ ਹੋਈ ਸੀ ਕਿ ਪਿੰਡ ਅਡਿਆਣਾ ਤੋਂ ਇੱਕ ਕਾਰ ਨੂੰ ਰੁਕਣ ਦਾ ਇਸ਼ਾਰਾ ਕੀਤਾ। ਪੁਲਸ ਪਾਰਟੀ ਨੂੰ ਦੇਖ ਚਾਲਕ ਘਬਰਾ ਕੇ ਆਪਣੀ ਗੱਡੀ ਮੋੜਨ ਲੱਗਾ ਤਾਂ ਉਸ ਨੂੰ ਕਰਮਚਾਰੀਆਂ ਵਲੋਂ ਕਾਬੂ ਕਰ ਲਿਆ। ਗੱਡੀ ਦਾ ਚਾਲਕ ਤਾਕੀ ਖੋਲ੍ਹ ਕੇ ਭੱਜਣ ਲੱਗਾ ਜਿਸ ਨੂੰ ਕਾਬੂ ਕਰ ਲਿਆ ਗਿਆ ਅਤੇ ਉਸਦੀ ਕੰਡਕਟਰ ਸੀਟ 'ਤੇ ਇੱਕ ਔਰਤ ਬੈਠੀ ਸੀ। ਨੌਜਵਾਨ ਨੂੰ ਪਹਿਚਾਣ ਪੁੱਛਣ 'ਤੇ ਉਸਨੇ ਆਪਣਾ ਨਾਮ ਅਰਸ਼ਦੀਪ ਸਿੰਘ ਉਰਫ਼ ਆਸ਼ੂ ਦੱਸਿਆ ਅਤੇ ਗੱਡੀ 'ਚ ਨਾਲ ਬੈਠੀ ਔਰਤ ਨੇ ਆਪਣਾ ਨਾਮ ਪ੍ਰਿਤਪਾਲ ਕੌਰ ਦੱਸਿਆ। ਪੁਲਸ ਵਲੋਂ ਗੱਡੀ ਦੀ ਤਲਾਸ਼ੀ ਲੈਣ 'ਤੇ ਉਸ 'ਚੋਂ 32 ਗ੍ਰਾਮ ਹੈਰੋਇਨ ਬਰਾਮਦ ਹੋਈ।

# ਮਾਵਾਂ ਧੀਆਂ ਸਤਿਕਾਰ ਯੋਜਨਾ ਤੇ ਸਰਪੰਚਾਂ ਨੂੰ ਮਾਣ ਸਨਮਾਨ, ਸਰਕਾਰ ਦਾ ਸ਼ਲਾਘਾਯੋਗ ਫੈਸਲਾ-ਅਨਿਲ ਫਤਿਹਗੜ੍ਹ ਜੱਟਾਂ

**ਮਾਛੀਵਾੜਾ ਸਾਹਿਬ, 26 ਜੂਨ**
**-ਸ਼.ਅ.ਬਿਓਰੋ-**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਮਾਂਵਾਂ ਧੀਆਂ ਸਤਿਕਾਰ ਯੋਜਨਾ ਅਤੇ ਸਰਪੰਚਾਂ ਨੂੰ ਅਗਸਤ ਮਹੀਨੇ ਤੋਂ ਮਾਨ ਸਨਮਾਨ ਦੇਣ ਦਾ ਫੈਸਲਾ ਪ੍ਰਸ਼ੰਸਾ ਯੋਗ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਉੱਘੇ ਗੀਤਕਾਰ ਅਨਿਲ ਫਤਿਹਗੜ੍ਹ ਜੱਟਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਹਿੱਤ ਲਏ ਜਾਂਦੇ ਫੈਸਲੇ ਦਿਨ ਪ੍ਰਤੀ ਦਿਨ ਲੋਕਾਂ ਨੂੰ ਸਰਕਾਰ ਨਾਲ ਹੋਰ ਜੋੜ ਰਹੇ ਹਨ। ਉਹਨਾਂ ਕਿਹਾ ਕਿ ਅੱਜ ਤੱਕ ਕਿਸੇ ਵੀ ਸਰਕਾਰ ਨੇ ਪੰਜਾਬ ਦੀਆਂ ਔਰਤਾਂ ਦੇ ਮਾਣ ਸਨਮਾਨ ਦੀ ਗੱਲ ਨਹੀਂ ਕੀਤੀ ਅਤੇ ਨਾ ਹੀ ਕਦੇ ਸਰਪੰਚਾਂ ਨੂੰ ਮਾਨ ਸਨਮਾਨ ਦੇਣ ਦਾ ਫੈਸਲਾ ਲਿਆ ਹੈ ਪਰ ਇਹ ਆਪ ਦੀ ਪਹਿਲੀ ਸਰਕਾਰ ਹੈ ਜਿਸ ਨੇ ਪੰਜਾਬ ਦੀਆਂ ਔਰਤਾਂ ਦਾ ਸਤਿਕਾਰ ਕਰਦਿਆਂ 1000/ਰੁਪਏ ਅਤੇ 1500/ਰੁਪਏ ਦੀ ਨਗਦ ਰਾਸ਼ੀ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ 1 ਜੁਲਾਈ ਤੋਂ ਦਿੱਤੀ ਜਾਣੀ ਹੈ ਅਤੇ ਸਰਪੰਚਾਂ ਨੂੰ ਅਗਸਤ ਮਹੀਨੇ ਤੋਂ 10000/ਰੁਪਏ ਪ੍ਰਤੀ ਮਹੀਨਾ ਮਾਨ ਸਨਮਾਨ ਵਜੋਂ ਦੇਣ ਦਾ ਐਲਾਨ ਕਰਕੇ ਸੂਬੇ ਦੇ ਸਰਪੰਚਾਂ ਨੂੰ ਰਾਹਤ ਦੇਣ ਦੀ ਕੋਸ਼ਿਸ਼ ਕੀਤੀ ਹੈ ਜੋ ਆਪਣੇ ਕੋਲੋਂ ਪੈਸੇ ਖਰਚ ਕੇ ਵੀ ਪਿੰਡਾਂ ਦੇ ਵਿਕਾਸ ਲਈ ਤਤਪਰ ਹਨ। ਉਹਨਾਂ ਹਲਕਾ ਸਾਹਨੇਵਾਲ ਤੋਂ ਵਿਧਾਇਕ ਮਾਲ ਵਿਭਾਗ ਮੰਤਰੀ ਹਰਦੀਪ ਸਿੰਘ ਮੁੰਡੀਆ ਦਾ ਵੀ ਧੰਨਵਾਦ ਪ੍ਰਗਟ ਕੀਤਾ।

# ਮਾਮਲਾ: ਡਿਪਟੀ ਡੀ.ਈ.ਓ. ਦੀਆਂ ਅਦਲਾ ਬਦਲੀਆਂ ਦਾ ਮੁੜ ਤੋਂ ਰਵਿੰਦਰਪਾਲ ਸ਼ਰਮਾ ਪਟਿਆਲਾ ਡਿਪਟੀ ਡੀ.ਈ.ਓ. ਲਗਾਏ

**ਪਟਿਆਲਾ, 26 ਜੂਨ**
**-ਅਮਨਦੀਪ ਸੱਭਰਵਾਲ-**

ਜਿਲ੍ਹਾ ਸੀਨੀਅਰ ਸੈਕੰਡਰੀ ਸਿੱਖਿਆ ਵਿਭਾਗ ਦੇ ਡਿਪਟੀ ਡੀ.ਈ.ਓ. ਦੀਆਂ ਅਦਲਾ ਬਦਲੀਆਂ ਨੂੰ ਲੈ ਕੇ ਕਸ਼ਮਕਸ਼ ਤੋਂ ਬਾਅਦ ਹੁਣ ਮੁੜ ਤੋਂ ਪਟਿਆਲਾ ਤਾਇਨਾਤ ਰਹੇ ਰਵਿੰਦਰਪਾਲ ਸ਼ਰਮਾ ਨੂੰ ਹੀ ਡਿਪਟੀ ਡੀ. ਈ. ਓ. ਦੀ ਜਿਮੇਵਾਰੀ ਸੌਂਪੀ ਗਈ ਹੈ। ਜਿਕਰਯੋਗ ਹੈ ਕਿ ਪਿਛਲੇ ਲਮੇਂ ਸਮੇਂ ਤੋਂ ਰਵਿੰਦਰਪਾਲ ਸ਼ਰਮਾ ਪਟਿਆਲਾ ਵਿਖੇ ਡਿਪਟੀ ਡੀ.ਈ.ਓ. ਤਾਇਨਾਤ ਸਨ। ਜਦੋਂ ਜਿਲ੍ਹਾ ਸਿੱਖਿਆ ਅਧਿਕਾਰੀ ਦੀ ਰਿਟਾਇਰਮੈਂਟ ਤੋਂ ਬਾਅਦ ਅਦਲਾ ਬਦਲੀਆਂ ਕੀਤੀਆਂ ਗਈਆਂ ਤਾਂ ਉਦੋਂ ਭਾਦਸੋਂ ਦੇ ਸੀਨੀਅਰ ਸੈਕੰਡਰੀ ਸਕੂਲ ਵਿਖੇ ਤਾਇਨਾਤ ਪ੍ਰੀਤ ਇੰਦਰ ਘਈ ਪਟਿਆਲਾ ਵਿਖੇ ਡਿਪਟੀ ਡੀ. ਈ. ਓ. ਤਾਇਨਾਤ ਕਰ ਦਿੱਤੇ ਗਏ ਸਨ, ਪਰ ਕੁਝ ਦਿਨਾਂ ਬਾਅਦ ਹੀ ਇਨ੍ਹਾਂ ਨੂੰ ਮੁੜ ਤੋਂ ਭਾਦਸੋਂ ਸਕੂਲ ਦੇ ਪ੍ਰਿੰਸੀਪਲ ਵਜੋਂ ਇਸ ਲਈ ਤਾਇਨਾਤ ਕਰ ਦਿੱਤਾ ਗਿਆ, ਕਿਉਂਕਿ ਰਵਿੰਦਰਪਾਲ ਸ਼ਰਮਾ ਦੀ ਸਤੰਬਰ 2026 ਵਿਚ ਰਿਟਾਇਰਮੈਂਟ ਹੈ, ਜਿਨ੍ਹਾਂ ਦੀ ਕਾਰਜਸ਼ੈਲੀ ਨੂੰ ਦੇਖਦੇ ਹੋਏ ਪਟਿਆਲਾ ਜਿਲ੍ਹਾ ਸਿੱਖਿਆ ਡਿਪਟੀ ਡੀ. ਓ. ਦੀ ਕਮਾਂਡ ਮੁੜ ਤੋਂ ਸੌਂਪ ਦਿੱਤੀ ਗਈ ਹੈ। ਦੱਸਣਯੋਗ ਹੈ ਕਿ ਪ੍ਰੀਤ ਇੰਦਰ ਘਈ ਕੋਲ ਹੋਰਨਾਂ ਸਕੂਲਾਂ ਦੇ ਵਿਕਾਸ ਕਾਰਜਾਂ ਦੇ ਚਾਰਜ ਵੀ ਹਨ। ਉਥੇ ਹੀ ਸਿੱਖਿਆ ਵਿਭਾਗ ਪਟਿਆਲਾ ਅਧੀਨ ਪੈਂਦੇ ਸਕੂਲ ਆਫ ਐਮੀਨੈਂਸ ਨਾਭਾ ਵਿਚ ਵਿੱਤੀ ਘੋਟਾਲਾ ਕਰਨ ਦਾ ਮਾਮਾਲਾ ਪਿਛਲੇ ਸਮੇਂ ਦੌਰਾਨ ਸੁਰਖੀਆਂ ਵਿਚ ਰਿਹਾ ਹੈ, ਜਿਥੇ ਫਿਲਮੀ ਸਟਾਇਲ 'ਤੇ ਰਿਟਾਇਰ ਹੋ ਚੁੱਕੀ ਅਧਿਆਪਕਾ ਗੁਰਮੀਤ ਕੌਰ ਦੇ ਜੀ.ਪੀ. ਫੰਡ ਦੀ ਬਕਾਇਆ ਰਹਿੰਦੀ 38 ਲੱਖ ਰੁਪਏ ਦੀ ਰਕਮ ਹੜੱਪ ਕਰਨ ਕਲਰਕ ਜਸਪਾਲ ਸਿੰਘ ਵੱਲੋਂ ਨਾਭਾ ਦੇ ਸਰਕਾਰੀ ਖਜਾਨੇ ਵਿਚੋਂ ਕਢਵਾਉਣ ਸਮੇਂ ਮਾਮਾਲਾ ਖਜਾਨਾ ਅਫਸਰ ਦੇ ਧਿਆਨ ਵਿਚ ਆਉਣ 'ਤੇ ਜਦੋਂ ਬਾਰੀਕੀ ਨਾਲ ਦਸਤਖਤਾਂ ਦੀ ਜਾਂਚ ਕੀਤੀ ਗਈ ਤਾਂ ਉਹ ਦਸਤਖਤ ਮਿਸ ਮੈਚ ਹੋ ਗਏ, ਜਿਸ ਕਾਰਨ ਫੰਡ ਜਾਰੀ ਹੋਣ ਤੋਂ ਰੁਕ ਗਿਆ ਸੀ। ਜਿਸ ਉਥੇ ਪ੍ਰਿੰਸੀਪਲ ਅਤੇ ਦਫਤਰੀ ਕਲਰਕਾਂ ਦੇ ਦਸਤਖਤ ਕੀਤੇ ਹੋਏ ਸਨ, ਜਿਉਂ ਹੀ ਸਿੱਖਿਆ ਵਿਭਾਗ ਦੇ ਉਚ ਅਧਿਕਾਰੀਆਂ ਨੂੰ ਪਤਾ ਚੱਲਿਆ ਤਾਂ ਦਫਤਰੀ ਕਲਰਕ ਨੂੰ ਸਸਪੈਂਡ ਕਰਕੇ ਪਟਿਆਲਾ ਦਫਤਰ ਵਿਖੇ ਤਾਇਨਾਤ ਕਰ ਦਿੱਤਾ ਗਿਆ ਅਤੇ ਫਿਰ ਪਟਿਆਲਾ ਵਿਖੇ ਹੀ ਤਾਇਨਾਤੀ ਕਰਨ ਦਾ ਮਾਮਲਾ ਹੋਰ ਗਰਮਾ ਗਿਆ। ਫਿਰ ਇਸ ਨੂੰ ਸੰਗਰੂਰ ਵਿਖੇ ਤਾਇਨਾਤ ਕਰ ਦਿੱਤਾ ਗਿਆ। ਇੰਨਾ ਕੁਝ ਹੋਣ ਦੇ ਬਾਵਜੂਦ ਵੀ ਸਕੂਲ ਦਾ ਵਾਧੂ ਚਾਰਜ ਸੰਭਾਲਣ ਵਾਲੇ ਪ੍ਰਿੰਸੀਪਲ ਅਤੇ ਕਲਰਕ 'ਤੇ ਕੋਈ ਵੱਡੀ ਕਾਰਵਾਈ ਨਾ ਹੋਣਾ ਵੀ ਸਵਾਲਾਂ ਦੇ ਘੇਰੇ 'ਚ ਹੈ।

ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਪੈਸਿਆਂ ਦਾ ਗਬਨ ਕਰਨ ਵਾਲੇ ਕਲਰਕ ਨੂੰ ਮੁੜ ਤੋਂ ਨਾਭਾ ਨੇੜਲੇ ਕਕਰਾਲਾ ਦੇ ਸਕੂਲ ਵਿਚ ਤਾਇਨਾਤ ਕਰ ਦਿੱਤਾ ਗਿਆ ਹੈ। ਸ਼ਿਕਾਇਤਕਰਤਾਵਾਂ ਦਾ ਕਹਿਣਾ ਹੈ ਇਸ ਮਾਮਲੇ ਦੀ ਜਲਦ ਹੀ ਉਚ ਪੱਧਰੀ ਜਾਂਚ ਕਰਵਾਉਣ ਲਈ ਸਿੱਖਿਆ ਮੰਤਰੀ ਅਤੇ ਵਿਭਾਗ ਦੇ ਸੈਕਟਰੀ ਨੂੰ ਮਿਲਾਂਗੇ ਤਾਂ ਜੋ ਇਸ ਜਾਅਲਸਾਜ਼ੀ ਵਿਚ ਸ਼ਾਮਲ ਸਮੁੱਚੇ ਵਿਅਕਤੀਆਂ 'ਤੇ ਕਾਰਵਾਈ ਕਰਵਾਈ ਜਾ ਸਕੇ ਤਾਂ ਜੋ ਸਿੱਖਿਆ ਵਿਭਾਗ ਵਿਚ ਕੋਈ ਅਧਿਕਾਰੀ ਜਾਂ ਕਲਰਕ ਅਜਿਹੀ ਹਰਕਤ ਭਵਿੱਖ ਵਿਚ ਮੁੜ ਦੁਬਾਰਾ ਨਾ ਕਰ ਸਕੇ। ਸੂਤਰਾਂ ਤੋਂ ਮਿਲੀ ਜਾਣਕਾਰੀ ਤੋਂ ਪਤਾ ਚੱਲਿਆ ਹੈ ਕਿ ਪ੍ਰਿੰਸੀਪਲ ਦੀ ਅਗਵਾਈ ਹੇਠ ਜਿਹੜੇ ਸਕੂਲਾਂ ਦਾ ਵਿਕਾਸ ਕਾਰਜ ਚੱਲ ਰਿਹਾ ਹੈ, ਉਹਨਾਂ ਵਿਚ ਵੀ ਮਾਲ ਮਟੀਰੀਅਲ ਨੂੰ ਲੈ ਕੇ ਭ੍ਰਿਸ਼ਟਾਚਾਰ ਸਾਹਮਣੇ ਆਉਣ ਦੀਆਂ ਚਰਚਾਵਾਂ ਚੱਲ ਰਹੀਆਂ ਹਨ।

# ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਪਹਿਲਵਾਨ ਦੀ ਆਨ ਲਾਈਨ ਮੀਟਿੰਗ ਅਮਰਜੀਤ ਸਿੰਘ ਬਾਬਾ ਸੂਬਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਆਯੋਜਿਤ

**ਪਟਿਆਲਾ, 26 ਜੂਨ**
**-ਮਨੋਜ ਵਰਮਾ-**

ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਪਹਿਲਵਾਨ ਦੀ ਆਨ ਲਾਈਨ ਮੀਟਿੰਗ ਸ੍ਰ. ਅਮਰਜੀਤ ਸਿੰਘ ਬਾਬਾ ਸੂਬਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਸਾਰੇ ਪੰਜਾਬ ਦੇ ਵੱਖ—ਵੱਖ ਸਰਕਲਾਂ ਵਿੱਚੋਂ ਵੱਡੀ ਗਿਣਤੀ ਵਿੱਚ ਅਹੁਦੇਦਾਰਾਂ ਨੇ ਭਾਗ ਲਿਆ। ਮੀਟਿੰਗ ਵਿੱਚ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸਾਂਝੇ ਮੰਚ ਜਿਸ ਵਿੱਚ ਪੀ.ਐਸ.ਈ.ਬੀ. ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਏਕਤਾ ਮੰਚ, ਐਸੋਸੀਏਸ਼ਨ ਆਫ ਜੇ.ਈਜ਼. ਸਬ ਸਟੇਸ਼ਨ ਯੂਨੀਅਨ, ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪਹਿਲਵਾਨ ਪੈਨਸ਼ਨਰਜ਼ ਯੂਨੀਅਨ ਏਟਕ ਵੱਲੋਂ ਪੰਜਾਬ ਸਰਕਾਰ ਵਿਰੁੱਧ ਜ਼ੋ ਸੰਘਰਸ਼ ਦਾ ਬਿਗਲ ਵਜਾਇਆ ਗਿਆ ਹੈ ਅਤੇ ਮਿਤੀ 28—06—2026 ਨੂੰ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਸੰਗਰੂਰ ਵਿਖੇ ਕੋਠੀ ਦੇ ਸਾਹਮਣੇ ਪੰਜਾਬ ਪੱਧਰ ਦਾ ਧਰਨਾ ਲਗਾਉਣ ਦਾ ਜ਼ੋ ਫੈਸਲਾ ਕੀਤਾ ਗਿਆ ਹੈ ਉਸ ਵਿੱਚ ਪੈਨਸ਼ਨਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਪਹਿਲਵਾਨ, ਪਾਵਰ ਕਾਰਪੋਰੇਸ਼ਨ ਅਤੇ ਟਰਾਂਸਕੋ ਵੱਲੋਂ ਵੀ ਸੈਂਕੜਿਆਂ ਦੀ ਗਿਣਤੀ ਵਿੱਚ ਆਪਣੇ ਮੈਂਬਰਾਂ ਦੀ ਸ਼ਮੂਲੀਅਤ ਕੀਤੀ ਜਾਵੇਗੀ। ਕਿਉਂਕਿ ਪੰਜਾਬ ਦਾ ਮੁੱਖ ਮੰਤਰੀ ਪੰਜਾਬ ਦੀਆਂ ਵੱਖ—ਵੱਖ ਯੂਨੀਅਨਾਂ ਨੂੰ ਮੀਟਿੰਗਾਂ ਦੇ ਕੇ ਕੈਂਸਲ ਕਰਕੇ ਮੁਲਾਜਮਾਂ ਵਿੱਚ ਨਿਰਾਸ਼ਤਾ ਪੈਦਾ ਕਰ ਰਿਹਾ ਹੈ ਅਤੇ ਪਿਛਲੇ ਸਾਢੇ ਚਾਰ ਸਾਲਾਂ ਵਿੱਚ ਪੰਜਾਬ ਦੇ ਮੁਲਾਜਮਾਂ ਅਤੇ ਪੈਨਸ਼ਨਰਜ਼ ਦੀਆਂ ਮੰਗਾਂ ਮੰਨਣ ਤੋਂ ਟਾਲ ਮਟੋਲ ਕਰ ਰਿਹਾ ਹੈ। ਭਾਰਤ ਵਰਸ਼ ਦੇ ਬਾਕੀ ਸਾਰੇ ਸੂਬਿਆਂ ਵਿੱਚ ਕੇਂਦਰੀ ਪੈਟਰਨ ਤੇ 58# ਮਹਿੰਗਾਈ ਭੱਤਾ ਦਿੱਤਾ ਜਾ ਰਿਹਾ ਹੈ ਪਰੰਤੂ ਪੰਜਾਬ ਦੇ ਮੁਲਾਜਮਾਂ ਨੂੰ ਕੇਵਲ 42# ਮਹਿੰਗਾਈ ਭੱਤਾ ਹੀ ਦਿੱਤਾ ਜਾ ਰਿਹਾ ਹੈ। ਮਹਿੰਗਾਈ ਅਤੇ ਬੇਰੁਜਗਾਰੀ ਨੂੰ ਠੱਲ ਪਾਉਣ ਲਈ ਕੋਈ ਠੋਸ ਉਪਰਾਲੇ ਨਹੀਂ ਕੀਤੇ ਜਾ ਰਹੇ। ਪੰਜਾਬ ਦੇ ਵੱਖ—ਵੱਖ ਵਿਭਾਗਾਂ ਵਿੱਚ ਲੱਖਾਂ ਪੋਸਟਾਂ ਖਾਲੀ ਪਈਆਂ ਹਨ ਪਰੰਤੂ ਨਵੀਂ ਭਰਤੀ ਨਹੀਂ ਕੀਤੀ ਜਾ ਰਹੀ। ਆਮ ਆਦਮੀ ਪਾਰਟੀ ਨੇ 2022 ਦੀਆਂ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ 35000 ਕੱਚੇ ਮੁਲਾਜਮਾਂ ਨੂੰ ਪੰਜਾਬ ਕੈਬਨਿਟ ਦੀ ਪਹਿਲੀ ਮੀਟਿੰਗ ਵਿੱਚ ਹੀ ਹਰੇ ਪੈਨ ਨਾਲ ਰੈਗੂਲਰ ਕੀਤਾ ਜਾਵੇਗਾ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਪੰਜਾਬ ਵਿੱਚ ਉਦਯੋਗਾਂ ਦਾ ਵੱਡੇ ਪੱਧਰ ਤੇ ਨਿਵੇਸ਼ ਕਰਕੇ ਬੇਰੁਜਗਾਰਾਂ ਨੂੰ ਨੌਕਰੀਆਂ ਦਿੱਤੀਆਂ ਜਾਣਗੀਆਂ ਅਤੇ ਵਿਦੇਸ਼ਾਂ ਤੋਂ ਅੰਗਰੇਜ਼ ਪੰਜਾਬ ਵਿੱਚ ਨੌਕਰੀ ਕਰਨ ਲਈ ਆਇਆ ਕਰਨਗੇ। ਨਸ਼ਿਆਂ ਅਤੇ ਰਿਸ਼ਵਤਖੋਰੀ ਦਾ ਪੱਕੇ ਤੌਰ ਤੇ ਕੋਈ ਹੱਲ ਨਹੀਂ ਕੱਢਿਆ ਗਿਆ। ਪੰਜਾਬ ਪੁਲਿਸ ਦੇ ਵੱਡੇ—ਵੱਡੇ ਅਫਸਰ ਰਿਸ਼ਵਤ ਖੋਰੀ ਵਿੱਚ ਧੱਸੇ ਹੋਏ ਹਨ ਅਤੇ ਪੰਜਾਬ ਦੇ ਕਈ ਐਮ.ਐਲ.ਏ. ਅਤੇ ਮੰਤਰੀ ਵੀ ਇਸੇ ਕਰਕੇ ਜੇਲਾਂ ਵਿੱਚ ਬੰਦ ਹਨ। ਪੰਜਾਬ ਦਾ ਮਾਹੌਲ ਦਿਨੋ ਦਿਨ ਖਰਾਬ ਹੋ ਰਿਹਾ ਹੈ ਅਤੇ ਪੰਜਾਬ ਦੇ ਲੋਕ ਆਪਣੇ ਆਪ ਨੂੰ ਸੁਰੱਖਿਅਤ ਨਹੀਂ ਸਮਝ ਰਹੇ ਅਤੇ ਦਿਨ ਦਿਹਾੜੇ ਲੁੱਟਾਂ ਖੋਹਾਂ ਅਤੇ ਕਤਲ ਹੋ ਰਹੇ ਹਨ। ਫਿਰੋਤੀ ਦੀਆਂ ਵਾਰਦਾਤਾਂ ਵੱਧ ਰਹੀਆਂ ਹਨ। ਪੰਜਾਬ ਵਿੱਚ ਗੈਂਗਸਟਰਾਂ ਦਾ ਬੋਲਬਾਲਾ ਹੈ ਕੋਈ ਵੀ ਵਪਾਰੀ ਆਪਣੇ ਆਪ ਨੂੰ ਸੁਰੱਖਿਅਤ ਨਹੀਂ ਸਮਝ ਰਿਹਾ। ਜਿੱਥੋਂ ਤੱਕ ਪੰਜਾਬ ਦੇ ਮੁਲਾਜਮਾਂ ਦੀ ਗੱਲ ਦਾ ਸਬੰਧ ਹੈ ਤਾਂ ਪੰਜਾਬ ਦਾ ਮੁਲਾਜਮ ਅਤੇ ਪੈਨਸ਼ਨਰ ਅੱਜ ਯੂ.ਪੀ. ਅਤੇ ਬਿਹਾਰ ਦੇ ਮੁਲਾਜਮਾਂ ਨਾਲੋਂ ਵੀ ਤਰਸ ਯੋਗ ਹਾਲਤ ਵਿਚੋਂ ਲੰਘ ਰਿਹਾ ਹੈ। ਪੈਨਸ਼ਨਰਜ਼ ਜ਼ੋ ਮਿਤੀ 01—01—2016 ਤੋਂ ਪਹਿਲਾਂ ਸੇਵਾ ਮੁਕਤ ਹੋ ਚੁੱਕੇ ਹਨ ਉਨ੍ਹਾਂ ਨੂੰ 2.59 ਦੀ ਥਾਂ 2.45 ਦੇ ਫੈਕਟਰ ਨਾਲ ਪੈਨਸ਼ਨਾਂ ਫਿਕਸ ਕੀਤੀਆਂ ਜਾ ਰਹੀਆਂ ਹਨ। ਜਿਹੜੇ ਮੁਲਾਜਮ 17—07—2020 ਤੋਂ ਬਾਅਦ ਭਰਤੀ ਹੋਏ ਹਨ ਉਨ੍ਹਾਂ ਨੂੰ ਕੇਂਦਰ ਦੇ ਸਕੇਲ ਦਿੱਤੇ ਜਾ ਰਹੇ ਹਨ। ਪੈਨਸ਼ਨਰਜ਼ ਦੀਆਂ ਪੈਨਸ਼ਨਾਂ ਵਿੱਚੋਂ ਹਰ ਮਹੀਨੇ 200 ਰੁਪਏ ਪ੍ਰਤੀ ਮਹੀਨਾ ਵਿਕਾਸ ਟੈਕਸ ਦੇ ਨਾਮ ਤੇ ਜੱਜੀਆ ਟੈਕਸ ਕੱਟਿਆ ਜਾ ਰਿਹਾ ਹੈ। ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਜਾ ਰਹੀ ਅਤੇ ਛੇਵੇਂ ਪੇਅ ਕਮਿਸ਼ਨ ਦੀਆਂ ਰਹਿ ਗਈਆਂ ਤਰੁੱਟੀਆਂ ਦੂਰ ਨਹੀਂ ਕੀਤੀਆਂ ਜਾ ਰਹੀਆਂ ਜਿਸ ਕਰਕੇ ਪੰਜਾਬ ਦੇ ਮੁਲਾਜਮਾਂ ਤੇ ਪੈਨਸ਼ਨਰਾਂ ਵਿੱਚ ਵੱਡੀ ਨਿਰਾਸ਼ਤਾ ਫੈਲ ਰਹੀ ਹੈ। ਪੰਜਾਬ ਸਰਕਾਰ ਅਤੇ ਪਾਵਰ ਕਾਰਪੋਰੇਸ਼ਨ ਦੀਆਂ ਮੁਲਾਜਮ ਮਾਰੂ ਨੀਤੀਆਂ ਵਿਰੁੱਧ ਸਾਂਝੇ ਮੰਚ ਵਿੱਚ ਬਿਜਲੀ ਮੁਲਾਜਮਾਂ ਦੀਆਂ 16 ਜਥੇਬੰਦੀਆਂ ਵਲੋਂ ਮਿਤੀ 28—06—2026 ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਪੰਜਾਬ ਦੀ ਕੋਠੀ ਦੇ ਸਾਹਮਣੇ ਲਾਏ ਜਾ ਰਹੇ ਧਰਨੇ ਵਿੱਚ ਹਜਾਰਾਂ ਦੀ ਗਿਣਤੀ ਵਿੱਚ ਬਿਜਲੀ ਮੁਲਾਜਮ ਅਤੇ ਪੈਨਸ਼ਨਰਜ਼ ਭਾਗ ਲੈਣਗੇ। ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਵੱਲੋਂ ਵੀ ਸੈਂਕੜਿਆਂ ਦੀ ਗਿਣਤੀ ਵਿੱਚ ਵਰਕਰਾਂ ਨਾਲ ਸ਼ਮੂਲੀਅਤ ਕੀਤੀ ਜਾਵੇਗੀ। ਅੱਜ ਦੀ ਮੀਟਿੰਗ ਵਿੱਚ ਬਾਬਾ ਅਮਰਜੀਤ ਸਿੰਘ, ਬੀ.ਐਸ. ਸੇਖੋਂ, ਵਿਨੋਦ ਸਲਵਾਨ, ਪਰਮਜੀਤ ਸਿੰਘ ਦਸੂਹਾ, ਐਮ.ਐਲ. ਕਪਿਲਾ, ਬਲਵਿੰਦਰ ਸਿੰਘ ਪਸਿਆਣਾ, ਰਜਿੰਦਰ ਠਾਕੁਰ, ਐਚ.ਐਸ. ਕੋਹਲੀ, ਸੁਖਦੇਵ ਸਿੰਘ ਕੈਸ਼ੀਅਰ, ਮਲਕੀਤ ਸਿੰਘ ਕੰਗ, ਰਾਮ ਸਰਨ, ਜਗਦੀਸ਼ ਰਾਏ, ਜਗਦੇਵ ਮਾਨ, ਮਨੋਜ਼ ਮਹਾਜਨ, ਪਵਿੱਤਰ ਸਿੰਘ, ਅਵਤਾਰ ਸਿੰਘ ਬੰਮਰਾਹ, ਹਰਜਿੰਦਰ ਸਿੰਘ ਚੌਹਾਨ, ਸਤੀਸ਼ ਕੁਮਾਰ, ਮਹਿੰਦਰ ਸਿੰਘ ਫਿਰੋਜਪੁਰ, ਲਖਵੀਰ ਸਿੰਘ ਕਰਤਾਰਪੁਰ, ਸ਼ਿਵਦੇਵ ਸਿੰਘ, ਪਰਮਜੀਤ ਸਿੰਘ ਜਲੰਧਰ, ਅਸ਼ਵਨੀ ਸ਼ਰਮਾ, ਪਰਵਿੰਦਰ ਸਿੰਘ, ਬਲਵਿੰਦਰ ਸਿੰਘ ਮੁਕੇਰੀਆ, ਗੁਰਦੀਪ ਸਿੰਘ, ਕੰਵਰ ਜਸਵਿੰਦਰਪਾਲ ਸਿੰਘ, ਰਾਜ ਕੁਮਾਰ ਕੋਹਲੀ, ਸੁਰਿੰਦਰ ਸਿੰਘ ਸ਼ਾਹਪੁਰ ਕੰਡੀ, ਚੂਹੜ ਸਿੰਘ ਕਪੂਰਥਲਾ ਆਦਿ ਹਾਜਰ ਸਨ।



# ਪੀ.ਏ.ਯੂ.-ਕੇ.ਵੀ.ਕੇ., ਵੱਲੋਂ ਨਾਬਾਰਡ ਦੇ ਸਹਿਯੋਗ ਨਾਲ ਐੱਫ.ਪੀ.ਓਜ਼. ਲਈ ਵਿਸ਼ੇਸ਼ ਸਿਖਲਾਈ ਕੈਂਪ ਦਾ ਆਯੋਜਨ



**ਗਿੱਦੜਬਾਹਾ, 26 ਜੂਨ**
**-ਸ਼.ਅ.ਬਿਓਰੋ-**

)ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਐਸੋਸੀਏਟ ਡਾਇਰੈਕਟਰ ਡਾ. ਕਰਮਜੀਤ ਸ਼ਰਮਾ ਦੀ ਯੋਗ ਅਗਵਾਈ ਹੇਠ ਨਾਬਾਰਡ ਦੇ ਸਹਿਯੋਗ ਨਾਲ 'ਖੇਤ ਬਚਾਓ ਅਭਿਆਨ' ਤਹਿਤ ਪਿੰਡ ਆਸਾ ਬੁੱਟਰ ਵਿੱਚ ਕਿਸਾਨ ਉਤਪਾਦਕ ਸੰਗਠਨਾਂ (ਐੱਫ.ਪੀ.ਓਜ਼.) ਲਈ ਇੱਕ ਵਿਸ਼ੇਸ਼ ਸਿਖਲਾਈ ਤੇ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦੌਰਾਨ ਡਾ. ਮਨਜੀਤ ਕੌਰ, ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ) ਨੇ ਕਿਸਾਨਾਂ ਨੂੰ ਖਾਦਾਂ ਦੀ ਸੰਤੁਲਿਤ ਵਰਤੋਂ ਲਈ ਮਿੱਟੀ ਅਤੇ ਪਾਣੀ ਦੀ ਪਰਖ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਲ ਦਰ ਸਾਲ ਇੱਕੋ ਫਸਲ ਉਗਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਜਾਂਦੀ ਹੈ, ਇਸ ਲਈ ਮਿੱਟੀ ਦੀ ਜਾਂਚ ਬਹੁਤ ਜ਼ਰੂਰੀ ਹੈ। ਇਸ ਤੋਂ ਇਲਾਵਾ ਉਹਨਾਂ ਨੇ ਜੈਵਿਕ ਖਾਦਾਂ ਦੀ ਵਰਤੋਂ ਨਾਲ ਮਿੱਟੀ ਦੀ ਸਿਹਤ ਸੁਧਾਰ ਬਾਰੇ ਵੀ ਕਿਸਾਨਾਂ ਨਾਲ ਗੱਲਬਾਤ ਕੀਤੀ।

ਇਸ ਦੌਰਾਨ ਡਾ. ਵਿਵੇਕ ਕੁਮਾਰ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਸਾਉਣੀ ਦੀਆਂ ਫ਼ਸਲਾਂ ਵਿੱਚ ਖਾਦਾਂ ਦੀ ਸੁਚੱਜੀ ਵਰਤੋਂ, ਖਾਦਾਂ ਦੀ ਘਾਟ ਸਮੇਂ ਬਦਲਵੇਂ ਵਿਕਲਪ, ਸੂਖਮ ਪੋਸ਼ਕ ਤੱਤਾਂ ਦੀ ਮਹੱਤਤਾ ਅਤੇ ਸਾਉਣੀ ਦੀਆਂ ਫ਼ਸਲਾਂ ਵਿੱਚ ਨਦੀਨਾਂ ਦੀ ਸਰਵਪੱਖੀ ਰੋਕਥਾਮ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਦੇ ਨਾਲ-ਨਾਲ ਉਹਨਾਂ ਨੇ ਝੋਨੇ/ਬਾਸਮਤੀ ਦੀ ਸਿੱਧੀ ਬਿਜਾਈ ਸਬੰਧੀ ਜ਼ਰੂਰੀ ਨੁਕਤੇ ਸਾਂਝੇ ਕੀਤੇ ਅਤੇ ਝੋਨੇ ਵਿੱਚ ਮਧਰੇ ਰੋਗ ਦੀ ਸਹੀ ਸਮੇਂ ਤੇ ਸੁਚੱਜੀ ਰੋਕਥਾਮ ਦੇ ਢੰਗਾਂ ਬਾਰੇ ਵੀ ਚਾਨਣਾ ਪਾਇਆ। ਐੱਸ.ਬੀ.ਆਈ. ਤੋਂ ਅਵਤਾਰ ਸਿੰਘ ਜੱਗਾ ਐੱਲ.ਡੀ.ਐੱਮ. ਨੇ ਕਿਸਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਆਧੁਨਿਕ ਖੇਤੀ ਵਿੱਚ ਨਵੇਂ ਰਾਹ ਲੱਭਣ ਲਈ ਕਿਸਾਨਾਂ ਨੂੰ ਲਗਾਤਾਰ ਕੇ.ਵੀ.ਕੇ. ਦੇ ਮਾਹਿਰਾਂ ਨਾਲ ਸੰਪਰਕ ਵਿੱਚ ਰਹਿਣਾ ਚਾਹੀਦਾ ਹੈ। ਇਸ ਤੋਂ ਇਲਾਵਾ ਉਹਨਾਂ ਨੇ ਖੇਤੀ ਅਤੇ ਖੇਤੀ ਸਹਾਇਕ ਧੰਦਿਆਂ ਵਿੱਚ ਸਰਕਾਰ ਵੱਲੋਂ ਪ੍ਰਦਾਨ ਕੀਤੀਆਂ ਜਾਂਦੀਆਂ ਵਿੱਤੀ ਸਹੂਲਤਾਂ ਬਾਰੇ ਵੀ ਗੱਲਬਾਤ ਕੀਤੀ। ਨਾਬਾਰਡ ਦੇ ਡੀ.ਡੀ.ਐੱਮ. ਸੁਰੇਸ਼ ਕੁਮਾਰ ਨੇ ਨਾਬਾਰਡ ਵੱਲੋਂ ਕਿਸਾਨਾਂ ਲਈ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਗੱਲਬਾਤ ਕੀਤੀ ਅਤੇ ਕਿਸਾਨਾਂ ਨੂੰ ਇਹਨਾਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੇ ਅਖੀਰ ਵਿੱਚ ਉਹਨਾਂ ਨੇ ਕੇ.ਵੀ.ਕੇ. ਟੀਮ, ਐੱਸ.ਬੀ.ਆਈ. ਦੇ ਅਧਿਕਾਰੀਆਂ, ਵੱਖ-ਵੱਖ ਐੱਫ.ਪੀ.ਓਜ਼ ਤੋਂ ਪਹੁੰਚੇ ਪ੍ਰਤੀਨਿਧੀਆਂ ਅਤੇ ਕਿਸਾਨਾਂ ਦਾ ਧੰਨਵਾਦ ਕੀਤਾ। ਪ੍ਰੋਗਰਾਮ ਦੌਰਾਨ ਕਿਸਾਨਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਖੇਤ ਪੱਧਰੀ ਸਮੱਸਿਆਵਾਂ ਸਬੰਧੀ ਆਪਣੇ ਸਵਾਲ ਵਿਗਿਆਨੀਆਂ ਸਾਹਮਣੇ ਰੱਖੇ, ਜਿਨ੍ਹਾਂ ਦੇ ਸੰਤੁਸ਼ਟੀਜਨਕ ਜਵਾਬ ਦਿੱਤੇ ਗਏ।

# ਪੰਜਾਬ ਸਰਕਾਰ ਨੇ ਗਰੀਬ ਪਰਿਵਾਰਾਂ ਸਿਰੋਂ ਵਿਆਹ ਦਾ ਬੋਝ ਘਟਾਇਆ; ਅਸ਼ੀਰਵਾਦ ਸਕੀਮ ਤਹਿਤ 16.74 ਕਰੋੜ ਜਾਰੀ: ਡਾ. ਬਲਜੀਤ ਕੌਰ

**ਚੰਡੀਗੜ੍ਹ, 26 ਜੂਨ**
**-ਸੰਜੀਵ ਸ਼ਰਮਾ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਗਰੀਬ ਅਤੇ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹਾਂ ਦੇ ਫਿਕਰ ਨੂੰ ਦੂਰ ਕਰਦਿਆਂ ਇੱਕ ਵੱਡੀ ਰਾਹਤ ਦਿੱਤੀ ਹੈ। ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਇੱਥੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ 'ਅਸ਼ੀਰਵਾਦ ਸਕੀਮ' ਤਹਿਤ ਚਾਲੂ ਵਿੱਤੀ ਸਾਲ 2026-27 ਦੌਰਾਨ ਅਨੁਸੂਚਿਤ ਜਾਤੀਆਂ ਦੇ 3282 ਲਾਭਪਾਤਰੀਆਂ ਨੂੰ 16.74 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਇਸ ਫੈਸਲੇ ਪਿੱਛੇ ਮਨੁੱਖੀ ਸੰਵੇਦਨਸ਼ੀਲਤਾ ਨੂੰ ਉਜਾਗਰ ਕਰਦਿਆਂ ਵਿਸ਼ੇਸ਼ ਤੌਰ 'ਤੇ ਕਿਹਾ, ÷ਧੀ ਦਾ ਵਿਆਹ ਕਿਸੇ ਵੀ ਗਰੀਬ ਮਾਪਿਆਂ ਲਈ ਫਿਕਰ ਜਾਂ ਕਰਜ਼ੇ ਦਾ ਕਾਰਨ ਨਹੀਂ ਬਣਨਾ ਚਾਹੀਦਾ। ਪੰਜਾਬ ਸਰਕਾਰ ਹਰ ਲੋੜਵੰਦ ਪਰਿਵਾਰ ਦੇ ਨਾਲ ਇੱਕ ਵੱਡੇ ਭਰਾ ਅਤੇ ਪੁੱਤਰ ਵਾਂਗ ਖੜ੍ਹੀ ਹੈ। ਸਾਡਾ ਮਕਸਦ ਸਿਰਫ਼ ਕਾਗਜ਼ੀ ਕਾਰਵਾਈ ਕਰਨਾ ਜਾਂ ਅੰਕੜੇ ਪੇਸ਼ ਕਰਨਾ ਨਹੀਂ, ਸਗੋਂ ਇਹ ਯਕੀਨੀ ਬਣਾਉਣਾ ਹੈ ਕਿ ਜਦੋਂ ਕੋਈ ਧੀ ਆਪਣੇ ਘਰੋਂ ਵਿਦਾ ਹੋਵੇ, ਤਾਂ ਉਸ ਦੇ ਮਾਪਿਆਂ ਦੇ ਚਿਹਰੇ 'ਤੇ ਚਿੰਤਾ ਦੀ ਬਜਾਏ ਸੁਖਾਲੇਪਣ ਦੀ ਮੁਸਕਰਾਹਟ ਹੋਵੇ। ਇਸੇ ਲਈ ਇਹ ਰਾਸ਼ੀ ਬਿਨਾਂ ਕਿਸੇ ਦੇਰੀ ਅਤੇ ਬਿਨਾਂ ਕਿਸੇ ਖੱਜਲ-ਖੁਆਰੀ ਦੇ, ਪੂਰੀ ਪਾਰਦਰਸ਼ਤਾ ਨਾਲ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾ ਰਹੀ ਹੈ।

ਮੰਤਰੀ ਨੇ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚਾਲੂ ਸਾਲ ਦੌਰਾਨ ਅਸ਼ੀਰਵਾਦ ਪੋਰਟਲ 'ਤੇ ਕੁੱਲ 14 ਜ਼ਿਲ੍ਹਿਆਂ ਤੋਂ 3282 ਲਾਭਪਾਤਰੀਆਂ ਦੀਆਂ ਦਰਖਾਸਤਾਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਸਾਰੀਆਂ ਨੂੰ ਇਸ ਰਾਸ਼ੀ ਨਾਲ ਕਵਰ ਕਰ ਲਿਆ ਗਿਆ ਹੈ। ਇਨ੍ਹਾਂ ਜ਼ਿਲ੍ਹਿਆਂ ਵਿੱਚ ਅੰਮ੍ਰਿਤਸਰ, ਬਰਨਾਲਾ, ਬਠਿੰਡਾ, ਫਰੀਦਕੋਟ, ਫਤਹਿਗੜ੍ਹ ਸਾਹਿਬ, ਜਲੰਧਰ, ਕਪੂਰਥਲਾ, ਮਾਨਸਾ, ਪਟਿਆਲਾ, ਪਠਾਨਕੋਟ, ਐਸ.ਏ.ਐਸ. ਨਗਰ, ਐਸ.ਬੀ.ਐਸ. ਨਗਰ, ਸੰਗਰੂਰ ਅਤੇ ਮਾਲੇਰਕੋਟਲਾ ਸ਼ਾਮਲ ਹਨ।



ਜ਼ਿਲ੍ਹੇ ਵਾਰ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਇਸ ਰਾਸ਼ੀ ਨਾਲ ਸਭ ਤੋਂ ਵੱਧ ਜ਼ਿਲ੍ਹਾ ਅੰਮ੍ਰਿਤਸਰ ਦੇ 1178 ਅਤੇ ਜਲੰਧਰ ਦੇ 877 ਪਰਿਵਾਰਾਂ ਨੂੰ ਲਾਭ ਮਿਲਿਆ ਹੈ। ਇਸ ਤੋਂ ਇਲਾਵਾ ਕਪੂਰਥਲਾ ਦੇ 427, ਐਸ.ਬੀ.ਐਸ. ਨਗਰ ਦੇ 261, ਪਠਾਨਕੋਟ ਦੇ 210, ਬਰਨਾਲਾ ਦੇ 61, ਪਟਿਆਲਾ ਦੇ 61, ਮਾਨਸਾ ਦੇ 50, ਫਤਹਿਗੜ੍ਹ ਸਾਹਿਬ ਦੇ 47, ਬਠਿੰਡਾ ਦੇ 39, ਐਸ.ਏ.ਐਸ. ਨਗਰ ਦੇ 29, ਫਰੀਦਕੋਟ ਦੇ 28, ਮਾਲੇਰਕੋਟਲਾ ਦੇ 13 ਅਤੇ ਸੰਗਰੂਰ ਦੇ 01 ਲਾਭਪਾਤਰੀ/ਪਰਿਵਾਰ ਨੂੰ ਵਿੱਤੀ ਸਹਾਇਤਾ ਦਿੱਤੀ ਗਈ ਹੈ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਸੂਬਾ ਸਰਕਾਰ ਵੱਲੋਂ ਰਾਜ ਵਿੱਚ ਘੱਟ ਆਮਦਨੀ ਵਾਲੇ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਲਈ 51,000 ਰੁਪਏ ਦੀ ਰਾਸ਼ੀ ਵਿੱਤੀ ਸਹਾਇਤਾ ਵਜੋਂ ਦਿੱਤੀ ਜਾਂਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਦਾ ਪੱਕਾ ਵਸਨੀਕ ਹੋਣਾ ਚਾਹੀਦਾ ਹੈ, ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ ਅਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਹੋਵੇ ਅਤੇ ਪਰਿਵਾਰ ਦੀ ਸਾਰੇ ਸਰੋਤਾਂ ਨੂੰ ਮਿਲਾਕੇ ਸਾਲਾਨਾ ਆਮਦਨ 32,790 ਰੁਪਏ ਤੋਂ ਘੱਟ ਹੋਵੇ। ਅਜਿਹੇ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਲੈ ਸਕਦੀਆਂ ਹਨ। ਕੈਬਨਿਟ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਜਿੱਥੇ ਆਮ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ, ਉੱਥੇ ਹੀ ਅਨੁਸੂਚਿਤ ਜਾਤੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਹੱਕਾਂ ਦੀ ਰਾਖੀ ਅਤੇ ਉਨ੍ਹਾਂ ਦੀ ਸਮਾਜਿਕ ਸੁਰੱਖਿਆ ਲਈ ਲਗਾਤਾਰ ਯਤਨਸ਼ੀਲ ਹੈ।

# ਲੋਕ ਫੈਸਲਾ ਕਰਨਗੇ; ਧਰਮ ਦੇ ਨਾਂ 'ਤੇ ਫ਼ਰਜ਼ੀ ਵੀਡੀਓ ਅਤੇ ਝੂਠਾ ਪ੍ਰਚਾਰ ਮੈਨੂੰ ਪੰਜਾਬ ਲਈ ਕੰਮ ਕਰਨ ਤੋਂ ਨਹੀਂ ਰੋਕ ਸਕਦਾ: ਭਗਵੰਤ ਸਿੰਘ ਮਾਨ

## ਪੰਜਾਬ ਦੀਆਂ ਔਰਤਾਂ ਨੂੰ ਪਹਿਲੀ ਜੁਲਾਈ ਤੋਂ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਵਿੱਤੀ ਸਹਾਇਤਾ ਮਿਲਣੀ ਸ਼ੁਰੂ ਹੋ ਜਾਵੇਗੀ; 97 ਫ਼ੀਸਦੀ ਔਰਤਾਂ ਨੂੰ ਮਿਲੇਗਾ ਲਾਭ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਬਰਨਾਲਾ, 26 ਜੂਨ**
**ਜਗਦੇਵ ਰੰਚਨਾਂ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਾਂਗਰਸ, ਭਾਜਪਾ ਅਤੇ ਅਕਾਲੀ ਦਲ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਇਹ ਤਿੰਨੋਂ ਪਾਰਟੀਆਂ ਪੰਜਾਬ ਦੀ ਬੇਮਿਸਾਲ ਤਰੱਕੀ ਦੇ ਖ਼ਿਲਾਫ਼ ਇੱਕਜੁੱਟ ਹੋ ਗਈਆਂ ਹਨ, ਕਿਉਂਕਿ ਉਹ 'ਆਪ' ਦੀ ਅਗਵਾਈ ਵਾਲੀ ਸਰਕਾਰ ਨੂੰ ਮਿਲ ਰਹੇ ਭਰਵੇਂ ਜਨਤਕ ਸਮਰਥਨ ਨੂੰ ਬਰਦਾਸ਼ਤ ਨਹੀਂ ਕਰ ਪਾ ਰਹੀਆਂ। ਬਰਨਾਲਾ ਵਿਖੇ 'ਲੋਕ ਮਿਲਣੀ' ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਆਪਣਾ ਮਾਨਸਿਕ ਸੰਤੁਲਨ ਗਵਾ ਚੁੱਕੀਆਂ ਹਨ ਕਿਉਂਕਿ ਉਹ ਸੂਬੇ ਦੇ ਤੇਜ਼ੀ ਨਾਲ ਹੋ ਰਹੇ ਵਿਕਾਸ ਨੂੰ ਹਜ਼ਮ ਨਹੀਂ ਕਰ ਪਾ ਰਹੀਆਂ ਅਤੇ ਉਨ੍ਹਾਂ ਨੇ ਮੈਨੂੰ ਬਦਨਾਮ ਕਰਨ ਅਤੇ ਲੋਕਾਂ ਨੂੰ ਗੁਮਰਾਹ ਕਰਨ ਲਈ ਧਰਮ ਦੇ ਨਾਂ 'ਤੇ ਫ਼ਰਜ਼ੀ ਵੀਡੀਓ ਅਤੇ ਝੂਠੇ ਪ੍ਰਚਾਰ ਦਾ ਸਹਾਰਾ ਲਿਆ ਹੈ।

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਲੋਕ-ਪੱਖੀ ਫੈਸਲਿਆਂ ਦੀ ਸੂਚੀ ਸਾਂਝੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੂੰ ਲੀਹੋਂ ਲਾਹੁਣ ਦੀਆਂ ਬਾਰ-ਬਾਰ ਕੋਸ਼ਿਸ਼ਾਂ ਦੇ ਬਾਵਜੂਦ ਉਨ੍ਹਾਂ ਦਾ ਪੂਰਾ ਧਿਆਨ ਵਿਕਾਸ ਅਤੇ ਲੋਕ ਭਲਾਈ ਦੇ ਕੰਮਾਂ 'ਤੇ ਕੇਂਦਰਿਤ ਹੈ। ਉਨ੍ਹਾਂ ਐਲਾਨ ਕੀਤਾ ਕਿ ਪੰਜਾਬ ਭਰ ਦੀਆਂ ਔਰਤਾਂ ਨੂੰ ਪਹਿਲੀ ਜੁਲਾਈ ਤੋਂ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਵਿੱਤੀ ਸਹਾਇਤਾ ਮਿਲਣੀ ਸ਼ੁਰੂ ਹੋ ਜਾਵੇਗੀ। ਇਸ ਦੇ ਨਾਲ ਹੀ ਉਨ੍ਹਾਂ ਪਿੰਡਾਂ ਵਿੱਚ ਹਾਈ-ਟੈਨਸ਼ਨ ਬਿਜਲੀ ਦੀਆਂ ਤਾਰਾਂ ਨੂੰ ਅੰਡਰਗਰਾਊਂਡ ਕਰਨ ਦੇ ਦੇਸ਼ ਦੇ ਪਹਿਲੇ ਪ੍ਰਾਜੈਕਟ ਦੀ ਸ਼ੁਰੂਆਤ ਬਾਰੇ ਦੱਸਿਆ ਅਤੇ ਜ਼ੋਰ ਦੇ ਕੇ ਕਿਹਾ ਕਿ ਕੋਈ ਵੀ ਸਾਜ਼ਿਸ਼ ਜਾਂ ਬਦਨਾਮੀ ਦੀ ਮੁਹਿੰਮ ਉਨ੍ਹਾਂ ਨੂੰ ਲੋਕਾਂ ਲਈ ਕੰਮ ਕਰਨ ਅਤੇ ਪੰਜਾਬ ਦੇ ਹਿੱਤਾਂ ਦੀ ਰਾਖੀ ਕਰਨ ਤੋਂ ਨਹੀਂ ਰੋਕ ਸਕਦੀ। ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਆਮ ਲੋਕਾਂ ਦੀ ਭਲਾਈ ਅਤੇ ਸੂਬੇ ਦੀ ਤਰੱਕੀ ਲਈ ਕਈ ਇਤਿਹਾਸਕ ਫੈਸਲੇ ਲਏ ਹਨ। ਉਨ੍ਹਾਂ ਕਿਹਾ, ÷ਰਵਾਇਤੀ ਸਿਆਸੀ ਪਾਰਟੀਆਂ, ਜਿਨ੍ਹਾਂ ਨੇ ਕਦੇ ਆਮ ਲੋਕਾਂ ਦੀ ਪਰਵਾਹ ਨਹੀਂ ਕੀਤੀ, ਇਨ੍ਹਾਂ ਪ੍ਰਾਪਤੀਆਂ ਨੂੰ ਹਜ਼ਮ ਨਹੀਂ ਕਰ ਪਾ ਰਹੀਆਂ। ਉਹ ਪੰਜਾਬ ਸਰਕਾਰ ਅਤੇ ਮੇਰੇ ਖ਼ਿਲਾਫ਼ ਲਗਾਤਾਰ ਜ਼ਹਿਰ ਉਗਲ ਰਹੀਆਂ ਹਨ। ਉਨ੍ਹਾਂ ਕੋਲ ਲੋਕਾਂ ਲਈ ਕੋਈ ਏਜੰਡਾ ਨਹੀਂ ਹੈ ਅਤੇ ਉਨ੍ਹਾਂ ਦਾ ਇੱਕੋ-ਇੱਕ ਮਕਸਦ ਬੇਬੁਨਿਆਦ ਬਿਆਨਬਾਜ਼ੀ ਕਰ ਕੇ ਸਰਕਾਰ ਨੂੰ ਬਦਨਾਮ ਕਰਨਾ ਹੈ।

ਇੱਕ ਵੱਡਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜ ਦਿਨਾਂ ਬਾਅਦ ਯਾਨੀ ਪਹਿਲੀ ਜੁਲਾਈ ਤੋਂ ਪੰਜਾਬ ਭਰ ਦੀਆਂ ਔਰਤਾਂ ਨੂੰ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਵਿੱਤੀ ਸਹਾਇਤਾ ਮਿਲਣੀ ਸ਼ੁਰੂ ਹੋ ਜਾਵੇਗੀ। ਉਨ੍ਹਾਂ ਕਿਹਾ, 18 ਸਾਲ ਤੋਂ ਵੱਧ ਉਮਰ ਦੀਆਂ ਮਹਿਲਾ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਸਬੰਧੀ ਉਨ੍ਹਾਂ ਦੇ ਮੋਬਾਈਲ ਫੋਨਾਂ 'ਤੇ ਮੈਸੇਜ ਮਿਲਣਗੇ। ਪੰਜਾਬ ਦੀ ਹਰ ਔਰਤ ਨੂੰ 1,000 ਰੁਪਏ, ਜਦੋਂ ਕਿ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1,500 ਰੁਪਏ ਮਿਲਣਗੇ। ਇਹ ਰਾਸ਼ੀ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾਵੇਗੀ। ਜੋ ਔਰਤਾਂ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸ਼ਨ ਲੈ ਰਹੀਆਂ ਹਨ, ਉਹ ਵੀ ਇਸ ਯੋਜਨਾ ਦੇ ਯੋਗ ਹੋਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਲਗਭਗ 97 ਫ਼ੀਸਦੀ ਔਰਤਾਂ ਨੂੰ ਇਸ ਯੋਜਨਾ ਦਾ ਲਾਭ ਮਿਲਣ ਦੀ ਉਮੀਦ ਹੈ ਅਤੇ ਪੰਜਾਬ ਸਰਕਾਰ ਨੇ ਇਸ ਨੂੰ ਲਾਗੂ ਕਰਨ ਲਈ ਬਜਟ ਵਿੱਚ 9,300 ਕਰੋੜ ਰੁਪਏ ਰੱਖੇ ਹਨ। ਇਸ ਯੋਜਨਾ ਦੇ ਵਿਆਪਕ ਸਮਾਜਿਕ ਮਹੱਤਵ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ÷ਇਹ ਵਿੱਤੀ ਸਹਾਇਤਾ ਸ਼ਾਇਦ ਔਰਤਾਂ ਨੂੰ ਅਮੀਰ ਨਾ ਬਣਾਵੇ, ਪਰ ਇਹ ਉਨ੍ਹਾਂ ਨੂੰ ਮਾਣ-ਸਨਮਾਨ ਜ਼ਰੂਰ ਦੇਵੇਗੀ। ਔਰਤਾਂ ਸਭ ਤੋਂ ਵੱਧ ਸਤਿਕਾਰ ਦੀਆਂ ਹੱਕਦਾਰ ਹਨ ਕਿਉਂਕਿ ਉਹ ਖ਼ੁਦ ਜੀਵਨ ਦਾ ਸਰੋਤ ਹਨ। ਮਾਵਾਂ ਅਤੇ ਭੈਣਾਂ ਦੀਆਂ ਅਸੀਸਾਂ ਹਰ ਚੁਣੌਤੀ ਨੂੰ ਪਾਰ ਕਰਨ ਵਿੱਚ ਮਦਦ ਕਰਦੀਆਂ ਹਨ। ਔਰਤਾਂ ਦੀ ਘਰੇਲੂ ਸਥਿਤੀ ਸੁਧਾਰਨ, ਲਿੰਗ ਬਰਾਬਰੀ ਨੂੰ ਹੁਲਾਰਾ ਦੇਣ ਅਤੇ ਸਮਾਜਿਕ ਤੇ ਆਰਥਿਕ ਫੈਸਲਿਆਂ ਵਿੱਚ ਔਰਤਾਂ ਦੀ ਭਾਗੀਦਾਰੀ ਵਧਾਉਣ ਲਈ ਔਰਤਾਂ ਦੀ ਵਿੱਤੀ ਖ਼ੁਦਮੁਖਤਿਆਰੀ ਨੂੰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ।

ਇੱਕ ਹੋਰ ਵੱਡੇ ਉਪਰਾਲੇ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਆਪ' ਸਰਕਾਰ ਨੇ ਹਾਈ-ਟੈਨਸ਼ਨ ਬਿਜਲੀ ਦੀਆਂ ਤਾਰਾਂ ਨੂੰ ਜ਼ਮੀਨਦੋਜ਼ ਕਰਨ ਦਾ ਦੇਸ਼ ਦਾ ਪਹਿਲਾ ਅਹਿਮ ਪ੍ਰਾਜੈਕਟ ਸ਼ੁਰੂ ਕੀਤਾ ਹੈ, ਜਿਸ ਦੀ ਸ਼ੁਰੂਆਤ ਉਨ੍ਹਾਂ ਦੇ ਆਪਣੇ ਪਿੰਡ ਤੋਂ ਇੱਕ ਪਾਇਲਟ ਪ੍ਰਾਜੈਕਟ ਵਜੋਂ ਕੀਤੀ ਗਈ ਹੈ। ਉਨ੍ਹਾਂ ਕਿਹਾ, ਇਹ ਇਤਿਹਾਸਕ ਪ੍ਰਾਜੈਕਟ ਪਿੰਡਾਂ ਨੂੰ ਸਿਰਾਂ ਉੱਪਰੋਂ ਲੰਘਦੀਆਂ ਬਿਜਲੀ ਦੀਆਂ ਤਾਰਾਂ ਅਤੇ ਫਾਲਤੂ ਖੰਭਿਆਂ ਦੇ ਜਾਲ ਤੋਂ ਮੁਕਤ ਕਰੇਗਾ। ਬਿਜਲੀ ਦੇ ਖੰਭੇ ਅਤੇ ਉੱਪਰਲੀਆਂ ਤਾਰਾਂ ਲੋਕਾਂ, ਪਸ਼ੂਆਂ ਅਤੇ ਖਾਸ ਕਰ ਕੇ ਬੱਚਿਆਂ ਲਈ ਕਰੰਟ ਲੱਗਣ ਦਾ ਲਗਾਤਾਰ ਖ਼ਤਰਾ ਬਣੀਆਂ ਰਹਿੰਦੀਆਂ ਹਨ। ਜਦੋਂ ਟਰੈਕਟਰ, ਕੰਬਾਈਨਾਂ ਅਤੇ ਹੋਰ ਵਾਹਨ ਇਨ੍ਹਾਂ ਤਾਰਾਂ ਦੀ ਲਪੇਟ ਵਿੱਚ ਆਉਂਦੇ ਹਨ ਤਾਂ ਅਕਸਰ ਹਾਦਸੇ ਵਾਪਰਦੇ ਹਨ।

ਉਨ੍ਹਾਂ ਅੱਗੇ ਕਿਹਾ, ਫ਼ਸਲਾਂ ਨੂੰ ਲੱਗਣ ਵਾਲੀ ਅੱਗ ਕਾਰਨ ਵੀ ਕਿਸਾਨਾਂ ਦਾ ਭਾਰੀ ਨੁਕਸਾਨ ਹੁੰਦਾ ਹੈ, ਜਦੋਂ ਕਿ ਮੀਂਹ, ਹਨੇਰੀ ਅਤੇ ਤੇਜ਼ ਹਵਾਵਾਂ ਕਾਰਨ ਖੰਭੇ ਅਤੇ ਤਾਰਾਂ ਟੁੱਟ ਜਾਂਦੀਆਂ ਹਨ, ਜਿਸ ਨਾਲ ਬਿਜਲੀ ਸਪਲਾਈ ਪ੍ਰਭਾਵਿਤ ਹੁੰਦੀ ਹੈ ਅਤੇ ਪਾਵਰ ਕਾਰਪੋਰੇਸ਼ਨ ਨੂੰ ਵਿੱਤੀ ਨੁਕਸਾਨ ਹੁੰਦਾ ਹੈ। ਇਹ ਪ੍ਰਾਜੈਕਟ ਇਨ੍ਹਾਂ ਸਾਰੀਆਂ ਸਮੱਸਿਆਵਾਂ ਤੋਂ ਪੱਕੀ ਰਾਹਤ ਦੇਵੇਗਾ ਅਤੇ ਪਿੰਡਾਂ ਵਿੱਚ ਜੀਵਨ ਪੱਧਰ ਨੂੰ ਬਿਹਤਰ ਬਣਾਏਗਾ। ਸਰਕਾਰੀ ਖ਼ਜ਼ਾਨੇ ਦੀ ਇੱਕ-ਇੱਕ ਪਾਈ ਲੋਕਾਂ ਦੀ ਭਲਾਈ ਲਈ ਸਮਝਦਾਰੀ ਨਾਲ ਖ਼ਰਚੀ ਜਾ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ 90 ਫ਼ੀਸਦੀ ਤੋਂ ਵੱਧ ਘਰਾਂ ਨੂੰ ਬਿਜਲੀ ਮੁਫ਼ਤ ਮਿਲ ਰਹੀ ਹੈ। ਉਨ੍ਹਾਂ ਕਿਹਾ, ਪਹਿਲੀ ਵਾਰ ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਮਿਲ ਰਹੀ ਹੈ। ਜਿੱਥੇ ਕੇਂਦਰ ਸਰਕਾਰ ਰਾਸ਼ਟਰੀ ਸੰਪਤੀਆਂ ਨੂੰ ਆਪਣੇ ਚਹੇਤੇ ਦੋਸਤਾਂ ਨੂੰ ਕੌਡੀਆਂ ਦੇ ਭਾਅ ਵੇਚ ਰਹੀ ਹੈ, ਉੱਥੇ ਸਾਡੀ ਸਰਕਾਰ ਨੇ ਇੱਕ ਨਿੱਜੀ ਥਰਮਲ ਪਲਾਂਟ ਖ਼ਰੀਦ ਕੇ ਇਤਿਹਾਸ ਰਚਿਆ ਹੈ। ਉਨ੍ਹਾਂ ਦੁਹਰਾਇਆ ਕਿ ਉਨ੍ਹਾਂ ਦੀ ਸਰਕਾਰ ਨੇ ਸੂਬੇ ਭਰ ਵਿੱਚ 14,000 ਕਿਲੋਮੀਟਰ ਪਾਈਪਲਾਈਨਾਂ ਅਤੇ ਖਾਲੇ ਬਣਾਏ ਹਨ ਤਾਂ ਜੋ ਪੰਜਾਬ ਦੇ ਹਰ ਕੋਨੇ ਵਿੱਚ ਕਿਸਾਨਾਂ ਤੱਕ ਸਿੰਚਾਈ ਦੀਆਂ ਸਹੂਲਤਾਂ ਪਹੁੰਚ ਸਕਣ। ਉਨ੍ਹਾਂ ਅੱਗੇ ਕਿਹਾ, ਇਨ੍ਹਾਂ ਪਾਈਪਲਾਈਨਾਂ ਅਤੇ ਖਾਲਿਆਂ ਰਾਹੀਂ ਲਗਪਗ 21,000 ਕਿਊਸਿਕ ਪਾਣੀ ਛੱਡਿਆ ਗਿਆ ਹੈ, ਜਿਸ ਨਾਲ ਕਿਸਾਨਾਂ ਦੀਆਂ ਸਿੰਚਾਈ ਲੋੜਾਂ ਪੂਰੀਆਂ ਕਰ ਕੇ ਉਨ੍ਹਾਂ ਨੂੰ ਵੱਡਾ ਫਾਇਦਾ ਹੋਵੇਗਾ। ਨਹਿਰਾਂ ਅਤੇ ਨਦੀਆਂ ਵਿੱਚ ਰੀਚਾਰਜ ਪੁਆਇੰਟ ਬਣਾਏ ਗਏ ਹਨ, ਜਿਸ ਦੇ ਨਤੀਜੇ ਵਜੋਂ ਧਰਤੀ ਹੇਠਲੇ ਪਾਣੀ ਦਾ ਪੱਧਰ ਦੋ ਤੋਂ ਚਾਰ ਮੀਟਰ ਤੱਕ ਵਧਿਆ ਹੈ।



ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਆਪਣੇ ਹੀ ਮਾੜੇ ਕਰਮਾਂ ਕਾਰਨ ਰਵਾਇਤੀ ਸਿਆਸੀ ਪਾਰਟੀਆਂ ਦੇ ਆਗੂ ਲੋਕਾਂ ਵਿੱਚ ਜਾਣ ਤੋਂ ਝਿਜਕਦੇ ਹਨ, ਜਿਸ ਕਾਰਨ ਉਨ੍ਹਾਂ ਦੀ ਸੁਰੱਖਿਆ ਵਾਪਸ ਲਈ ਗਈ ਹੈ। ਅਕਾਲੀ ਦਲ ਹੁਣ ਜੇਠਾਣੀਆਂ-ਦਰਾਣੀਆਂ ਦੀ ਪਾਰਟੀ ਬਣ ਕੇ ਰਹਿ ਗਿਆ ਹੈ, ਜਿੱਥੇ ਇੱਕ ਐਮ.ਪੀ. ਹੈ ਅਤੇ ਦੂਜੀ ਐਮ.ਐਲ.ਏ. ਹੈ। ਸੁਖਬੀਰ ਬਾਦਲ 2022 ਦੀ ਚੋਣ ਹਾਰ ਤੋਂ ਬਾਅਦ ਅਜੇ ਵੀ ਸਦਮੇ ਵਿੱਚ ਹਨ।

ਉਨ੍ਹਾਂ ਅੱਗੇ ਕਿਹਾ, ਜਦੋਂ ਮੇਰੇ ਵਿਰੋਧੀ ਸਿਆਸੀ ਤੌਰ 'ਤੇ ਮੇਰਾ ਮੁਕਾਬਲਾ ਕਰਨ ਵਿੱਚ ਅਸਫ਼ਲ ਰਹਿੰਦੇ ਹਨ, ਤਾਂ ਉਹ ਮੈਨੂੰ ਧਾਰਮਿਕ ਅਧਾਰ 'ਤੇ ਬਦਨਾਮ ਕਰਨ ਦੀ ਕੋਸ਼ਿਸ਼ ਕਰਦੇ ਹਨ। ਕਿਉਂਕਿ ਮੈਂ ਉਨ੍ਹਾਂ ਲਈ ਇੱਕ ਡਰਾਉਣਾ ਸੁਪਨਾ ਬਣ ਗਿਆ ਹਾਂ, ਇਸ ਲਈ ਉਨ੍ਹਾਂ ਨੇ ਹੁਣ ਮੈਨੂੰ ਧਾਰਮਿਕ ਤੌਰ 'ਤੇ ਨਿਸ਼ਾਨਾ ਬਣਾਉਣਾ ਚੁਣਿਆ ਹੈ। ਉਹ ਰੋਜ਼ਾਨਾ ਫ਼ਰਜ਼ੀ ਵੀਡੀਓ ਬਣਾਉਂਦੇ ਹਨ ਅਤੇ ਸੋਸ਼ਲ ਮੀਡੀਆ ਰਾਹੀਂ ਵਾਇਰਲ ਕਰਦੇ ਹਨ। ਮੁੱਖ ਮੰਤਰੀ ਨੇ ਸਾਫ਼ ਕਿਹਾ ਕਿ ਅਜਿਹੀਆਂ ਕੋਸ਼ਿਸ਼ਾਂ ਉਨ੍ਹਾਂ ਨੂੰ ਰੋਕ ਨਹੀਂ ਸਕਣਗੀਆਂ। ਉਨ੍ਹਾਂ ਭਰੋਸਾ ਦਿੱਤਾ, ਮੈਂ ਬਿਜਲੀ, ਪਾਣੀ, ਸੜਕਾਂ, ਪਿੰਡਾਂ ਦੇ ਛੱਪੜਾਂ, ਆਮ ਆਦਮੀ ਕਲੀਨਿਕਾਂ, ਹਸਪਤਾਲਾਂ ਅਤੇ ਰੋਜ਼ਗਾਰ ਦੇ ਮੌਕਿਆਂ ਲਈ ਕੰਮ ਕਰਨਾ ਜਾਰੀ ਰੱਖਾਂਗਾ।

ਹਾਲੀਆ ਘਟਨਾਕ੍ਰਮ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਉਹ ਇੱਕ ਤੋਂ ਬਾਅਦ ਇੱਕ ਦੋਸ਼ ਲਾ ਕੇ ਮੈਨੂੰ ਲਗਾਤਾਰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਹੁਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਿਆਂ ਦੇ ਬਾਹਰ ਮੇਰੇ ਬਾਈਕਾਟ ਦੇ ਪੋਸਟਰ ਲਗਾਉਣ ਦੇ ਹੁਕਮ ਦਿੱਤੇ ਹਨ। ਪਰ ਅਜਿਹੇ ਪੋਸਟਰ ਅਕਾਲੀ ਦਲ ਜਾਂ ਸੁਖਬੀਰ ਬਾਦਲ ਖ਼ਿਲਾਫ਼ ਕਿਉਂ ਨਹੀਂ ਲਗਾਏ ਗਏ, ਜਦੋਂ ਉਨ੍ਹਾਂ ਨੇ ਖ਼ੁਦ ਬੇਅਦਬੀ ਦੀਆਂ ਘਟਨਾਵਾਂ ਦੀ ਜ਼ਿੰਮੇਵਾਰੀ ਕਬੂਲੀ ਸੀ? ਉਨ੍ਹਾਂ ਅੱਗੇ ਕਿਹਾ, 2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਸੁਖਬੀਰ ਬਾਦਲ ਨੇ ਆਪਣੀਆਂ ਗ਼ਲਤੀਆਂ ਸਵੀਕਾਰ ਕੀਤੀਆਂ, ਗਲਤ ਕੰਮਾਂ ਨੂੰ ਮੰਨਿਆ, ਗੋਲੀਕਾਂਡ ਦੀ ਜ਼ਿੰਮੇਵਾਰੀ ਲਈ ਅਤੇ ਮੰਨਿਆ ਕਿ ਸੌਦਾ ਸਾਧ ਖ਼ਿਲਾਫ਼ ਹੁਕਮ ਜਾਰੀ ਕੀਤੇ ਗਏ ਸਨ। ਕੀ ਕਿਸੇ ਨੇ ਉਨ੍ਹਾਂ ਖ਼ਿਲਾਫ਼ ਗੁਰਦੁਆਰਿਆਂ ਦੇ ਬਾਹਰ ਬਾਈਕਾਟ ਦੇ ਪੋਸਟਰ ਲਗਾਏ? ਮੁੱਖ ਮੰਤਰੀ ਨੇ ਕਿਹਾ ਕਿ ਉਹ ਜਿੱਥੇ ਵੀ ਜਾਂਦੇ ਹਨ, ਲੋਕਾਂ ਦਾ ਵੱਡਾ ਇਕੱਠ ਹੁੰਦਾ ਹੈ। ਉਨ੍ਹਾਂ ਕਿਹਾ, ਜਦੋਂ ਮੈਂ ਪਿੰਡਾਂ, ਜਨਤਕ ਇਕੱਠਾਂ ਅਤੇ ਰੈਲੀਆਂ ਵਿੱਚ ਜਾਂਦਾ ਹਾਂ ਤਾਂ ਭਾਰੀ ਇਕੱਠ ਹੁੰਦਾ ਹੈ। ਵਿਰੋਧੀ ਧਿਰ ਇਸ ਨੂੰ ਬਰਦਾਸ਼ਤ ਨਹੀਂ ਕਰ ਸਕਦੀ ਕਿਉਂਕਿ ਉਹ ਖ਼ੁਦ ਅਜਿਹਾ ਜਨਤਕ ਸਮਰਥਨ ਹਾਸਲ ਨਹੀਂ ਕਰ ਸਕਦੇ। ਇਸ ਲਈ ਇਹ ਤਿੰਨੋਂ ਪਾਰਟੀਆਂ ਨੇ ਮੈਨੂੰ ਧਾਰਮਿਕ ਆਧਾਰ 'ਤੇ ਬਦਨਾਮ ਕਰਨ ਦੇ ਇੱਕੋ-ਇੱਕ ਮਕਸਦ ਨਾਲ ਹੱਥ ਮਿਲਾ ਲਿਆ ਹੈ। ਪਰ ਅੰਤ ਵਿੱਚ ਲੋਕ ਹੀ ਆਖ਼ਰੀ ਫ਼ੈਸਲਾ ਸੁਣਾਉਣਗੇ। ਉਨ੍ਹਾਂ ਦੁਹਰਾਇਆ, ਮੈਂ ਪੰਜਾਬ ਅਤੇ ਇਸ ਦੇ ਹਿੱਤਾਂ ਲਈ ਮਜ਼ਬੂਤੀ ਨਾਲ ਖੜ੍ਹਾ ਰਹਾਂਗਾ। ਉਹ ਜੋ ਮਰਜ਼ੀ ਕਰਨ, ਪਰ ਲੋਕ ਫ਼ੈਸਲਾ ਕਰਨਗੇ ਕਿ ਕੀ ਕੋਈ ਇਸ ਪੱਧਰ ਤੱਕ ਡਿੱਗ ਸਕਦਾ ਹੈ। ਵਾਇਰਲ ਹੋ ਰਹੀਆਂ ਵੀਡੀਓਜ਼ ਨੂੰ ਪੂਰੀ ਤਰ੍ਹਾਂ ਮਨਘੜਤ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਵਿਰੋਧੀਆਂ 'ਤੇ ਵਿਸ਼ਵਾਸ ਨਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ, ਇਹ ਵੀਡੀਓਜ਼ ਪੂਰੀ ਤਰ੍ਹਾਂ ਫ਼ਰਜ਼ੀ ਅਤੇ ਮਨਘੜਤ ਹਨ। ਕਿਉਂਕਿ ਵਿਰੋਧੀ ਧਿਰ ਸਿਆਸੀ ਤੌਰ 'ਤੇ ਮੇਰਾ ਮੁਕਾਬਲਾ ਨਹੀਂ ਕਰ ਸਕਦੀ, ਇਸ ਲਈ ਉਹ ਝੂਠੇ ਧਾਰਮਿਕ ਪ੍ਰਚਾਰ ਰਾਹੀਂ ਮੇਰੇ ਅਕਸ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਹ ਪੰਜਾਬ ਦੀ ਤਰੱਕੀ ਬਰਦਾਸ਼ਤ ਨਹੀਂ ਕਰ ਸਕਦੇ, ਇਸ ਕਰਕੇ ਉਹ ਅਜਿਹੀਆਂ ਸਾਜ਼ਿਸ਼ਾਂ ਘੜਦੇ ਰਹਿੰਦੇ ਹਨ। ਪੰਜਾਬ ਦੇ ਲੋਕ ਫ਼ੈਸਲਾ ਕਰਨਗੇ। ਮੈਂ ਲੋਕਾਂ ਦਾ ਹਾਂ ਅਤੇ ਉਨ੍ਹਾਂ ਦੇ ਵਿਚਕਾਰ ਹੀ ਰਹਾਂਗਾ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਇਹ ਸਿਆਸੀ ਪਾਰਟੀਆਂ ਉਨ੍ਹਾਂ ਖ਼ਿਲਾਫ਼ ਇਸ ਲਈ ਇਕੱਜੁਟ ਹੋਈਆਂ ਹਨ ਕਿਉਂਕਿ ਉਹ ਪੰਜਾਬ ਦੇ ਬੇਮਿਸਾਲ ਵਿਕਾਸ ਅਤੇ ਲੋਕਾਂ ਵੱਲੋਂ ਮਿਲ ਰਹੇ ਅਥਾਹ ਪਿਆਰ ਨੂੰ ਹਜ਼ਮ ਨਹੀਂ ਕਰ ਪਾ ਰਹੀਆਂ। ਉਨ੍ਹਾਂ ਕਿਹਾ, ÷ਕਾਂਗਰਸ, ਜਿਸ ਨੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਟੈਂਕ ਚੜ੍ਹਾਏ ਸਨ, ਅੱਜ ਸਾਡੇ 'ਤੇ ਸਵਾਲ ਚੁੱਕ ਰਹੀ ਹੈ ਅਤੇ ਇਸ ਨੂੰ ਭਾਜਪਾ ਦਾ ਸਮਰਥਨ ਹਾਸਲ ਹੈ, ਜਿਸ ਨੇ ਇਸ ਘਿਨਾਉਣੇ ਅਪਰਾਧ ਵਿੱਚ ਕਾਂਗਰਸ ਦਾ ਸਾਥ ਦਿੱਤਾ ਸੀ। ਤੀਜੀ ਪਾਰਟੀ ਉਹ ਹੈ, ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਵਿੱਚ ਸ਼ਾਮਲ ਰਹੀ ਹੈ। ਤਿੰਨਾਂ ਦਾ ਇੱਕੋ ਇੱਕ ਏਜੰਡਾ ਹੈ, ਹਰ ਸੰਭਵ ਤਰੀਕੇ ਨਾਲ ਮੈਨੂੰ ਬਦਨਾਮ ਕਰਨਾ।

ਕਾਂਗਰਸ 'ਤੇ ਤਨਜ਼ ਕਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕਾਂਗਰਸ ਵਿੱਚ ਹਰ ਆਗੂ ਮੁੱਖ ਮੰਤਰੀ ਬਣਨਾ ਚਾਹੁੰਦਾ ਹੈ। ਉਨ੍ਹਾਂ ਕੋਲ ਆਮ ਵਰਕਰਾਂ ਨਾਲੋਂ ਮੁੱਖ ਮੰਤਰੀ ਦੇ ਦਾਅਵੇਦਾਰ ਜ਼ਿਆਦਾ ਹਨ। ਕਾਂਗਰਸ ਇੱਕ ਖੇਰੂੰ-ਖੇਰੂੰ ਹੋਈ ਪਾਰਟੀ ਹੈ, ਜੋ ਆਪਣੀ ਅੰਦਰੂਨੀ ਲੜਾਈ ਕਾਰਨ ਚੱਕ-ਥੱਲੇ ਹੋ ਜਾਵੇਗੀ। ਇਨ੍ਹਾਂ ਆਗੂਆਂ ਕੋਲ ਪੰਜਾਬ ਲਈ ਕੋਈ ਵਿਜ਼ਨ ਨਹੀਂ ਹੈ। ਉਹ ਸਿਰਫ਼ ਸੱਤਾ ਵਿੱਚ ਆ ਕੇ ਸੂਬੇ ਦੀ ਦੌਲਤ ਨੂੰ ਲੁੱਟਣਾ ਹੈ, ਪਰ ਉਨ੍ਹਾਂ ਦੇ ਸੁਪਨੇ ਕਦੇ ਪੂਰੇ ਨਹੀਂ ਹੋਣਗੇ।

ਉਨ੍ਹਾਂ ਅੱਗੇ ਕਿਹਾ, ਪਹਿਲਾਂ ਇਹ ਰਵਾਇਤੀ ਪਾਰਟੀਆਂ ਸਿਰਫ਼ ਸੱਤਾ ਹਥਿਆਉਣ ਲਈ ਆਪਣੀ ਵਾਰੀ ਦੀ ਉਡੀਕ ਕਰਦੀਆਂ ਸਨ। ਪਰ ਉਨ੍ਹਾਂ ਦੁਆਰਾ ਫੈਲਾਈ ਗੰਦਗੀ ਨੂੰ ਸਾਫ਼ ਕਰਨ ਲਈ 'ਝਾੜੂ' ਮੌਜੂਦ ਹੈ। 'ਆਪ' ਸਰਕਾਰ ਦੇ ਸਿਹਤ ਸੰਭਾਲ ਉਪਰਾਲਿਆਂ ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਨੇ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਹੈ, ਜੋ ਦੇਸ਼ ਦੀ ਪਹਿਲੀ ਵਿਆਪਕ ਸਿਹਤ ਸੰਭਾਲ ਯੋਜਨਾ ਹੈ, ਜੋ ਪੰਜਾਬ ਦੇ ਹਰ ਵਸਨੀਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਉਂਦੀ ਹੈ। ਉਨ੍ਹਾਂ ਕਿਹਾ, ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ, ਜੋ ਅਜਿਹੀ ਵਿਆਪਕ ਸਿਹਤ ਸਹੂਲਤ ਦੇ ਰਿਹਾ ਹੈ। ਇਸ ਯੋਜਨਾ ਨੇ ਮਿਆਰੀ ਸਿਹਤ ਸੇਵਾਵਾਂ ਯਕੀਨੀ ਬਣਾਉਂਦੇ ਹੋਏ ਲੋਕਾਂ 'ਤੇ ਵਿੱਤੀ ਬੋਝ ਨੂੰ ਕਾਫ਼ੀ ਹੱਦ ਤੱਕ ਘਟਾ ਦਿੱਤਾ ਹੈ। ਇਸ ਇਤਿਹਾਸਕ ਪਹਿਲਕਦਮੀ ਦਾ ਉਦੇਸ਼ ਪੰਜਾਬ ਦੇ ਹਰ ਪਰਿਵਾਰ ਨੂੰ ਵਿਆਪਕ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਹੈ ਅਤੇ ਲੋਕ ਪਹਿਲਾਂ ਹੀ 650 ਕਰੋੜ ਰੁਪਏ ਤੋਂ ਵੱਧ ਦਾ ਮੁਫ਼ਤ ਇਲਾਜ ਕਰਵਾ ਚੁੱਕੇ ਹਨ। ਇਸ ਮੌਕੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਅਤੇ ਕਈ ਹੋਰ ਪਤਵੰਤੇ ਹਾਜ਼ਰ ਸਨ।

# ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਨੇ ਸ਼ੇਰਪੁਰ 'ਚ 35 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਲੁਧਿਆਣਾ, 26 ਜੂਨ**
**-ਲਛਮਣ ਜੀਤ ਸਿੰਘ ਪੁਰਬਾ-**

ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਨੇ ਸ਼ੇਰਪੁਰ ਵਿਖੇ ਨੂਰੀ ਮਸਜਿਦ ਨੇੜੇ ਗਲੀਆਂ ਵਿੱਚ 35 ਲੱਖ ਰੁਪਏ ਦੀ ਲਾਗਤ ਨਾਲ 60 ਐਮ.ਐਮ. ਇੰਟਰਲਾਕ ਟਾਈਲਾਂ ਲਗਾਉਣ ਦੇ ਵਿਕਾਸ ਕਾਰਜਾਂ ਦਾ ਰਸਮੀ ਉਦਘਾਟਨ ਕੀਤਾ।

ਇਸ ਮੌਕੇ ਇਲਾਕਾ ਨਿਵਾਸੀਆਂ ਅਤੇ ਪਾਰਟੀ ਆਗੂਆਂ ਨੇ ਵਿਧਾਇਕ ਛੀਨਾ ਦਾ ਨਿੱਘਾ ਸਵਾਗਤ ਕੀਤਾ। ਵਿਧਾਇਕਾ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਵਾਰਡ ਦੀ ਵੱਡੀ ਸੜਕ ਤੋਂ ਲੈ ਕੇ ਛੋਟੀ ਤੋਂ ਛੋਟੀ ਗਲੀ ਤੱਕ ਬੁਨਿਆਦੀ ਸਹੂਲਤਾਂ ਪਹੁੰਚਾਉਣ ਲਈ ਵਚਨਬੱਧ ਹੈ ਅਤੇ ਵਿਕਾਸ ਕਾਰਜ ਬਿਨਾਂ ਕਿਸੇ ਭੇਦਭਾਵ ਦੇ ਹਰ ਇਲਾਕੇ ਵਿੱਚ ਜਾਰੀ ਰਹਿਣਗੇ।

ਇਲਾਕਾ ਨਿਵਾਸੀਆਂ ਨੇ ਵਿਕਾਸ ਕਾਰਜ ਸ਼ੁਰੂ ਹੋਣ 'ਤੇ ਖੁਸ਼ੀ ਪ੍ਰਗਟ ਕਰਦਿਆਂ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਦਾ ਧੰਨਵਾਦ ਕੀਤਾ। ਵਿਧਾਇਕਾ ਨੇ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਦਿਆਂ ਵਾਰਡ ਦੇ ਹਰ ਹਿੱਸੇ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ।

# ਰਾਜਪੁਰਾ ਵਿਖੇ ਲਕਸ਼ਮੀ ਪ੍ਰਾਪਰਟੀ ਡੀਲਰ ਦੇ ਦਫ਼ਤਰ 'ਤੇ ਅੰਨ੍ਹੇਵਾਹ ਫਾਇਰਿੰਗ

**ਰਾਜਪੁਰਾ, 26 ਜੂਨ**
**-ਸ਼.ਅ.ਬਿਓਰੋ-**

ਰਾਜਪੁਰਾ-ਪਟਿਆਲਾ ਰੋਡ 'ਤੇ ਅੰਡਰ ਬ੍ਰਿਜ ਨੇੜੇ ਸਥਿਤ ਮਸ਼ਹੂਰ 'ਲਕਸ਼ਮੀ ਪ੍ਰਾਪਰਟੀ ਡੀਲਰ' ਦੇ ਦਫ਼ਤਰ 'ਤੇ ਸ਼ੁੱਕਰਵਾਰ ਨੂੰ ਦਿਨ-ਦਿਹਾੜੇ ਦੋ ਅਣਪਛਾਤੇ ਨੌਜਵਾਨਾਂ ਵੱਲੋਂ ਤਾਬੜਤੋੜ ਫਾਇਰਿੰਗ ਕੀਤੇ ਜਾਣ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਹਮਲਾਵਰ ਦਫ਼ਤਰ 'ਤੇ ਲਗਭਗ 8 ਰਾਊਂਡ ਫਾਇਰ ਕਰਕੇ ਮੌਕੇ ਤੋਂ ਫ਼ਰਾਰ ਹੋ ਗਏ। ਗ਼ਨੀਮਤ ਰਹੀ ਕਿ ਇਸ ਭਿਆਨਕ ਘਟਨਾ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਅਤੇ ਦਫ਼ਤਰ ਵਿੱਚ ਮੌਜੂਦ ਸਟਾਫ਼ ਸੁਰੱਖਿਅਤ ਹੈ।

ਪ੍ਰਤੱਖ ਦਰਸ਼ੀਆਂ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੋਵੇਂ ਨੌਜਵਾਨ ਐਕਟਿਵਾ 'ਤੇ ਸਵਾਰ ਹੋ ਕੇ ਆਏ ਸਨ। ਉਨ੍ਹਾਂ ਵਿੱਚੋਂ ਇੱਕ ਨੌਜਵਾਨ ਐਕਟਿਵਾ ਸਟਾਰਟ ਕਰਕੇ ਦਫ਼ਤਰ ਦੇ ਬਾਹਰ ਹੀ ਖੜ੍ਹਾ ਰਿਹਾ, ਜਦੋਂਕਿ ਦੂਜਾ ਨਕਾਬਪੋਸ਼ ਨੌਜਵਾਨ ਦਫ਼ਤਰ ਦੇ ਅੰਦਰ ਦਾਖ਼ਲ ਹੋ ਗਿਆ। ਉਸ ਨੇ ਉੱਥੇ ਮੌਜੂਦ ਮੁਲਾਜ਼ਮ ਲੜਕੀ ਤੋਂ ਦਫ਼ਤਰ ਦੇ ਮਾਲਕ ਰਮੇਸ਼ ਪਹੂਜਾ ਬਾਰੇ ਪੁੱਛਗਿੱਛ ਕੀਤੀ। ਜਦੋਂ ਲੜਕੀ ਨੇ ਦੱਸਿਆ ਕਿ ਮਾਲਕ ਇਸ ਵੇਲੇ ਦਫ਼ਤਰ ਵਿੱਚ ਮੌਜੂਦ ਨਹੀਂ ਹਨ, ਤਾਂ ਹਮਲਾਵਰ ਨੇ ਰਿਵਾਲਵਰ ਕੱਢ ਕੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ ਅਤੇ ਤੁਰੰਤ ਮੌਕੇ ਤੋਂ ਫ਼ਰਾਰ ਹੋ ਗਿਆ।

ਘਟਨਾ ਦੀ ਸੂਚਨਾ ਮਿਲਦੇ ਹੀ ਸਿਟੀ ਐੱਸ.ਐੱਚ.ਓ. ਗੁਰਸੇਵਕ ਸਿੰਘ ਅਤੇ ਸੀ.ਆਈ.ਏ. ਪਟਿਆਲਾ ਦੇ ਐੱਸ.ਐੱਚ.ਓ. ਮਨਪ੍ਰੀਤ ਸਿੰਘ ਪੁਲੀਸ ਪਾਰਟੀ ਸਮੇਤ ਤੁਰੰਤ ਮੌਕੇ 'ਤੇ ਪਹੁੰਚੇ। ਪੁਲੀਸ ਪ੍ਰਸ਼ਾਸਨ ਨੇ ਇਲਾਕੇ ਨੂੰ ਘੇਰ ਕੇ ਘਟਨਾ ਸਥਾਨ ਤੋਂ ਲੋੜੀਂਦੇ ਸਬੂਤ ਇਕੱਠੇ ਕਰ ਲਏ ਹਨ ਅਤੇ ਆਲੇ-ਦੁਆਲੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਨੂੰ ਖੰਗਾਲਣਾ ਸ਼ੁਰੂ ਕਰ ਦਿੱਤਾ ਹੈ। ਪੁਲੀਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਹਰ ਪੱਖ ਤੋਂ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਹਮਲਾਵਰਾਂ ਦੀ ਪਛਾਣ ਕਰਕੇ ਜਲਦ ਹੀ ਉਨ੍ਹਾਂ ਨੂੰ ਕਾਬੂ ਕਰ ਲਿਆ ਜਾਵੇਗਾ। ਫਿਲਹਾਲ ਫਾਇਰਿੰਗ ਦੇ ਅਸਲ ਕਾਰਨਾਂ ਦਾ ਖੁਲਾਸਾ ਨਹੀਂ ਹੋ ਸਕਿਆ ਹੈ।

# ਇੰਡੀਅਨ ਬੈਂਕ ਵੱਲੋਂ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵਿੱਚ ਖੇਤੀਬਾੜੀ ਕੰਪਿਊਟਰ ਲੈਬ ਦਾ ਉਦਘਾਟਨ

**ਬਠਿੰਡਾ, 26 ਜੂਨ**
**-ਗੁਰਤੇਜ ਅਤਲਾ-**

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐਸ.ਪੀ.ਟੀ.ਯੂ.), ਬਠਿੰਡਾ ਨੇ ਖੇਤੀਬਾੜੀ ਸਿੱਖਿਆ ਅਤੇ ਡਿਜ਼ਿਟਲ ਲਰਨਿੰਗ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਹਾਸਲ ਕੀਤਾ ਹੈ। ਸਕੂਲ ਆਫ ਐਗਰੀਕਲਚਰਲ ਸਾਇੰਸਜ਼ ਐਂਡ ਇੰਜੀਨੀਅਰਿੰਗ (ਐਸ.ਏ.ਐਸ.ਈ.) ਵਿੱਚ 38 ਡੈਸਕਟਾਪ ਕੰਪਿਊਟਰਾਂ ਨਾਲ ਲੈਸ ਇੱਕ ਆਧੁਨਿਕ ਖੇਤੀਬਾੜੀ ਕੰਪਿਊਟਰ ਲੈਬ ਦਾ ਉਦਘਾਟਨ ਕੀਤਾ ਗਿਆ। ਇਹ ਲੈਬ ਇੰਡਿਅਨ ਬੈਂਕ ਵੱਲੋਂ ਆਪਣੀ ਸਿੱਖਿਆ ਸਹਾਇਤਾ ਪਹਿਲਕਦਮੀ ਅਧੀਨ ਪ੍ਰਾਯੋਜਿਤ ਕੀਤੀ ਗਈ ਹੈ।



ਇਸ ਲੈਬ ਦਾ ਉਦਘਾਟਨ ਇੰਡਿਅਨ ਬੈਂਕ ਦੇ ਜੋਨਲ ਮੈਨੇਜਰ ਸ਼੍ਰੀ ਸ਼ਿਵਨੀਤ ਸ਼ਰਮਾ ਅਤੇ ਐਮ.ਆਰ.ਐਸ.ਪੀ.ਟੀ.ਯੂ. ਦੇ ਵਾਈਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਮੌਕੇ 'ਤੇ ਇੰਡਿਅਨ ਬੈਂਕ ਦੇ ਐਸਟੇਟ ਅਫਸਰ ਸ਼੍ਰੀ ਸ਼ੋਭਿਤ ਡਾਵਰ, ਬ੍ਰਾਂਚ ਮੈਨੇਜਰ ਸ਼੍ਰੀ ਵਿਕਰਮ ਬਸੇਟੀਆ, ਐਮ.ਆਰ.ਐਸ.ਪੀ.ਟੀ.ਯੂ. ਦੇ ਪ੍ਰੋ. ਇੰਚਾਰਜ ਫਾਇਨੈਂਸ, ਪ੍ਰੋ. ਹਰੀਸ਼ ਗਰਗ, ਐਸ.ਏ.ਐਸ.ਈ. ਦੇ ਮੁਖੀ ਪ੍ਰੋ. ਜਸਵੀਰ ਸਿੰਘ ਟਿਵਾਣਾ, ਡਾਇਰੈਕਟਰ, ਇੰਜੀ. ਹਰਜੋਤ ਸਿੰਘ ਸਿੱਧੂ, ਸਹਾਇਕ ਪ੍ਰੋਫੈਸਰ ਡਾ. ਕੰਵਲਜੀਤ ਸਿੰਘ ਅਤੇ ਸੀਨੀਅਰ ਟੈਕਨੀਸ਼ੀਅਨ ਸ਼੍ਰੀ ਰਜਿੰਦਰ ਸਿੰਘ ਵੀ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਵਾਈਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਨੇ ਖੇਤੀਬਾੜੀ ਵਿੱਚ ਡਿਜ਼ਿਟਲ ਤਕਨਾਲੋਜੀਆਂ ਦੀ ਵੱਧ ਰਹੀ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਆਧੁਨਿਕ ਖੇਤੀਬਾੜੀ ਹੁਣ ਪ੍ਰਿਸੀਜ਼ਨ ਫਾਰਮਿੰਗ, ਭੂਗੋਲਿਕ ਜਾਣਕਾਰੀ ਪ੍ਰਣਾਲੀ (ਜੀ.ਆਈ.ਐਸ.), ਡਾਟਾ ਵਿਸ਼ਲੇਸ਼ਣ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਸਮਾਰਟ ਫਾਰਮ ਪ੍ਰਬੰਧਨ ਵਰਗੀਆਂ ਕੰਪਿਊਟਰ ਅਧਾਰਿਤ ਐਪਲੀਕੇਸ਼ਨਾਂ 'ਤੇ ਨਿਰਭਰ ਕਰਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਵੀਂ ਸਥਾਪਿਤ ਇਹ ਲੈਬ ਵਿਦਿਆਰਥੀਆਂ ਅਤੇ ਖੋਜਕਰਤਿਆਂ ਨੂੰ ਉੱਨਤ ਡਿਜ਼ਿਟਲ ਸਰੋਤਾਂ ਤੱਕ ਪਹੁੰਚ ਪ੍ਰਦਾਨ ਕਰੇਗੀ, ਉਨ੍ਹਾਂ ਦੀ ਤਕਨੀਕੀ ਯੋਗਤਾ ਨੂੰ ਮਜ਼ਬੂਤ ਬਣਾਏਗੀ ਅਤੇ ਨਵੀਨਤਾਕਾਰੀ ਖੋਜ ਗਤੀਵਿਧੀਆਂ ਨੂੰ ਉਤਸ਼ਾਹਿਤ ਕਰੇਗੀ। ਉਨ੍ਹਾਂ ਅੱਗੇ ਕਿਹਾ ਕਿ ਇਹ ਸਹੂਲਤ ਖੇਤੀਬਾੜੀ ਵਿਭਾਗ ਵਿੱਚ ਅਧਿਆਪਨ, ਸਿੱਖਣ, ਪ੍ਰੋਜੈਕਟ ਕਾਰਜ ਅਤੇ ਹੁਨਰ ਵਿਕਾਸ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤ ਕਰੇਗੀ।

ਫੈਕਲਟੀ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਇੰਡਿਅਨ ਬੈਂਕ ਦੇ ਜੋਨਲ ਮੈਨੇਜਰ ਸ਼੍ਰੀ ਸ਼ਿਵਨੀਤ ਸ਼ਰਮਾ ਨੇ ਕਿਹਾ ਕਿ ਇੰਡਿਅਨ ਬੈਂਕ ਅਰਥਪੂਰਨ ਸਮਾਜਿਕ ਪਹਿਲਕਦਮੀਆਂ ਰਾਹੀਂ ਸਿੱਖਿਆ ਅਤੇ ਤਕਨਾਲੋਜੀਕਲ ਤਰੱਕੀ ਨੂੰ ਸਹਿਯੋਗ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ ਕੰਪਿਊਟਰ ਲੈਬ ਦੀ ਪ੍ਰਾਯੋਜਨਾ ਵਿਦਿਆਰਥੀਆਂ ਨੂੰ ਆਧੁਨਿਕ ਡਿਜ਼ਿਟਲ ਹੁਨਰਾਂ ਨਾਲ ਸਸ਼ਕਤ ਬਣਾਉਣ ਅਤੇ ਅਕਾਦਮਿਕ ਉਤਕ੍ਰਿਸ਼ਟਤਾ ਲਈ ਮੌਕੇ ਪੈਦਾ ਕਰਨ ਪ੍ਰਤੀ ਬੈਂਕ ਦੀ ਵਚਨਬੱਧਤਾ ਦਾ ਪ੍ਰਤੀਕ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਸਹੂਲਤ ਭਵਿੱਖ ਦੇ ਅਜਿਹੇ ਖੇਤੀਬਾੜੀ ਪੇਸ਼ੇਵਰ ਤਿਆਰ ਕਰਨ ਵਿੱਚ ਸਹਾਇਕ ਸਾਬਤ ਹੋਵੇਗੀ ਜੋ ਟਿਕਾਊ ਖੇਤੀਬਾੜੀ ਵਿਕਾਸ ਅਤੇ ਰਾਸ਼ਟਰੀ ਤਰੱਕੀ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਣ। ਹਾਜ਼ਰ ਪਤਵੰਤਿਆਂ ਨੇ ਗੁਣਵੱਤਾ ਭਰਪੂਰ ਖੇਤੀਬਾੜੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਐਮ.ਆਰ.ਐਸ.ਪੀ.ਟੀ.ਯੂ. ਦੇ ਯਤਨਾਂ ਦੀ ਸਰਾਹਨਾ ਕੀਤੀ ਅਤੇ ਆਸ ਪ੍ਰਗਟਾਈ ਕਿ ਇਹ ਲੈਬ ਆਉਣ ਵਾਲੇ ਸਾਲਾਂ ਤੱਕ ਵਿਦਿਆਰਥੀਆਂ, ਅਧਿਆਪਕਾਂ ਅਤੇ ਖੋਜਕਰਤਿਆਂ ਲਈ ਇੱਕ ਕੀਮਤੀ ਸਰੋਤ ਸਾਬਤ ਹੋਵੇਗੀ। ਮਹਿਮਾਨਾਂ ਦਾ ਸਵਾਗਤ ਕਰਦਿਆਂ ਪ੍ਰੋ. ਜਸਵੀਰ ਸਿੰਘ ਟਿਵਾਣਾ ਅਤੇ ਡਾ. ਕੰਵਲਜੀਤ ਸਿੰਘ ਨੇ ਸਕੂਲ ਆਫ ਐਗਰੀਕਲਚਰਲ ਸਾਇੰਸਜ਼ ਐਂਡ ਇੰਜੀਨੀਅਰਿੰਗ ਦੇ ਤੇਜ਼ੀ ਨਾਲ ਹੋ ਰਹੇ ਵਿਕਾਸ ਅਤੇ ਇਸ ਦੇ ਅਕਾਦਮਿਕ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸੰਸਥਾ ਵਿੱਚ ਬੀ.ਐੱਸ.ਸੀ. (ਆਨਰਜ਼) ਐਗਰੀਕਲਚਰ, ਬੀ.ਟੈਕ. ਐਗਰੀਕਲਚਰਲ ਇੰਜੀਨੀਅਰਿੰਗ, ਬੀ.ਵੋਕ. ਐਗਰੀਕਲਚਰ ਅਤੇ ਐਗਰੋਨੋਮੀ, ਹਾਰਟੀਕਲਚਰ, ਫਰੂਟ ਸਾਇੰਸ ਅਤੇ ਵੈਜੀਟੇਬਲ ਸਾਇੰਸ ਵਿੱਚ ਐਮ.ਐੱਸ.ਸੀ. ਪ੍ਰੋਗਰਾਮ ਚਲਾਏ ਜਾ ਰਹੇ ਹਨ। ਇਸ ਮੌਕੇ ਵਿਭਾਗ ਦੀ ਸਮੂਹ ਫੈਕਲਟੀ ਸਟਾਫ਼ ਵੀ ਮੌਜੂਦ ਸੀ।

# ਨਸੀਬਪੁਰਾ ਵਿਖੇ ਆਤਮਾ ਸਕੀਮ ਅਧੀਨ ਲਗਾਈ ਫਾਰਮ ਸਕੂਲ ਦੀ ਕਲਾਸ



**ਬਠਿੰਡਾ, 26 ਜੂਨ**
**-ਗੁਰਤੇਜ ਅਤਲਾ-**

ਮੁੱਖ ਖੇਤੀਬਾੜੀ ਅਫ਼ਸਰ ਬਠਿੰਡਾ ਡਾ. ਹਰਪ੍ਰੀਤਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਪ੍ਰੋਜੈਕਟ ਡਾਇਰੈਕਟਰ ਆਤਮਾ ਤੇਜਦੀਪ ਕੌਰ ਅਤੇ ਬਲਾਕ ਖੇਤੀਬਾੜੀ ਅਫ਼ਸਰ ਤਲਵੰਡੀ ਸਾਬੋ ਦੀ ਰਹਿਨੁਮਾਈ ਹੇਠ ਬਲਾਕ ਤਲਵੰਡੀ ਸਾਬੋ ਦੇ ਪਿੰਡ ਨਸੀਬਪੁਰਾ ਵਿਖੇ ਆਤਮਾ ਸਕੀਮ ਅਧੀਨ ਫਾਰਮ ਸਕੂਲ ਦੀ ਕਲਾਸ ਲਗਾਈ ਗਈ।

ਕਲਾਸ ਦੀ ਸ਼ੁਰੂਆਤ ਵਿੱਚ ਡਾ. ਜੋਰਾ ਸਿੰਘ ਬਲਾਕ ਤਕਨੀਕੀ ਮੈਨੇਜਰ ਆਤਮਾ ਵੱਲੋਂ ਪਹੁੰਚੇ ਕਿਸਾਨਾਂ ਨੂੰ ਫਾਰਮ ਸਕੂਲ ਦੀ ਕਲਾਸ ਦੇ ਵਿਸ਼ੇ ਬਾਰੇ ਅਤੇ ਆਤਮਾ ਸਕੀਮ ਅਧੀਨ ਚੱਲ ਰਹੀਆਂ ਗਤੀਵਿਧੀਆਂ ਸਬੰਧੀ ਸੰਖੇਪ ਵਿੱਚ ਜਾਣਕਾਰੀ ਦਿੱਤੀ ਗਈ।

ਇਸ ਕਲਾਸ ਵਿੱਚ ਡਾ. ਗੁਰਪਿੰਦਰ ਸਿੰਘ ਸਿੱਧੂ ਖੇਤੀਬਾੜੀ ਵਿਕਾਸ ਅਫਸਰ ਵੱਲੋ ਨਰਮੇ ਦੇ ਫਸਲ ਦੀ ਕਾਸ਼ਤ ਸਬੰਧੀ ਵਿਸ਼ੇ ਤੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਉਹਨਾਂ ਵੱਲੋਂ ਨਰਮੇ ਦੀ ਤਾਜ਼ਾਂ ਸਥਿਤੀ ਬਾਰੇ ਜਾਣੂ ਕਰਵਾਇਆ ਗਿਆ। ਉਹਨਾਂ ਦੱਸਿਆ ਕਿ ਕੁਝ ਖੇਤਾਂ ਵਿਚ ਨਰਮੇ ਉਪਰ ਭੂਰੀ ਜੂ ਅਤੇ ਚਿੱਟੀ ਮੱਖੀ ਦਾ ਹਲਕਾ ਹਮਲਾ ਦੇਖਿਆ ਗਿਆ ਹੈ, ਪਰ ਇਹ ਹਾਜੇ ਆਰਥਿਕ ਕੰਗਾਰ ਪੱਧਰ ਤੋਂ ਬਹੁਤ ਘੱਟ ਹੈ ਅਤੇ ਕਿਸਾਨਾਂ ਨੂੰ ਬੇਲੋੜੀ ਸਪਰੇਅ ਤੋਂ ਬਚਣ ਸਬੰਧੀ ਸਲਾਹ ਦਿੰਦਿਆਂ ਕਿਹਾ ਕਿ ਹਾਲੇ ਫ਼ਸਲ 'ਤੇ ਕਿਸੇ ਵੀ ਮਹਿੰਗੀ ਜਾਂ ਜ਼ਹਿਰੀਲੀ ਕੀਟਨਾਸ਼ਕ ਸਪਰੇਅ ਦੀ ਲੋੜ ਨਹੀਂ ਹੈ ਬਲਕਿ ਘਰ ਬਣਾ ਕੇ ਨਿੰਮ ਦੀ ਸਪਰੇਅ ਕਰੋ। ਅਜਿਹਾ ਕਰਨ ਨਾਲ ਮਿੱਤਰ ਕੀੜੇ ਨਹੀਂ ਮਰਦੇ ਅਤੇ ਖ਼ਰਚਾ ਵੀ ਘਟਦਾ ਹੈ।

ਕਲਾਸ ਦੌਰਾਨ ਲਾਭ ਸਿੰਘ ਸਹਾਇਕ ਤਕਨੀਕੀ ਮੈਨੇਜਰ ਵਲੋਂ ਵੱਖ-ਵੱਖ ਫ਼ਸਲਾਂ ਉਪਰ ਸਪਰੇਅ ਕਰਨ ਦੀ ਤਕਨੀਕ ਸਬੰਧੀ ਜਾਣੂ ਕਰਵਾਇਆ ਗਿਆ।

ਇਸ ਮੌਕੇ ਸਹਾਇਕ ਤਕਨੀਕੀ ਮੈਨੇਜਰ ਵਿਕਾਸ ਸਿੰਗਲਾ ਵਲੋਂ ਕਿਸਾਨਾਂ ਨੂੰ ਮਿੱਟੀ ਤੇ ਪਾਣੀ ਪਰਖ ਦੀ ਮਹਤੱਤਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਸੈਂਪਲ ਲੈਣ ਸਬੰਧੀ ਜਾਣਕਾਰੀ ਦਿੱਤੀ ਅਤੇ ਜਮੀਨ ਵਿਚ ਜੈਵਿਕ ਮਾਦਾ ਵਧਾਉਣ ਤੋਂ ਇਲਾਵਾ ਮਿੱਤਰ ਕੀੜੇ ਬਚਾਉਣ ਸਬੰਧੀ ਨੁਕਤੇ ਸਾਂਝੇ ਕੀਤੇ ਗਏ। ਇਸ ਕਲਾਸ ਵਿੱਚ ਕਿਸਾਨਾਂ ਨੂੰ ਸਟੇਸ਼ਨਰੀ ਕਿੱਟਾਂ ਅਤੇ ਰਿਫ੍ਰੈਸ਼ਮੈਂਟ ਵੰਡੀ ਗਈ।

ਇਸ ਦੌਰਾਨ ਜਗਤਾਰ ਸਿੰਘ ਸਹਾਇਕ ਤਕਨੀਕੀ ਮੈਨੇਜਰ ਕਿਸਾਨਾਂ ਨੂੰ ਨਿੰਮ ਦੀ ਸਪਰੇਅ ਦਾ ਘੋਲ ਘਰੇ ਤਿਆਰ ਕਰਨ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਅਤੇ ਆਏ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ।

# ਆਓ ਨਸ਼ਾ ਛੱਡਣ ਵਾਲਿਆਂ ਦੀ ਮਦਦ ਕਰਨ ਲਈ ਅੱਗੇ ਆਈਏ : ਡੀ.ਆਰ.ਓ ਸੰਦੀਪ ਸਿੰਘ




**ਪਟਿਆਲਾ, 26 ਜੂਨ**
**-ਅਰਸ਼ਦੀਪ ਸਿੰਘ-**

ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਪਟਿਆਲਾ ਵੱਲੋਂ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰਾਲਾ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤ ਭਾਰਤ ਅਭਿਆਨ ਮੁਹਿੰਮ ਤਹਿਤ ਯੁਵਕ ਸੇਵਾਵਾਂ ਵਿਭਾਗ ਪਟਿਆਲਾ ਅਤੇ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਡਾਕਟਰ ਹਿਮਾਂਸ਼ੂ ਅਗਰਵਾਲ ਦੀ ਸਰਪ੍ਰਸਤੀ ਹੇਠ ਲਕਸ਼ਮੀ ਬਾਈ ਇੰਸਟੀਚਿਊਟ ਆਫ਼ ਡੈਂਟਲ ਸਾਇੰਸ ਅਤੇ ਹਸਪਤਾਲ ਪਟਿਆਲਾ ਵਿਖੇ ਨਸ਼ੇ ਨਜਾਇਜ਼ ਦੁਰਵਰਤੋਂ ਅਤੇ ਨਸ਼ਾ ਤਸ਼ਕਰੀ ਵਿਰੁੱਧ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਮੁੱਖ ਮਹਿਮਾਨ ਜ਼ਿਲ੍ਹਾ ਮਾਲ ਅਫਸਰ ਪਟਿਆਲਾ ਸੰਦੀਪ ਸਿੰਘ ਅਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਪਟਿਆਲਾ ਵਰਿੰਦਰ ਸਿੰਘ ਟਿਵਾਣਾ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਡਾਕਟਰ ਮਲਕੀਤ ਸਿੰਘ ਮਾਨ ਐਸਟਿਟ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪਟਿਆਲਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ। ਇਸ ਮੌਕੇ ਲਕਸ਼ਮੀ ਬਾਈ ਇੰਸਟੀਚਿਊਟ ਆਫ਼ ਸਾਇੰਸ ਅਤੇ ਹਸਪਤਾਲ ਪਟਿਆਲਾ ਦੇ ਚੇਅਰਮੈਨ ਬੀ.ਡੀ.ਗੁਪਤਾ ਨੇ ਸਾਰੇ ਆਏਂ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਡਾਕਟਰ ਵਨੀਤ ਸ਼ਰਮਾ ਵਾਇਸ ਚੇਅਰਮੈਨ, ਡਾਕਟਰ ਆਸ਼ੂਤੋਸ਼ ਨਰੂਲਾ ਪ੍ਰਿੰਸੀਪਲ, ਡਾਕਟਰ ਮੱਧੂ ਗੁਪਤਾ ਵਾਈਸ ਪ੍ਰਿੰਸੀਪਲ, ਡਾਕਟਰ ਪ੍ਰਾਚਜਣ ਮਿੱਤਰਾਂ ਨੋਡਲ ਅਫ਼ਸਰ, ਡਾਕਟਰ ਅਵਨੀਤ ਕੋਰ, ਉਪਕਾਰ ਸਿੰਘ, ਵਿਨੇ ਸ਼ਰਮਾ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਹਰਮਨਜੀਤ ਸਿੰਘ ਰੰਧਾਵਾ, ਲੱਕੀ ਹਰਦਾਸਪੁਰ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਸੰਦੀਪ ਸਿੰਘ ਜਿਲਾ ਮਾਲ ਅਫਸਰ ਨੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ੇ ਕਰਨ ਵਾਲਾ ਹਰ ਵਿਅਕਤੀ ਸ਼ੁਰੂ ਵਿੱਚ ਆਪਣੇ ਆਪ ਨੂੰ ਲੁਕਾਉਂਦਾ ਹੈ, ਫਿਰ ਉਸਦਾ ਪਰਿਵਾਰ ਵੀ ਇਸ ਨੂੰ ਲੁਕਾਉਣ ਦੀ ਕੋਸ਼ਿਸ਼ ਕਰਦਾ ਹੈ। ਕਿਉਂ ਕਿ ਉਹ ਜਾਣਦੇ ਹਨ ਕਿ ਨਸ਼ਾ ਲੈਣ ਵਾਲੇ ਨੂੰ ਲੋਕ ਨਫਰਤ ਕਰਦੇ ਹਨ। ਇਸ ਲਈ ਸਭ ਤੋਂ ਪਹਿਲਾਂ ਸਾਨੂੰ ਚਾਹੀਦਾ ਹੈ ਕਿ ਅਸੀਂ ਨਸ਼ਾ ਕਰਨ ਵਾਲਿਆਂ ਨੂੰ ਨਫਰਤ ਨਾ ਕਰੀਏ, ਸਗੋਂ ਉਨ੍ਹਾਂ ਦੀ ਨਸ਼ਾ ਛੱਡਣ ਵਿੱਚ ਮੱਦਦ ਕਰੀਏ। ਜੇਕਰ ਤੁਸੀਂ ਕਿਸੇ ਨੂੰ ਨਸ਼ੇ ਵਿੱਚ ਜਾਣ ਤੋਂ ਰੋਕ ਲਿਆ ਜਾਂ ਨਸ਼ਾ ਕਰਦੇ ਵਿਅਕਤੀ ਨੂੰ ਇਲਾਜ ਲਈ ਸਿਹਤ ਕੇਂਦਰ ਲਿਜਾ ਕੇ ਇਲਾਜ ਕਰਵਾ ਦਿੱਤਾ ਤਾਂ ਸਮਝੋ ਤੁਸੀਂ ਕਿਸੇ ਦੀ ਜਾਨ ਬਚਾ ਲਈ। ਉਹਨਾਂ ਕਿਹਾ ਕਿ ਹਰ ਵਿਅਕਤੀ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਨਸ਼ੇ ਦੀ ਆਦਤ ਨਾ ਸਿਰਫ ਉਨ੍ਹਾਂ ਦੇ ਸਰੀਰ ਅਤੇ ਦਿਮਾਗ ਨੂੰ ਬਹੁਤ ਪ੍ਰਭਾਵਿਤ ਕਰਦੀ ਹੈ, ਸਗੋਂ ਉਨ੍ਹਾਂ ਦੇ ਉੱਜਵਲ ਭਵਿੱਖ ਨੂੰ ਵੀ ਖਤਮ ਕਰ ਦਿੰਦੀ ਹੈ। ਇਸ ਲਈ ਸਾਨੂੰ ਨਸ਼ਿਆਂ ਨੂੰ ਸਖਤੀ ਨਾਲ 'ਨਹੀਂ ਕਹਿਣਾ ਚਾਹੀਦਾ ਹੈ ਅਤੇ ਆਪਣੇ ਆਲੇ-ਦੁਆਲੇ ਜਾਗਰੂਕਤਾ ਫੈਲਾ ਕੇ ਆਪਣੀਆਂ ਜ਼ਿੰਦਗੀਆਂ ਦੇ ਨਾਲ-ਨਾਲ ਆਪਣੇ ਪਿਆਰਿਆਂ ਦੀਆਂ ਜਾਨਾਂ ਵੀ ਬਚਾਉਣੀਆਂ ਚਾਹੀਦੀਆਂ ਹਨ ਅਤੇ ਪੰਜਾਬ ਨੂੰ ਰੰਗਲਾ ਬਣਾਉਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਵਰਿੰਦਰ ਸਿੰਘ ਟਿਵਾਣਾ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਪਟਿਆਲਾ ਨੇ ਦੱਸਿਆ ਕਿ ਨਸ਼ਿਆਂ ਤੋਂ ਸਾਡੀ ਯੁਵਾ ਪੀੜ੍ਹੀ ਕਾਫੀ ਪ੍ਰਭਾਵਿਤ ਹੋ ਰਹੀ ਹੈ। ਉਹਨਾਂ ਕਿਹਾ ਕਿ ਨਸ਼ਾ ਇੱਕ ਮਿੱਠਾ ਜ਼ਹਿਰ ਹੈ ਜਿਸ ਨਾਲ ਸ਼ਰੀਰ ਵਿਚ ਕੁੱਝ ਸਮੇਂ ਲਈ ਤਾਂ ਚੁੰਸਤੀ ਆ ਜਾਂਦੀ ਹੈ ਪਰ ਇਹ ਹੌਲੀ-ਹੌਲੀ ਸ਼ਰੀਰ ਦੇ ਅੰਦਰੂਨੀ ਅੰਗਾਂ ਨੂੰ ਖਤਮ ਕਰ ਰਿਹਾ ਹੁੰਦਾ ਹੈ, ਨਸ਼ਿਆਂ ਦੇ ਕਾਰਣ ਕੈਂਸਰ, ਦਿਲ ਦੀ ਬਿਮਾਰੀ, ਦਿਮਾਗ ਦੀ ਨਾੜੀ ਦਾ ਫੱਟਣਾ, ਗੁਰਦੇ ਖਰਾਬ ਹੋਣਾ, ਏਡਜ਼, ਪੀਲੀਆ ਆਦਿ ਵਰਗੀਆਂ ਭਿਆਨਕ ਬਿਮਾਰੀਆਂ ਨਸ਼ਾ ਕਰਨ ਵਾਲਿਆਂ ਨੂੰ ਹੋ ਰਹੀਆਂ ਹਨ। ਉਹਨਾਂ ਕਿਹਾ ਕਿ ਨਸ਼ਾ ਜਿਥੇ ਸਾਡੀ ਬੁੱਧੀ ਦਾ ਨਾਸ਼ ਕਰਕੇ ਸਦਾਚਾਰਕ ਤੋਰ ਤੇ ਮਨੁਖ ਨੂੰ ਨੀਵਾਂ ਰੱਖਦੇ ਹਨ, ਉਥੇ ਸ਼ਰੀਰਿਕ ਤੌਰ ਤੇ ਵੀ ਕਾਫੀ ਨੁਕਸਾਨ ਪਹੁਚਾਉਂਦੇ ਹਨ। ਇਸ ਮੌਕੇ ਡਾਕਟਰ ਮਲਕੀਤ ਸਿੰਘ ਮਾਨ ਐਸਟਿਟ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪਟਿਆਲਾ ਨੇ ਨਸ਼ਿਆਂ ਦੀਆਂ ਵੱਖ ਵੱਖ ਕਿਸਮਾਂ, ਨਸ਼ਾ ਲੱਗਣ ਦੇ ਕਾਰਨ ਵੱਖ-ਵੱਖ ਨਸ਼ੀਲੇ ਪਦਾਰਥਾਂ ਦੇ ਸਰੀਰ ਉਪਰ ਪੈਣ ਵਾਲੇ ਪ੍ਰਭਾਵਾਂ ਅਤੇ ਇਹਨਾਂ ਤੋਂ ਛੁਟਕਾਰੇ ਸਬੰਧੀ ਵਿਸਥਾਰ ਵਿਚ ਜਾਣਕਾਰੀ ਦਿੱਤੀ।

# ਉੱਤਰਾਖੰਡ ਵਿੱਚ ਨਿਹੰਗ ਸਿੰਘਾਂ ਤੇ ਪੁਲਿਸ ਦਰਮਿਆਨ ਟਕਰਾਅ ਖਤਮ, ਹਿਮਾਚਲ ਸਰਹੱਦ 'ਤੇ ਭਾਰੀ ਸੁਰੱਖਿਆ ਜਾਰੀ

**ਨਾਹਨ, 26 ਜੂਨ**
**-ਸ਼.ਅ.ਬਿਓਰੋ-**

ਸਿਰਮੌਰ ਜ਼ਿਲ੍ਹੇ ਦੇ ਪਾਉਂਟਾ ਸਾਹਿਬ ਨੇੜੇ ਕੁਲਹਾਲ ਬਾਰਡਰ ਚੈੱਕ ਪੋਸਟ 'ਤੇ ਨਿਹੰਗ ਸਿੰਘਾਂ ਦੇ ਇੱਕ ਵੱਡੇ ਸਮੂਹ ਅਤੇ ਸੁਰੱਖਿਆ ਕਰਮਚਾਰੀਆਂ ਵਿਚਕਾਰ ਤਣਾਅਪੂਰਨ ਟਕਰਾਅ ਦੇ ਸ਼ੁੱਕਰਵਾਰ ਨੂੰ ਖਤਮ ਹੋ ਗਿਆ। ਹਿਮਾਚਲ ਪ੍ਰਦੇਸ਼-ਉੱਤਰਾਖੰਡ ਸਰਹੱਦ 'ਤੇ ਸਥਿਤੀ ਆਮ ਵਾਂਗ ਬਹਾਲ ਹੋ ਗਈ ਹੈ। ਅਧਿਕਾਰੀਆਂ ਨਾਲ ਗੱਲਬਾਤ ਤੋਂ ਬਾਅਦ ਇਹ ਸਮੂਹ ਸ਼ੁੱਕਰਵਾਰ ਸਵੇਰੇ ਹਿਮਾਚਲ ਪ੍ਰਦੇਸ਼ ਦੇ ਪਾਉਂਟਾ ਸਾਹਿਬ ਲਈ ਰਵਾਨਾ ਹੋ ਗਿਆ। ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਮੁਲਾਕਾਤ ਤੋਂ ਬਾਅਦ ਨਿਹੰਗ ਸਵੇਰੇ ਤੜਕੇ ਪੁਲਿਸ ਦੀ ਸੁਰੱਖਿਆ ਹੇਠ ਵਾਹਨਾਂ ਵਿੱਚ ਦੇਹਰਾਦੂਨ ਦੇ ਗੁਰਦੁਆਰਾ ਤੋਂ ਰਵਾਨਾ ਹੋ ਗਏ। ਹਾਲਾਂਕਿ ਉੱਤਰਾਖੰਡ ਵਿੱਚ ਕਰਣਪ੍ਰਯਾਗ ਵਿਵਾਦ ਨਾਲ ਜੁੜੇ ਹਾਲੀਆ ਘਟਨਾਕ੍ਰਮ ਦੇ ਮੱਦੇਨਜ਼ਰ ਅਧਿਕਾਰੀਆਂ ਨੇ ਅੰਤਰ-ਰਾਜੀ ਸਰਹੱਦ 'ਤੇ ਉੱਚ ਪੱਧਰੀ ਸੁਰੱਖਿਆ ਬਰਕਰਾਰ ਰੱਖੀ ਹੈ। ਜ਼ਿਕਰਯੋਗ ਹੈ ਕਿ ਇਹ ਘਟਨਾਕ੍ਰਮ ਉਦੋਂ ਸ਼ੁਰੂ ਹੋਇਆ ਜਦੋਂ ਵੀਰਵਾਰ ਨੂੰ ਪੰਜਾਬ ਤੋਂ ਉੱਤਰਾਖੰਡ ਵੱਲ ਜਾ ਰਹੇ ਸੈਂਕੜੇ ਨਿਹੰਗ ਸਿੰਘ ਦੇਰ ਰਾਤ ਕੁਲਹਾਲ ਸਰਹੱਦ ਵੱਲ ਵਧਣ ਤੋਂ ਪਹਿਲਾਂ ਇਤਿਹਾਸਕ ਗੁਰਦੁਆਰਾ ਪਾਉਂਟਾ ਸਾਹਿਬ ਵਿਖੇ ਇਕੱਠੇ ਹੋਏ।

ਉੱਤਰਾਖੰਡ ਪ੍ਰਸ਼ਾਸਨ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਪੁਲੀਸ ਨੇ ਕਰਣਪ੍ਰਯਾਗ ਵਿੱਚ ਹਾਲੀਆ ਤਣਾਅ ਅਤੇ ਨਗਰਾਸੂ ਗੁਰਦੁਆਰਾ ਮੁੱਦੇ ਦੇ ਮੱਦੇਨਜ਼ਰ ਕਾਨੂੰਨ ਅਤੇ ਵਿਵਸਥਾ ਦੀਆਂ ਚਿੰਤਾਵਾਂ ਦਾ ਹਵਾਲਾ ਦਿੰਦੇ ਹੋਏ ਸਮੂਹ ਨੂੰ ਰਾਜ ਵਿੱਚ ਦਾਖਲ ਹੋਣ ਤੋਂ ਰੋਕਣ ਲਈ ਬੈਰੀਕੇਡ ਲਗਾ ਦਿੱਤੇ। ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਸੀਨੀਅਰ ਅਧਿਕਾਰੀਆਂ ਨੇ ਸਿੱਖ ਭਾਈਚਾਰੇ ਦੇ ਨੁਮਾਇੰਦਿਆਂ ਦੇ ਨਾਲ ਮਿਲ ਕੇ ਸਥਿਤੀ ਨੂੰ ਸ਼ਾਂਤੀਪੂਰਵਕ ਹੱਲ ਕਰਨ ਲਈ ਵਿਆਪਕ ਵਿਚਾਰ-ਵਟਾਂਦਰਾ ਕੀਤਾ। ਹਾਲਾਂਕਿ ਗੱਲਬਾਤ ਤੋਂ ਬਾਅਦ ਨਿਹੰਗ ਸਿੰਘਾਂ ਦੀ ਵੱਡੀ ਗਿਣਤੀ ਵਾਪਸ ਜਾਣ ਲਈ ਸਹਿਮਤ ਹੋ ਗਈ ਸੀ, ਪਰ ਸਮੂਹ ਦੇ ਇੱਕ ਹਿੱਸੇ ਨੇ ਕਥਿਤ ਤੌਰ 'ਤੇ ਬੈਰੀਕੇਡ ਪਾਰ ਕਰ ਲਏ, ਜਿਸ ਨਾਲ ਉੱਤਰਾਖੰਡ ਵਿੱਚ ਦਾਖਲ ਹੋਣ ਤੋਂ ਪਹਿਲਾਂ ਪੁਲੀਸ ਨਾਲ ਸੰਖੇਪ ਟਕਰਾਅ ਹੋਇਆ।



# ਮਾਰਾ ਹਰਿਆਣਾ





# ਲੋਕਤੰਤਰ ਦੀ ਰੱਖਿਆ ਲਈ ਦਿੱਤੀ ਗਈ ਹਰ ਕੁਰਬਾਨੀ ਰਾਸ਼ਟਰ ਦੀ ਅਣਮੁੱਲੀ ਵਿਰਾਸਤ : ਨਾਇਬ ਸਿੰਘ ਸੈਣੀ

## ਐਮਰਜੈਂਸੀ ਭਾਰਤੀ ਲੋਕਤੰਤਰ ਦੇ ਇਤਿਹਾਸ ਦਾ ਸਭ ਤੋਂ ਕਾਲਾ ਅਧਿਆਏ, ਨਵੀਂ ਪੀੜ੍ਹੀ ਨੂੰ ਇਸ ਤੋਂ ਸਬਕ ਲੈ ਕੇ ਲੋਕਤੰਤਰੀ ਮੁੱਲਾਂ ਦੀ ਰੱਖਿਆ ਦਾ ਸੰਕਲਪ ਲੈਣਾ ਹੋਵੇਗਾ : ਮੁੱਖ ਮੰਤਰੀ

**ਚੰਡੀਗੜ੍ਹ, 26 ਜੂਨ**
**-ਹਰਮਨਪ੍ਰੀਤ ਕੌਰ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਹਾ ਕਿ ਭਾਰਤੀ ਲੋਕਤੰਤਰ ਦੀ ਮਜ਼ਬੂਤੀ ਅਤੇ ਸੰਵਿਧਾਨ ਦੀ ਰੱਖਿਆ ਲਈ ਜਿਨ੍ਹਾਂ ਲੋਕਤੰਤਰ ਸੈਨਾਨੀਆਂ ਨੇ ਆਪਣਾ ਜੀਵਨ ਸੰਘਰਸ਼ਾਂ ਵਿੱਚ ਬਿਤਾਇਆ, ਉਨ੍ਹਾਂ ਦਾ ਤਿਆਗ ਅਤੇ ਕੁਰਬਾਨੀ ਹਮੇਸ਼ਾ ਦੇਸ਼ ਵਾਸੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ। ਉਨ੍ਹਾਂ ਕਿਹਾ ਕਿ 26 ਜੂਨ, 1975 ਦਾ ਦਿਨ ਭਾਰਤੀ ਲੋਕਤੰਤਰ ਦੇ ਇਤਿਹਾਸ ਵਿੱਚ ਇੱਕ ਅਜਿਹੇ ਕਾਲੇ ਅਧਿਆਏ ਵਜੋਂ ਦਰਜ ਹੈ, ਜਦੋਂ ਸੱਤਾ ਦੀ ਸਰਪ੍ਰਸਤੀ ਹੇਠ ਲੋਕਤੰਤਰੀ ਅਧਿਕਾਰਾਂ ਨੂੰ ਕੁਚਲਣ ਦੀ ਕੋਸ਼ਿਸ਼ ਕੀਤੀ ਗਈ ਅਤੇ ਪੂਰੇ ਦੇਸ਼ 'ਤੇ ਐਮਰਜੈਂਸੀ ਥੋਪ ਦਿੱਤੀ ਗਈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਪੰਚਕੂਲਾ ਵਿੱਚ ਐਮਰਜੈਂਸੀ ਦੇ ਕਾਲੇ ਅਧਿਆਏ ਦੇ 51 ਸਾਲ ਪੂਰੇ ਹੋਣ ਦੇ ਮੌਕੇ ਵਿੱਚ ਆਯੋਜਿਤ ਸੰਵਿਧਾਨ ਹੱਤਿਆ ਦਿਵਸ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਮੁੱਖ ਮੰਤਰੀ ਨੇ ਲੋਕਤੰਤਰ ਸੈਨਾਨੀਆਂ ਨੂੰ ਅੰਗਵਸਤਰ ਅਤੇ ਸਨਮਾਨ ਪੱਤਰ ਭੇਂਟ ਕਰਕੇ ਸਨਮਾਨਿਤ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਐਮਰਜੈਂਸੀ ਦੇ 21 ਮਹੀਨੇ ਭਾਰਤੀ ਲੋਕਤੰਤਰ ਦੇ ਇਤਿਹਾਸ ਦਾ ਸਭ ਤੋਂ ਕਾਲਾ ਅਧਿਆਏ ਹਨ। ਸੱਤਾ ਦੇ ਹੰਕਾਰ ਵਿੱਚ ਦੇਸ਼ ਦੀਆਂ ਲੋਕਤੰਤਰੀ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕੀਤੀ ਗਈ, ਵਿਰੋਧੀ ਧਿਰ ਦੇ ਆਗੂਆਂ ਨੂੰ ਜੇਲ੍ਹਾਂ ਵਿੱਚ ਡੱਕ ਦਿੱਤਾ ਗਿਆ, ਪ੍ਰੈੱਸ ਦੀ ਆਜ਼ਾਦੀ 'ਤੇ ਪਾਬੰਦੀ ਲਗਾਈ ਗਈ ਅਤੇ ਅਸਹਿਮਤੀ ਦੀ ਹਰ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਰੱਖਿਆ ਲਈ ਸੰਘਰਸ਼ ਕਰਨ ਵਾਲੇ ਹਜ਼ਾਰਾਂ ਲੋਕਾਂ ਨੇ ਤਸੀਹੇ ਝੱਲੇ, ਪਰ ਆਪਣੇ ਸਿਧਾਂਤਾਂ ਨਾਲ ਸਮਝੌਤਾ ਨਹੀਂ ਕੀਤਾ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ 12 ਜੂਨ, 1975 ਨੂੰ ਇਲਾਹਾਬਾਦ ਹਾਈ ਕੋਰਟ ਵੱਲੋਂ ਤਤਕਾਲੀ ਪ੍ਰਧਾਨ ਮੰਤਰੀ ਦੀ ਚੋਣ ਨੂੰ ਗ਼ੈਰ-ਕਾਨੂੰਨੀ ਐਲਾਨੇ ਜਾਣ ਤੋਂ ਬਾਅਦ ਲੋਕਤੰਤਰੀ ਪਰੰਪਰਾਵਾਂ ਦਾ ਸਨਮਾਨ ਕਰਨ ਦੀ ਬਜਾਏ 26 ਜੂਨ ਦੀ ਅੱਧੀ ਰਾਤ ਨੂੰ ਪੂਰੇ ਦੇਸ਼ 'ਤੇ ਐਮਰਜੈਂਸੀ ਥੋਪ ਦਿੱਤੀ ਗਈ। ਕਰੋੜਾਂ ਨਾਗਰਿਕਾਂ ਦੇ ਮੌਲਿਕ ਅਧਿਕਾਰਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਅਤੇ ਸੰਵਿਧਾਨ ਦੀ ਆਤਮਾ ਨੂੰ ਠੇਸ ਪਹੁੰਚਾਈ ਗਈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਤੋਂ ਪਹਿਲਾਂ ਹੀ ਲੋਕਨਾਇਕ ਜੈਪ੍ਰਕਾਸ਼ ਨਾਰਾਇਣ ਨੇ 5 ਜੂਨ, 1974 ਨੂੰ ਪਟਨਾ ਦੇ ਗਾਂਧੀ ਮੈਦਾਨ ਤੋਂ 'ਸੰਪੂਰਨ ਕ੍ਰਾਂਤੀ' ਦਾ ਸੱਦਾ ਦਿੱਤਾ ਸੀ। ਇਹ ਲੋਕਤੰਤਰ ਦੀ ਰੱਖਿਆ ਅਤੇ ਤਾਨਾਸ਼ਾਹੀ ਵਿਰੁੱਧ ਜਨਸ਼ਕਤੀ ਦੀ ਇਤਿਹਾਸਕ ਪੁਕਾਰ ਸੀ। ਉਨ੍ਹਾਂ ਕਿਹਾ ਕਿ ਲੋਕਤੰਤਰ ਲਈ ਉੱਠੀ ਇਸ ਆਵਾਜ਼ ਨੂੰ ਦਬਾਉਣ ਲਈ ਲੋਕਨਾਇਕ ਜੈਪ੍ਰਕਾਸ਼ ਨਾਰਾਇਣ, ਨਾਨਾਜੀ ਦੇਸ਼ਮੁਖ, ਮੋਰਾਰਜੀ ਦੇਸਾਈ, ਅਟਲ ਬਿਹਾਰੀ ਵਾਜਪਾਈ, ਲਾਲ ਕ੍ਰਿਸ਼ਨ ਅਡਵਾਨੀ, ਜਾਰਜ ਫਰਨਾਂਡਿਸ, ਬੀਜੂ ਪਟਨਾਇਕ, ਚੰਦਰਸ਼ੇਖਰ, ਸਰਦਾਰ ਪ੍ਰਕਾਸ਼ ਸਿੰਘ ਬਾਦਲ ਸਮੇਤ ਕਈ ਰਾਸ਼ਟਰੀ ਆਗੂਆਂ ਨੂੰ ਜੇਲ੍ਹਾਂ ਵਿੱਚ ਬੰਦ ਕਰ ਦਿੱਤਾ ਗਿਆ।

ਉਨ੍ਹਾਂ ਕਿਹਾ ਕਿ ਐਮਰਜੈਂਸੀ ਦੌਰਾਨ ਇੱਕ ਲੱਖ ਤੋਂ ਵੱਧ ਨਾਗਰਿਕਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਗਿਆ, 253 ਪੱਤਰਕਾਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਹਰਿਆਣਾ ਦੇ 1,564 ਲੋਕਾਂ ਨੂੰ ਵੀ ਸਲਾਖਾਂ ਪਿੱਛੇ ਭੇਜਿਆ ਗਿਆ। ਇਹ ਲੋਕਤੰਤਰੀ ਅਧਿਕਾਰਾਂ ਅਤੇ ਪ੍ਰਗਟਾਵੇ ਦੀ ਆਜ਼ਾਦੀ 'ਤੇ ਸਭ ਤੋਂ ਵੱਡਾ ਹਮਲਾ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਦੀ ਧਰਤੀ ਨੇ ਵੀ ਇਸ ਸੰਘਰਸ਼ ਵਿੱਚ ਅਹਿਮ ਭੂਮਿਕਾ ਨਿਭਾਈ। ਦਿੱਲੀ ਨਾਲ ਤਿੰਨ ਪਾਸਿਆਂ ਤੋਂ ਜੁੜੇ ਹੋਣ ਕਰਕੇ ਹਰਿਆਣਾ ਐਮਰਜੈਂਸੀ ਦੇ ਦਮਨ ਦਾ ਵੱਡਾ ਕੇਂਦਰ ਬਣਿਆ। ਕਈ ਰਾਸ਼ਟਰੀ ਨੇਤਾਵਾਂ ਨੂੰ ਹਰਿਆਣਾ ਵਿੱਚ ਨਜ਼ਰਬੰਦ ਰੱਖਿਆ ਗਿਆ। ਉੱਥੇ ਹੀ ਸੂਬੇ ਦੇ ਕਈ ਸਿਆਸੀ ਅਤੇ ਸਮਾਜਿਕ ਕਾਰਕੁਨਾਂ ਅਤੇ ਰਾਸ਼ਟਰੀ ਸਵੈਮ ਸੇਵਕ ਸੰਘ ਦੇ ਸੈਂਕੜੇ ਸਵੈਮ ਸੇਵਕਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਕਿਹਾ ਕਿ ਰੋਹਤਕ ਵਿੱਚ ਚੱਲ ਰਹੇ ਰਾਸ਼ਟਰੀ ਸਵੈਮ ਸੇਵਕ ਸੰਘ ਦੇ ਸਿੱਖਿਆ ਵਰਗ ਨੂੰ ਵੀ ਐਮਰਜੈਂਸੀ ਲਾਗੂ ਹੋਣ ਤੋਂ ਬਾਅਦ ਸਮੇਂ ਤੋਂ ਪਹਿਲਾਂ ਬੰਦ ਕਰਨਾ ਪਿਆ ਅਤੇ ਸੰਗਠਨ ਦੇ ਦਫ਼ਤਰਾਂ ਨੂੰ ਸੀਲ ਕਰ ਦਿੱਤਾ ਗਿਆ। ਸ੍ਰੀ ਸੈਣੀ ਨੇ ਕਿਹਾ ਕਿ ਤਮਾਮ ਦਮਨ ਅਤੇ ਅੱਤਿਆਚਾਰਾਂ ਦੇ ਬਾਵਜੂਦ ਹਰਿਆਣਾ ਝੁਕਿਆ ਨਹੀਂ। ਪਿੰਡ-ਪਿੰਡ ਅਤੇ ਬਲਾਕ-ਬਲਾਕ ਵਿੱਚ ਜਨ-ਜਾਗਰੂਕਤਾ ਮੁਹਿੰਮਾਂ ਚਲਾਈਆਂ ਗਈਆਂ, ਸਤਿਆਗ੍ਰਹਿ ਹੋਏ ਅਤੇ ਸੈਂਕੜੇ ਲੋਕਾਂ ਨੇ ਨਿਡਰ ਹੋ ਕੇ ਗ੍ਰਿਫ਼ਤਾਰੀਆਂ ਦਿੱਤੀਆਂ। ਇਹ ਸੰਘਰਸ਼ ਇਸ ਗੱਲ ਦਾ ਪ੍ਰਮਾਣ ਹੈ ਕਿ ਹਰਿਆਣਾ ਦੀ ਮਿੱਟੀ ਅਨਿਆਂ ਅਤੇ ਤਾਨਾਸ਼ਾਹੀ ਦੇ ਸਾਹਮਣੇ ਕਦੇ ਸਿਰ ਨਹੀਂ ਝੁਕਾਉਂਦੀ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਤੰਤਰ ਸੈਨਾਨੀ ਸਾਡੇ ਲਈ ਪ੍ਰੇਰਨਾ ਦੇ ਅਨੰਤ ਸਰੋਤ ਹਨ। ਜਿਸ ਤਰ੍ਹਾਂ ਸੁਤੰਤਰਤਾ ਸੈਨਾਨੀਆਂ ਨੇ ਦੇਸ਼ ਨੂੰ ਆਜ਼ਾਦੀ ਦਿਵਾਈ, ਉਸੇ ਤਰ੍ਹਾਂ ਲੋਕਤੰਤਰ ਸੈਨਾਨੀਆਂ ਨੇ ਲੋਕਤੰਤਰ ਅਤੇ ਸੰਵਿਧਾਨ ਦੀ ਰੱਖਿਆ ਲਈ ਆਪਣਾ ਸਭ ਕੁਝ ਨਿਛਾਵਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਲੋਕਨਾਇਕ ਜੈਪ੍ਰਕਾਸ਼ ਨਾਰਾਇਣ ਦਾ ਇਹ ਸੰਦੇਸ਼ ਅੱਜ ਵੀ ਉਨਾ ਹੀ ਢੁਕਵਾਂ ਹੈ ਕਿ ÷ਆਜ਼ਾਦੀ ਸਿਰਫ਼ ਇੱਕ ਵਾਰ ਹੀ ਨਹੀਂ ਜਿੱਤੀ ਜਾਂਦੀ, ਇਸ ਨੂੰ ਹਰ ਰੋਜ਼ ਜਿੱਤਣਾ ਪੈਂਦਾ ਹੈ।

ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਨੇ ਲੋਕਤੰਤਰ ਸੈਨਾਨੀਆਂ ਦੇ ਸਨਮਾਨ ਅਤੇ ਭਲਾਈ ਨੂੰ ਹਮੇਸ਼ਾ ਤਰਜੀਹ ਦਿੱਤੀ ਹੈ। ਸਾਲ 2015 ਵਿੱਚ ਰੋਹਤਕ ਵਿੱਚ ਪਹਿਲਾ 'ਲੋਕਤੰਤਰ ਸੈਨਾਨੀ ਸਨਮਾਨ ਸਮਾਰੋਹ' ਆਯੋਜਿਤ ਕੀਤਾ ਗਿਆ ਸੀ। ਲੋਕਤੰਤਰ ਸੈਨਾਨੀਆਂ ਅਤੇ ਉਨ੍ਹਾਂ ਦੇ ਜੀਵਨ ਸਾਥੀਆਂ ਨੂੰ ਸਰਕਾਰੀ ਕਰਮਚਾਰੀਆਂ ਦੇ ਬਰਾਬਰ ਮੈਡੀਕਲ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ, ਹਰਿਆਣਾ ਰੋਡਵੇਜ਼ ਦੀਆਂ ਬੱਸਾਂ ਵਿੱਚ ਯਾਤਰਾ ਸਬੰਧੀ ਰਿਆਇਤਾਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਦੀ ਮਾਸਿਕ ਪੈਨਸ਼ਨ ਵਧਾ ਕੇ 20 ਹਜ਼ਾਰ ਰੁਪਏ ਪ੍ਰਤੀ ਮਹੀਨਾ ਕੀਤੀ ਗਈ। ਵਰਤਮਾਨ ਵਿੱਚ ਸੂਬੇ ਦੇ 501 ਲੋਕਤੰਤਰ ਸੈਨਾਨੀ ਅਤੇ ਉਨ੍ਹਾਂ ਦੀਆਂ ਵਿਧਵਾਵਾਂ ਇਸ ਸਨਮਾਨ ਰਾਸ਼ੀ ਦਾ ਲਾਭ ਪ੍ਰਾਪਤ ਕਰ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਐਮਰਜੈਂਸੀ ਸਾਨੂੰ ਤਿੰਨ ਮਹੱਤਵਪੂਰਨ ਸਬਕ ਸਿਖਾਉਂਦੀ ਹੈ। ਪਹਿਲਾ, ਲੋਕਤੰਤਰ ਦੀ ਰੱਖਿਆ ਲਈ ਹਰ ਨਾਗਰਿਕ ਨੂੰ ਹਮੇਸ਼ਾ ਸੁਚੇਤ ਰਹਿਣਾ ਹੋਵੇਗਾ। ਦੂਜਾ, ਨਿਆਂਪਾਲਿਕਾ, ਵਿਧਾਨਪਾਲਿਕਾ ਅਤੇ ਕਾਰਜਪਾਲਿਕਾ ਵਰਗੀਆਂ ਸੰਸਥਾਵਾਂ ਦੀ ਮਜ਼ਬੂਤੀ ਲੋਕਤੰਤਰ ਦੀ ਅਧਾਰਸ਼ਿਲਾ ਹੈ। ਤੀਜਾ, ਲੋਕਤੰਤਰ ਵਿੱਚ ਜਨਤਾ ਹੀ ਸਰਵਉੱਚ ਹੁੰਦੀ ਹੈ ਅਤੇ ਜਦੋਂ ਜਨਤਾ ਆਪਣੇ ਅਧਿਕਾਰਾਂ ਲਈ ਇੱਕਜੁੱਟ ਹੁੰਦੀ ਹੈ ਤਾਂ ਕੋਈ ਵੀ ਸ਼ਕਤੀ ਉਸ ਨੂੰ ਦਬਾ ਨਹੀਂ ਸਕਦੀ।

ਉਨ੍ਹਾਂ ਕਿਹਾ ਕਿ ਅੱਜ ਦੇਸ਼ ਸਤਿਕਾਰਯੋਗ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਲੋਕਤੰਤਰੀ ਮੁੱਲਾਂ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵੱਲ ਅੱਗੇ ਵਧ ਰਿਹਾ ਹੈ। ਸੰਵਿਧਾਨ ਦੇ 75 ਸਾਲ ਪੂਰੇ ਹੋਣ ਦੇ ਮੌਕੇ 'ਤੇ ਚਲਾਈ ਗਈ 'ਹਮਾਰਾ ਸੰਵਿਧਾਨ, ਹਮਾਰਾ ਸਵਾਭਿਮਾਨ' ਮੁਹਿੰਮ ਲੋਕਤੰਤਰ ਅਤੇ ਸੰਵਿਧਾਨ ਪ੍ਰਤੀ ਦੇਸ਼ ਦੀ ਵਚਨਬੱਧਤਾ ਦਾ ਪ੍ਰਤੀਕ ਹੈ। ਪ੍ਰਧਾਨ ਮੰਤਰੀ ਦੀ ਅਗਵਾਈ ਵਿੱਚ ਪਿਛਲੇ 12 ਸਾਲਾਂ ਵਿੱਚ ਭਾਰਤ ਨੇ ਵਿਕਾਸ, ਸੁਸ਼ਾਸਨ ਅਤੇ ਜਨ-ਭਾਗੀਦਾਰੀ ਦੇ ਖੇਤਰ ਵਿੱਚ ਸ਼ਲਾਘਾਯੋਗ ਪ੍ਰਾਪਤੀਆਂ ਹਾਸਲ ਕੀਤੀਆਂ ਹਨ ਅਤੇ ਦੇਸ਼ ਵਿਸ਼ਵ ਦੀਆਂ ਮੋਹਰੀ ਅਰਥਵਿਵਸਥਾਵਾਂ ਵਿੱਚ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਸਾਲ ਲੋਕਤੰਤਰ ਦੀ ਹੱਤਿਆ ਦੇ 50 ਸਾਲ ਪੂਰੇ ਹੋਣ ਦੇ ਮੌਕੇ 'ਤੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਪੂਰੇ ਸਾਲ ਨੂੰ 'ਸਮ੍ਰਿਤੀ ਵਰ੍ਹੇ' ਵਜੋਂ ਮਨਾਉਣ ਦਾ ਸੱਦਾ ਦਿੱਤਾ ਸੀ। ਇਹ ਸਿਰਫ਼ ਅਤੀਤ ਨੂੰ ਯਾਦ ਕਰਨ ਦਾ ਮੌਕਾ ਨਹੀਂ ਹੈ, ਸਗੋਂ ਲੋਕਤੰਤਰ ਦੀ ਰੱਖਿਆ ਲਈ ਨਵੀਂ ਪੀੜ੍ਹੀ ਨੂੰ ਜਾਗਰੂਕ ਕਰਨ ਦੀ ਮੁਹਿੰਮ ਹੈ।

**ਲੋਕਤੰਤਰ ਦੀ ਅਣਮੁੱਲੀ ਵਿਰਾਸਤ ਨੂੰ ਸੰਭਾਲਣਾ ਸਾਡੀ ਸਭ ਦੀ ਜ਼ਿੰਮੇਵਾਰੀ**

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਐਮਰਜੈਂਸੀ ਦੇ ਸੰਘਰਸ਼ ਅਤੇ ਲੋਕਤੰਤਰ ਸੈਨਾਨੀਆਂ ਦੀ ਕੁਰਬਾਨੀ ਨੂੰ ਯਾਦ ਕਰਨਾ ਕੇਵਲ ਇਤਿਹਾਸ ਨੂੰ ਦੁਹਰਾਉਣਾ ਨਹੀਂ, ਬਲਕਿ ਭਵਿੱਖ ਲਈ ਪ੍ਰੇਰਨਾ ਪ੍ਰਾਪਤ ਕਰਨਾ ਹੈ। ਉਨ੍ਹਾਂ ਨੇ ਸੂਬਾ ਵਾਸਿਆਂ ਨੂੰ ਸੱਦਾ ਦਿੱਤਾ ਕਿ ਉਹ ਲੋਕਤੰਤਰ, ਸੰਵਿਧਾਨ ਅਤੇ ਰਾਸ਼ਟਰੀ ਅਖੰਡਤਾ ਨੂੰ ਮਜ਼ਬੂਤ ਬਣਾਉਣ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣ, ਤਾਂ ਜੋ ਭਾਰਤ ਵਿਸ਼ਵ ਦੇ ਸਭ ਤੋਂ ਸ਼ਕਤੀਸ਼ਾਲੀ, ਜੀਵੰਤ ਅਤੇ ਪ੍ਰੇਰਨਾਦਾਇਕ ਲੋਕਤੰਤਰ ਵਜੋਂ ਨਿਰੰਤਰ ਅੱਗੇ ਵਧਦਾ ਰਹੇ।

ਇਸ ਮੌਕੇ ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ, ਕਾਲਕਾ ਦੀ ਵਿਧਾਇਕਾ ਸ਼ਕਤੀ ਰਾਣੀ ਸ਼ਰਮਾ, ਰਾਜ ਸਭਾ ਮੈਂਬਰ ਰੇਖਾ ਸ਼ਰਮਾ, ਮੇਅਰ ਸ਼ਾਮ ਲਾਲ ਬੰਸਲ, ਵਿਧਾਨ ਸਭਾ ਦੇ ਸਾਬਕਾ ਸਪੀਕਰ ਗਿਆਨ ਚੰਦ ਗੁਪਤਾ, ਸੂਬਾ ਉੱਪ ਪ੍ਰਧਾਨ ਬੰਤੋ ਕਟਾਰੀਆ, ਸਾਬਕਾ ਮੰਤਰੀ ਅਸੀਮ ਗੋਇਲ, ਸਾਬਕਾ ਮੰਤਰੀ ਰਾਮ ਬਿਲਾਸ ਸ਼ਰਮਾ, ਜ਼ਿਲ੍ਹਾ ਪ੍ਰਧਾਨ ਅਜੇ ਮਿੱਤਲ, ਮੀਡੀਆ ਸਕੱਤਰ ਪ੍ਰਵੀਨ ਅਤਰੇ ਅਤੇ ਲੋਕਤੰਤਰ ਸੈਨਾਨੀ ਮੌਜੂਦ ਸਨ।

# ਮਨੁੱਖੀ ਸਰੋਤ ਅਤੇ ਵਿੱਤ ਵਿਭਾਗਾਂ ਵਿਚਕਾਰ ਹੋਇਆ ਮੋਡੀਊਲਾਂ ਦੀ ਵੰਡ

**ਚੰਡੀਗੜ੍ਹ, 26 ਜੂਨ**
**-ਸ਼.ਅ.ਬਿਓਰੋ-**

ਹਰਿਆਣਾ ਸਰਕਾਰ ਨੇ ਹਰਿਆਣਾ ਮਨੁੱਖੀ ਸਰੋਤ ਪ੍ਰਬੰਧਨ ਪ੍ਰਣਾਲੀ ਦੇ ਸੰਚਾਲਨ ਅਤੇ ਪ੍ਰਬੰਧਨ ਨੂੰ ਵਧੇਰੇ ਪ੍ਰਭਾਵਸ਼ਾਲੀ, ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣ ਦੇ ਉਦੇਸ਼ ਨਾਲ ਮਨੁੱਖੀ ਸਰੋਤ ਵਿਭਾਗ ਅਤੇ ਵਿੱਤ ਵਿਭਾਗ ਵਿਚਕਾਰ ਇਸ ਦੇ ਵੱਖ-ਵੱਖ ਮੋਡੀਊਲਾਂ ਦੀਆਂ ਜ਼ਿੰਮੇਵਾਰੀਆਂ ਦੀ ਵੰਡ ਕੀਤੀ ਹੈ। ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਇੱਕ ਪੱਤਰ ਅਨੁਸਾਰ, ਨਵੀਂ ਵਿਵਸਥਾ ਤਹਿਤ ਮਨੁੱਖੀ ਸਰੋਤ ਵਿਭਾਗ ਨੂੰ ਐਚਆਰਐਮਐਸ ਦੇ 19 ਪ੍ਰਮੁੱਖ ਮੋਡੀਊਲਾਂ ਦੀ ਮਾਲਕੀ ਅਤੇ ਸੰਚਾਲਨ ਸੌਂਪਿਆ ਗਿਆ ਹੈ। ਇਨ੍ਹਾਂ ਵਿੱਚ ਸਾਲਾਨਾ ਗੁਪਤ ਰਿਪੋਰਟ, ਸੇਵਾ ਪੁਸਤਿਕਾ, ਡੈਪੂਟੇਸ਼ਨ, ਅਨੁਸ਼ਾਸਨੀ ਕਾਰਵਾਈ, ਛੁੱਟੀ ਪ੍ਰਬੰਧਨ, ਮੈਡੀਕਲ ਬਿੱਲ ਅਦਾਇਗੀ, ਮਾਸਿਕ ਕਾਰਜ ਮੁਲਾਂਕਣ, ਆਨਲਾਈਨ ਤਬਾਦਲਾ ਨੀਤੀ, ਨਿੱਜੀ ਵਿਦੇਸ਼ ਯਾਤਰਾ ਪ੍ਰਬੰਧਨ, ਪ੍ਰੋਫਾਈਲ ਪ੍ਰਬੰਧਨ, ਤਰੱਕੀ ਪ੍ਰਬੰਧਨ, ਜਾਇਦਾਦ ਦਾ ਵੇਰਵਾ, ਮੁੜ-ਨਿਯੁਕਤੀ, ਅਸਤੀਫ਼ਾ, ਸਰਪ੍ਰਸਤ ਮੋਡੀਊਲ, ਸੇਵਾਮੁਕਤੀ, ਸਿਖਲਾਈ ਅਤੇ ਵਿਕਾਸ, ਤਬਾਦਲਾ ਅਤੇ ਨਿਯੁਕਤੀ ਪ੍ਰਬੰਧਨ ਅਤੇ ਸਵੈ-ਇੱਛਤ ਸੇਵਾਮੁਕਤੀ ਯੋਜਨਾ ਸਬੰਧੀ ਮੋਡੀਊਲ ਸ਼ਾਮਲ ਹਨ।ਦੂਜੇ ਪਾਸੇ ਵਿੱਤ ਵਿਭਾਗ (ਖਜ਼ਾਨਾ ਅਤੇ ਲੇਖਾ ਵਿਭਾਗ) ਨੂੰ ਐਸ਼ੋਰਡ ਕਰੀਅਰ ਪ੍ਰੋਗਰੈਸ਼ਨ, ਤਨਖਾਹ ਨਿਰਧਾਰਨ, ਕਰਜ਼ੇ ਅਤੇ ਐਡਵਾਂਸ, ਤਨਖਾਹ ਉਤਪੱਤੀ ਅਤੇ ਟਾਈਮ-ਸਕੇਲ ਸਮੇਤ ਪੰਜ ਪ੍ਰਮੁੱਖ ਵਿੱਤੀ ਮੋਡੀਊਲਾਂ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਮੁੱਖ ਸਕੱਤਰ ਨੇ ਨਿਰਦੇਸ਼ ਦਿੱਤੇ ਹਨ ਕਿ 1 ਜੂਨ, 2026 ਤੋਂ ਐਚਆਰਐਮਐਸ ਦੇ ਕਿਸੇ ਵੀ ਮੋਡੀਊਲ ਵਿੱਚ ਨਵੇਂ ਫੀਚਰ ਜੋੜਨ, ਸੋਧ, ਅਪਗ੍ਰੇਡੇਸ਼ਨ ਜਾਂ ਨੀਤੀ ਸਬੰਧੀ ਤਬਦੀਲੀ ਦੇ ਸਾਰੇ ਪ੍ਰਸਤਾਵ ਸਿਰਫ ਉਸੇ ਵਿਭਾਗ ਰਾਹੀਂ ਹੀ ਪ੍ਰਕਿਰਿਆ ਅਧੀਨ ਲਿਆਂਦੇ ਜਾਣਗੇ ਜਿਸ ਨੂੰ ਸਬੰਧਤ ਮੋਡੀਊਲ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

# ਮੁੱਖ ਮੰਤਰੀ ਨੇ ਉੱਚ ਸਿੱਖਿਆ ਲਈ ਤੈਅ ਕੀਤਾ ਰੋਡਮੈਪ, ਯੂਨੀਵਰਸਿਟੀਆਂ ਦੀ ਰੈਂਕਿੰਗ ਅਤੇ ਗੁਣਵੱਤਾ ਵਿੱਚ ਸੁਧਾਰ 'ਤੇ ਜ਼ੋਰ

**ਚੰਡੀਗੜ੍ਹ, 26 ਜੂਨ**
**-ਮਨੋਜ ਸ਼ਰਮਾ-**



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅੱਜ ਹਰਿਆਣਾ ਸਿਵਲ ਸਕੱਤਰੇਤ ਵਿੱਚ ਉੱਚ ਸਿੱਖਿਆ ਵਿਭਾਗ ਵੱਲੋਂ 'ਹਰਿਆਣਾ ਵਿਜ਼ਨ-2047' ਦੇ ਆਗਾਮੀ ਪੰਜ ਸਾਲਾਂ ਦੇ ਰੋਡਮੈਪ ਅਤੇ ਕਾਰਜ ਯੋਜਨਾ ਦੀ ਸਮੀਖਿਆ ਕੀਤੀ। ਮੀਟਿੰਗ ਵਿੱਚ ਉੱਚ ਸਿੱਖਿਆ ਨੂੰ ਵਧੇਰੇ ਆਧੁਨਿਕ, ਗੁਣਵੱਤਾ ਭਰਪੂਰ, ਰੁਜ਼ਗਾਰ-ਮੁਖੀ ਅਤੇ ਗਲੋਬਲ ਮਾਪਦੰਡਾਂ ਦੇ ਅਨੁਰੂਪ ਬਣਾਉਣ ਲਈ ਚੱਲ ਰਹੀਆਂ ਯੋਜਨਾਵਾਂ, ਬਜਟ ਘੋਸ਼ਣਾਵਾਂ ਅਤੇ ਮੁੱਖ ਮੰਤਰੀ ਦੀਆਂ ਘੋਸ਼ਣਾਵਾਂ ਦੀ ਪ੍ਰਗਤੀ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਇਸ ਮੌਕੇ ਸਿੱਖਿਆ ਮੰਤਰੀ ਮਹੀਪਾਲ ਢਾਂਡਾ, ਉੱਚ ਸਿੱਖਿਆ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਏਕੇ ਸਿੰਘ, ਡਿਪਾਰਟਮੈਂਟ ਆਫ ਫਿਊਚਰ ਦੀ ਪ੍ਰਧਾਨ ਸਕੱਤਰ ਸ਼੍ਰੀਮਤੀ ਅਮਨੀਤ ਪੀ ਕੁਮਾਰ, ਉੱਚ ਸਿੱਖਿਆ ਵਿਭਾਗ ਦੇ ਮਹਾਨਿਦੇਸ਼ਕ ਸ੍ਰੀ ਐਸ. ਨਰਾਇਣਨ, ਮੁੱਖ ਮੰਤਰੀ ਦੇ ਓਐਸਡੀ ਅਤੇ ਸਵਰਨ ਜਯੰਤੀ ਹਰਿਆਣਾ ਖਜ਼ਾਨਾ ਪ੍ਰਬੰਧਨ ਸੰਸਥਾਨ ਦੇ ਮਹਾਨਿਦੇਸ਼ਕ ਡਾ. ਰਾਜ ਨਹਿਰੂ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

ਮੀਟਿੰਗ ਵਿੱਚ ਅਧਿਕਾਰੀਆਂ ਵੱਲੋਂ ਮੁੱਖ ਮੰਤਰੀ ਨੂੰ ਦੱਸਿਆ ਗਿਆ ਕਿ ਰਾਜ ਦੇ 22 ਮਾਡਲ ਸੰਸਕ੍ਰਿਤੀ ਕਾਲਜਾਂ ਨੂੰ ਖੁਦਮੁਖਤਿਆਰ ਸੰਸਥਾਵਾਂ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿੱਚ ਆਧੁਨਿਕ ਬੁਨਿਆਦੀ ਢਾਂਚੇ, ਸਮਾਰਟ ਕਲਾਸਰੂਮ, ਡਿਜੀਟਲ ਲਾਇਬ੍ਰੇਰੀ ਅਤੇ ਤਕਨੀਕ ਆਧਾਰਿਤ ਸਿੱਖਿਆ ਸਹੂਲਤਾਂ ਦਾ ਵਿਸਥਾਰ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਸਾਰੇ ਨਿਰਮਾਣ ਅਧੀਨ ਕਾਲਜ ਇਮਾਰਤਾਂ ਅਤੇ ਵਿਦਿਅਕ ਪ੍ਰੋਜੈਕਟਾਂ ਨੂੰ ਨਿਰਧਾਰਤ ਸਮਾਂ ਸੀਮਾ ਵਿੱਚ ਉੱਚ ਗੁਣਵੱਤਾ ਨਾਲ ਪੂਰਾ ਕੀਤਾ ਜਾਵੇ।

ਉੱਚ ਸਿੱਖਿਆ ਦੇ ਅੰਤਰਰਾਸ਼ਟਰੀਕਰਨ ਨੂੰ ਪ੍ਰੋਤਸਾਹਿਤ ਕਰਨ ਲਈ ਰਾਜ ਦੇ ਸਿੱਖਿਆ ਸੰਸਥਾਨਾਂ ਨੂੰ ਨੈਸ਼ਨਲ ਇੰਸਟੀਚਿਊਸ਼ਨਲ ਰੈਂਕਿੰਗ ਫਰੇਮਵਰਕ ਦੀਆਂ ਚੋਟੀ ਦੀਆਂ 150 ਸੰਸਥਾਵਾਂ ਵਿੱਚ ਸ਼ਾਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਇਸ ਲਈ ਵਿਦੇਸ਼ੀ ਯੂਨੀਵਰਸਿਟੀਆਂ ਨਾਲ ਸਹਿਯੋਗ, ਵਿਦਿਆਰਥੀ ਵਟਾਂਦਰਾ ਪ੍ਰੋਗਰਾਮ, ਖੋਜ ਗਤੀਵਿਧੀਆਂ ਅਤੇ ਪੇਟੈਂਟ ਸੱਭਿਆਚਾਰ ਨੂੰ ਪ੍ਰੋਤਸਾਹਿਤ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਯੂਨੀਵਰਸਿਟੀਆਂ ਦੀ ਰੈਂਕਿੰਗ ਵਿੱਚ ਸੁਧਾਰ, ਖੋਜ ਅਤੇ ਨਵੀਨਤਾ ਨੂੰ ਪ੍ਰੋਤਸਾਹਨ ਦੇਣ ਅਤੇ ਅਧਿਆਪਕਾਂ ਦੀਆਂ ਖਾਲੀ ਅਸਾਮੀਆਂ 'ਤੇ ਜਲਦੀ ਭਰਤੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਮੀਟਿੰਗ ਵਿੱਚ 'ਆਟੋਨੋਮਸ ਏਆਈ ਡਿਜੀਟਲ ਕਾਲਜ' ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਗਈ। ਪੰਚਕੂਲਾ ਅਤੇ ਗੁਰੂਗ੍ਰਾਮ ਵਿੱਚ ਸਥਾਪਿਤ ਕੀਤੇ ਜਾਣ ਵਾਲੇ ਇਹ ਸੰਸਥਾਨ ਏਆਈ ਆਧਾਰਿਤ ਆਧੁਨਿਕ ਸਿੱਖਿਆ ਪ੍ਰਣਾਲੀ 'ਤੇ ਕੰਮ ਕਰਨਗੇ। ਮੁੱਖ ਮੰਤਰੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਤਕਨੀਕਾਂ ਦੇ ਅਨੁਸਾਰ ਤਿਆਰ ਕਰਨਾ ਸਮੇਂ ਦੀ ਮੰਗ ਹੈ। ਮੀਟਿੰਗ ਵਿੱਚ ਦੱਸਿਆ ਗਿਆ ਕਿ ਸਰਕਾਰੀ ਕਾਲਜਾਂ ਵਿੱਚ ਗ੍ਰੈਜੂਏਟ ਪੱਧਰ 'ਤੇ ਵਿਦਿਆਰਥਣਾਂ ਦੀ ਟਿਊਸ਼ਨ ਫੀਸ ਮੁਆਫ ਕੀਤੀ ਗਈ ਹੈ।

ਮੁੱਖ ਮੰਤਰੀ ਨੇ ਵਿਦਿਆਰਥੀਆਂ ਦੇ ਡ੍ਰੌਪਆਊਟ 'ਤੇ ਵਿਸ਼ੇਸ਼ ਨਿਗਰਾਨੀ ਰੱਖਣ ਅਤੇ ਉਨ੍ਹਾਂ ਨੂੰ ਮੁੜ ਸਿੱਖਿਆ ਦੀ ਮੁੱਖ ਧਾਰਾ ਨਾਲ ਜੋੜਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਇਹ ਵੀ ਕਿਹਾ ਕਿ ਆਰਥਿਕ ਕਾਰਨਾਂ ਕਰਕੇ ਕੋਈ ਵੀ ਵਿਦਿਆਰਥੀ ਸਿੱਖਿਆ ਤੋਂ ਵਾਂਝਾ ਨਾ ਰਹੇ, ਇਸ ਲਈ ਸਕਾਲਰਸ਼ਿਪ ਅਤੇ ਹੋਰ ਸਹਾਇਤਾ ਯੋਜਨਾਵਾਂ ਨੂੰ ਹੋਰ ਪ੍ਰਭਾਵੀ ਬਣਾਇਆ ਜਾਵੇ।

ਖੋਜ ਅਤੇ ਨਵੀਨਤਾ ਨੂੰ ਪ੍ਰੋਤਸਾਹਿਤ ਕਰਨ ਲਈ ਪੇਟੈਂਟ ਰਜਿਸਟ੍ਰੇਸ਼ਨ ਫੀਸ ਦੀ 100 ਫੀਸਦੀ ਅਦਾਇਗੀ (ਵੱਧ ਤੋਂ ਵੱਧ 50 ਹਜ਼ਾਰ ਰੁਪਏ ਤੱਕ) ਅਤੇ 10 ਕਰੋੜ ਰੁਪਏ ਦੇ 'ਉੱਚ ਸਿੱਖਿਆ ਗੁਣਵੱਤਾ ਅਤੇ ਖੋਜ ਕੋਸ਼' ਦੀ ਸਥਾਪਨਾ ਕੀਤੀ ਜਾ ਰਹੀ ਹੈ। ਨਾਲ ਹੀ ਐਨਸੀਸੀ, ਐਨਐਸਐਸ ਅਤੇ ਖੇਡ ਗਤੀਵਿਧੀਆਂ ਨੂੰ ਅਕਾਦਮਿਕ ਕ੍ਰੈਡਿਟ ਬੈਂਕ ਨਾਲ ਜੋੜਨ ਅਤੇ ਇੰਟਰਨਸ਼ਿਪ, ਅਪ੍ਰੈਂਟਿਸਸ਼ਿਪ ਅਤੇ ਪਲੇਸਮੈਂਟ ਲਈ ਏਕੀਕ੍ਰਿਤ ਡਿਜੀਟਲ ਪੋਰਟਲ ਵਿਕਸਤ ਕਰਨ 'ਤੇ ਕੰਮ ਕੀਤਾ ਜਾ ਰਿਹਾ ਹੈ।

ਮੀਟਿੰਗ ਵਿੱਚ ਵੱਖ-ਵੱਖ ਮੁੱਖ ਮੰਤਰੀ ਘੋਸ਼ਣਾਵਾਂ ਦੀ ਪ੍ਰਗਤੀ ਦੀ ਸਮੀਖਿਆ ਕਰਦਿਆਂ ਰੇਵਾੜੀ, ਨਾਰਨੌਲ ਅਤੇ ਹੋਰ ਖੇਤਰਾਂ ਵਿੱਚ ਚੱਲ ਰਹੇ ਵਿਦਿਅਕ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਬਾਰੇ ਜਾਣਕਾਰੀ ਦਿੱਤੀ ਗਈ। ਉਥੇ ਹੀ ਕੈਰੂ ਸਥਿਤ ਸਰਕਾਰੀ ਮਹਿਲਾ ਕਾਲਜ ਵਿੱਚ ਵਿਗਿਆਨ ਫੈਕਲਟੀ ਦੀਆਂ ਕਲਾਸਾਂ ਸ਼ੁਰੂ ਹੋ ਚੁੱਕੀਆਂ ਹਨ ਅਤੇ ਰਾਮਸ਼ਰਨ ਮਾਜਰਾ ਵਿੱਚ ਨਵਾਂ ਸਰਕਾਰੀ ਕਾਲਜ ਆਗਾਮੀ ਸੈਸ਼ਨ ਤੋਂ ਚਲਾਇਆ ਜਾਵੇਗਾ। ਮੁੱਖ ਮੰਤਰੀ ਨੇ 'ਅਵੱਲ ਬਾਲਿਕਾ ਯੋਜਨਾ' ਦੇ ਤਹਿਤ ਹੋਣਹਾਰ ਵਿਦਿਆਰਥਣਾਂ ਨੂੰ ਸਕੂਟੀ ਮੁਹੱਈਆ ਕਰਵਾਉਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੀਆਂ ਯੋਜਨਾਵਾਂ ਅਤੇ ਪ੍ਰੋਜੈਕਟਾਂ ਦੀ ਨਿਯਮਤ ਨਿਗਰਾਨੀ ਯਕੀਨੀ ਬਣਾਈ ਜਾਵੇ ਅਤੇ ਉਨ੍ਹਾਂ ਦਾ ਸਮਾਂਬੱਧ ਅਮਲ ਕੀਤਾ ਜਾਵੇ, ਤਾਂ ਜੋ ਹਰਿਆਣਾ ਨੂੰ ਉੱਚ ਸਿੱਖਿਆ, ਖੋਜ ਅਤੇ ਨਵੀਨਤਾ ਦੇ ਖੇਤਰ ਵਿੱਚ ਮੋਹਰੀ ਰਾਜ ਬਣਾਇਆ ਜਾ ਸਕੇ।

# ਸਿੰਚਾਈ ਮੰਤਰੀ ਦੇ ਯਤਨਾਂ ਨਾਲ ਖੇਤਰ ਵਿੱਚ 33.78 ਕਰੋੜ ਰੁਪਏ ਦੇ ਸਿੰਚਾਈ ਵਿਕਾਸ ਕਾਰਜਾਂ ਨੂੰ ਮਿਲੀ ਰਫ਼ਤਾਰ

**ਚੰਡੀਗੜ੍ਹ, 26 ਜੂਨ**
**-ਸ਼.ਅ.ਬਿਓਰੋ-**



ਸੂਬੇ ਦੀ ਸਿੰਚਾਈ ਅਤੇ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਸ਼ਰੂਤੀ ਚੌਧਰੀ ਦੇ ਯਤਨਾਂ ਨਾਲ ਜ਼ਿਲ੍ਹੇ ਵਿੱਚ, ਖਾਸ ਕਰਕੇ ਹਲਕਾ ਤੋਸ਼ਾਮ ਖੇਤਰ ਵਿੱਚ ਕਈ ਮਾਈਨਰਾਂ (ਛੋਟੀਆਂ ਨਹਿਰਾਂ) ਦੇ ਨਵੀਨੀਕਰਨ ਦੇ ਕਾਰਜਾਂ ਦੀ ਸੌਗਾਤ ਮਿਲੀ ਹੈ, ਜਿਸ ਨਾਲ ਕਿਸਾਨਾਂ ਨੂੰ ਸਿੱਧਾ ਲਾਭ ਹੋਵੇਗਾ। ਕਿਸਾਨਾਂ ਨੂੰ ਬਿਹਤਰ ਸਿੰਚਾਈ ਸਹੂਲਤਾਂ ਉਪਲਬਧ ਕਰਵਾਉਣ ਅਤੇ ਜਲ ਪ੍ਰਬੰਧਨ ਨੂੰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਵੱਖ-ਵੱਖ ਨਹਿਰਾਂ, ਮਾਈਨਰਾਂ, ਪੁਲਾਂ ਅਤੇ ਪਾਈਪਲਾਈਨ ਪ੍ਰੋਜੈਕਟਾਂ 'ਤੇ ਕਰੀਬ 33.78 ਕਰੋੜ ਰੁਪਏ ਖਰਚ ਕੀਤੇ ਜਾਣਗੇਸਿੰਚਾਈ ਮੰਤਰੀ ਸ਼ਰੂਤੀ ਚੌਧਰੀ ਨੇ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੇ ਹਿੱਤਾਂ ਲਈ ਵਚਨਬੱਧ ਹੈ ਅਤੇ ਸਿੰਚਾਈ ਵਿਵਸਥਾ ਨੂੰ ਆਧੁਨਿਕ ਅਤੇ ਮਜ਼ਬੂਤ ਬਣਾਉਣ ਲਈ ਲਗਾਤਾਰ ਕੰਮ ਕੀਤੇ ਜਾ ਰਹੇ ਹਨ। ਇਨ੍ਹਾਂ ਪ੍ਰੋਜੈਕਟਾਂ ਦੇ ਪੂਰਾ ਹੋਣ ਨਾਲ ਖੇਤਰ ਵਿੱਚ ਪਾਣੀ ਦੀ ਉਪਲਬਧਤਾ ਵਧੇਗੀ, ਸਿੰਚਾਈ ਵਿਵਸਥਾ ਵਿੱਚ ਸੁਧਾਰ ਹੋਵੇਗਾ ਅਤੇ ਕਿਸਾਨਾਂ ਨੂੰ ਸਿੱਧਾ ਲਾਭ ਮਿਲੇਗਾ। ਸਿੰਚਾਈ ਵਿਭਾਗ ਅਨੁਸਾਰ ਵੱਖ-ਵੱਖ ਪ੍ਰੋਜੈਕਟਾਂ 'ਤੇ ਕੁੱਲ 33 ਕਰੋੜ 78 ਲੱਖ 01 ਹਜ਼ਾਰ ਰੁਪਏ ਦੀ ਰਾਸ਼ੀ ਖਰਚ ਕੀਤੀ ਜਾਵੇਗੀ, ਜਿਸ ਨਾਲ ਭਿਵਾਨੀ ਜ਼ਿਲ੍ਹੇ ਦੇ ਕਈ ਪਿੰਡਾਂ ਨੂੰ ਲਾਭ ਹੋਵੇਗਾ।

ਸਿੰਚਾਈ ਮੰਤਰੀ ਦੇ ਨੁਮਾਇੰਦੇ ਅਤੇ ਸੀਨੀਅਰ ਭਾਜਪਾ ਨੇਤਾ ਐਡਵੋਕੇਟ ਹਰੀ ਸਿੰਘ ਸਾਂਗਵਾਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਆਲਮਪੁਰ ਮਾਈਨਰ, ਥਿਲੋੜ ਡਿਸਟ੍ਰੀਬਿਊਟਰੀ, ਡਾਡਮ ਡਿਸਟ੍ਰੀਬਿਊਟਰੀ, ਡਾਡਮ ਹਿੱਲ ਮਾਈਨਰ ਅਤੇ ਝਾਂਵਰੀ ਡਿਸਟ੍ਰੀਬਿਊਟਰੀ ਦੀ ਰੀਮਾਡਲਿੰਗ ਦਾ ਕੰਮ ਕੀਤਾ ਜਾਵੇਗਾ। ਇਸ ਤੋਂ ਇਲਾਵਾ ਨਿਗਾਣਾ ਨਹਿਰ ਅਤੇ ਨਿਗਾਣਾ ਫੀਡਰ 'ਤੇ ਪੁਲਾਂ ਦਾ ਨਿਰਮਾਣ, ਹੇਤਮਪੁਰਾ ਮਾਈਨਰ ਦੀ ਲਾਈਨਿੰਗ, ਪਟੌਦੀ ਕਲਾਂ ਦੇ ਸੀਤੂਵਾਲਾ ਤਲਾਬ ਤੱਕ ਦੇ ਖੇਤਰ ਤੱਕ ਭੂਮੀਗਤ ਆਰਸੀਸੀ ਪਾਈਪਲਾਈਨ ਅਤੇ ਸਿਸਰ ਮਾਈਨਰ ਦਾ ਨਵੀਨੀਕਰਨ ਕੀਤਾ ਜਾਵੇਗਾ।

ਕੈਬਨਿਟ ਮੰਤਰੀ ਸ਼ਰੂਤੀ ਚੌਧਰੀ ਅਤੇ ਸਾਬਕਾ ਸੰਸਦ ਮੈਂਬਰ ਕਿਰਨ ਚੌਧਰੀ ਦੇ ਨੁਮਾਇੰਦੇ ਐਡਵੋਕੇਟ ਹਰੀ ਸਿੰਘ ਸਾਂਗਵਾਨ, ਪ੍ਰਦੀਪ ਗੋਲਾਗੜ੍ਹ, ਪੰਚਾਇਤ ਕਮੇਟੀ ਦੇ ਵਾਈਸ ਚੇਅਰਮੈਨ ਸੁਨੀਲ ਭਾਰੀਵਾਸ, ਭਾਜਪਾ ਸੂਬਾ ਕਾਰਜਕਾਰਨੀ ਮੈਂਬਰ ਰਾਜਕੁਮਾਰ ਜਾਂਗੜਾ, ਸੁਖਬੀਰ ਚੇਅਰਮੈਨ, ਅਮਿਤ ਬਾਪੌੜਾ ਆਦਿ ਨੇ ਕਿਸਾਨਾਂ ਅਤੇ ਆਮ ਲੋਕਾਂ ਦੇ ਹਿੱਤ ਵਿੱਚ ਲਏ ਗਏ ਇਸ ਫੈਸਲੇ ਲਈ ਸੂਬੇ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਸਿੰਚਾਈ ਮੰਤਰੀ ਸ਼ਰੂਤੀ ਚੌਧਰੀ ਅਤੇ ਸਾਬਕਾ ਸੰਸਦ ਮੈਂਬਰ ਕਿਰਨ ਚੌਧਰੀ ਦਾ ਧੰਨਵਾਦ ਕੀਤਾ ਹੈ।

# ਪਲਸ ਪੋਲੀਓ ਰਾਸ਼ਟਰੀ ਟੀਕਾਕਰਨ ਮੁਹਿੰਮ ਦੀਆਂ ਤਿਆਰੀਆਂ ਸਬੰਧੀ ਮੀਟਿੰਗ

**ਚੰਡੀਗੜ੍ਹ, 26 ਜੂਨ**
**-ਸ਼.ਅ.ਬਿਓਰੋ-**

ਹਰਿਆਣਾ ਵਿੱਚ ਆਗਾਮੀ ਪਲਸ ਪੋਲੀਓ ਰਾਸ਼ਟਰੀ ਟੀਕਾਕਰਨ ਮੁਹਿੰਮ ਦੀਆਂ ਤਿਆਰੀਆਂ ਨੂੰ ਲੈ ਕੇ ਰਾਸ਼ਟਰੀ ਸਿਹਤ ਮਿਸ਼ਨ ਦੇ ਮੈਟਰਨਲ ਐਂਡ ਚਾਈਲਡ ਹੈਲਥ ਡਾਇਰੈਕਟਰ ਡਾ. ਵੀਰੇਂਦਰ ਯਾਦਵ ਦੀ ਅਗਵਾਈ ਹੇਠ ਇੱਕ ਮਹੱਤਵਪੂਰਨ ਵਰਚੁਅਲ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦਾ ਮੁੱਖ ਉਦੇਸ਼ 28 ਜੂਨ 2026 ਤੋਂ ਸ਼ੁਰੂ ਹੋਣ ਵਾਲੀ ਇਸ ਰਾਸ਼ਟਰਵਿਆਪੀ ਮੁਹਿੰਮ ਦੇ ਸਫਲ ਅਮਲ ਲਈ ਸਾਰੇ ਹਿੱਸੇਦਾਰਾਂ ਅਤੇ ਜ਼ਿਲ੍ਹਾ ਅਧਿਕਾਰੀਆਂ ਨਾਲ ਮਿਲ ਕੇ ਤਿਆਰੀਆਂ ਦੀ ਸਮੀਖਿਆ ਕਰਨਾ ਸੀ। ਮੀਟਿੰਗ ਵਿੱਚ ਰਾਜ ਦੇ ਸਾਰੇ ਸਿਵਲ ਸਰਜਨਾਂ, ਜ਼ਿਲ੍ਹਾ ਟੀਕਾਕਰਨ ਅਧਿਕਾਰੀਆਂ ,ਯੂਐਨਓ ਅਤੇ ਡੀਐਮਈਓ ਸਮੇਤ ਸਿਹਤ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ।

ਇਸ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਪੂਰੀ ਤਰ੍ਹਾਂ ਪ੍ਰਭਾਵਸ਼ਾਲੀ ਬਣਾਉਣ ਲਈ ਕਈ ਮਹੱਤਵਪੂਰਨ ਸਰਕਾਰੀ ਵਿਭਾਗਾਂ ਅਤੇ ਸਮਾਜਿਕ ਸੰਸਥਾਵਾਂ ਨੇ ਵੀ ਇਸ ਮੀਟਿੰਗ ਵਿੱਚ ਆਪਣੀ ਭਾਗੀਦਾਰੀ ਦਰਜ ਕਰਵਾਈ। ਇਸ ਵਿੱਚ ਮਹਿਲਾ ਅਤੇ ਬਾਲ ਵਿਕਾਸ, ਸਿੱਖਿਆ, ਪੰਚਾਇਤੀ ਰਾਜ, ਸ਼ਹਿਰੀ ਸਥਾਨਕ ਸੰਸਥਾਵਾਂ, ਕਿਰਤ, ਈਐਸਆਈ ,ਜਨ ਸੰਪਰਕ, ਆਯੂਸ਼, ਮੈਡੀਕਲ ਸਿੱਖਿਆ, ਆਵਾਜਾਈ ਅਤੇ ਰੇਲਵੇ ਵਰਗੇ ਪ੍ਰਮੁੱਖ ਵਿਭਾਗਾਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ।





